ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਯੂਨਿਟ ਖਰੜ ਦੀ ਹੋਈ ਮਹੀਨਾਵਾਰ ਮੀਟਿੰਗ 03

ਸਾਲ 2, ਅੰਕ 4 Ph (Mohali Office) : 0160-2990739; (M) : +91-98156-16078 ਐਤਵਾਰ, 4 ਅਕਤੂਬਰ 2026 (18 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਮਲੇਸ਼ੀਆ ਨੂੰ 5-1 ਨਾਲ ਹਰਾ ਕੇ ਭਾਰਤ ਨੇ ਲਗਾਤਾਰ ਦੂਜੀ ਵਾਰ ਜਿੱਤਿਆ ਹਾਕੀ ਗੋਲਡ

■ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਮਨਪ੍ਰੀਤ ਸਿੰਘ ਨੇ ਵੀ ਰਚਿਆ ਇਤਿਹਾਸ, ਪੰਜਾਬ ਦੇ ਖਿਡਾਰੀਆਂ ਦੇ ਘਰਾਂ ਵਿੱਚ ਜਸ਼ਨ

ਦੇਸ਼ ਪ੍ਰਦੇਸ਼ ਜਲੰਧਰ, 3 ਅਕਤੂਬਰ (ਜੇ ਐਸ ਸੰਧੂ/ਕੰਵਲਜੀਤ ਸਿੰਘ ਮੱਕੜ) : ਜਾਪਾਨ ਵਿੱਚ ਚੱਲ ਰਹੀਆਂ ਏਸ਼ੀਅਨ ਗੇਮਜ਼-2026 ਵਿੱਚ ਭਾਰਤੀ ਪੁਰਸ਼ ਹਾਕੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਫਾਈਨਲ ਮੁਕਾਬਲੇ ਵਿੱਚ ਮਲੇਸ਼ੀਆ ਨੂੰ 5-1 ਨਾਲ ਹਰਾ ਕੇ ਸੋਨ ਤਗਮਾ ਆਪਣੇ ਨਾਮ ਕਰ ਲਿਆ। ਇਸ ਜਿੱਤ ਨਾਲ ਭਾਰਤ ਨੇ ਏਸ਼ੀਅਨ ਗੇਮਜ਼ ਦੇ ਇਤਿਹਾਸ ਵਿੱਚ ਪਹਿਲੀ ਵਾਰ ਲਗਾਤਾਰ ਦੂਜੀ ਵਾਰ ਪੁਰਸ਼ ਹਾਕੀ ਦਾ ਸੋਨ ਤਗਮਾ ਜਿੱਤ ਕੇ ਨਵਾਂ ਇਤਿਹਾਸ ਰਚ ਦਿੱਤਾ। ਇਸ ਦੇ ਨਾਲ ਹੀ ਭਾਰਤੀ ਟੀਮ ਨੇ 2028 ਲਾਸ ਐਂਜਲਸ ਓਲੰਪਿਕ ਲਈ ਸਿੱਧੀ ਕੁਆਲੀਫਿਕੇਸ਼ਨ ਵੀ ਹਾਸਲ ਕਰ ਲਈ ਹੈ। ਇਸ ਇਤਿਹਾਸਕ ਜਿੱਤ ਨਾਲ ਭਾਰਤ ਦੇ ਏਸ਼ੀਅਨ ਗੇਮਜ਼ ਹਾਕੀ ਵਿੱਚ ਪੁਰਸ਼ ਵਰਗ ਦੇ ਸੋਨ ਤਗਮਿਆਂ ਦੀ ਗਿਣਤੀ ਪੰਜ ਹੋ ਗਈ ਹੈ। ਖਾਸ ਗੱਲ ਇਹ ਵੀ ਰਹੀ ਕਿ ਇਸ ਵਾਰ ਭਾਰਤ ਦੀਆਂ ਪੁਰਸ਼ ਅਤੇ ਮਹਿਲਾ ਦੋਵੇਂ ਹਾਕੀ ਟੀਮਾਂ ਨੇ ਸੋਨ ਤਗਮੇ ਜਿੱਤੇ ਹਨ। ਮਹਿਲਾ ਟੀਮ ਨੇ ਵੀ ਚੀਨ ਨੂੰ ਹਰਾ ਕੇ ਸੋਨ ਤਗਮਾ ਆਪਣੇ ਨਾਮ ਕੀਤਾ। ਫਾਈਨਲ ਵਿੱਚ ਕਪਤਾਨ ਹਰਮਨਪ੍ਰੀਤ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਬਾਕੀ ਸਫ਼ਾ 7 'ਤੇ

ਏਸ਼ੀਆਈ ਖੇਡਾਂ 2026: ਭਾਰਤੀ ਕ੍ਰਿਕਟ ਟੀਮ ਨੇ ਪਾਕਿਸਤਾਨ ਨੂੰ 19 ਦੌੜਾਂ ਨਾਲ ਹਰਾ ਕੇ ਲਗਾਤਾਰ ਦੂਜੀ ਵਾਰ ਜਿੱਤਿਆ ਸੋਨੇ ਦਾ ਤਮਗ਼ਾ

ਦੇਸ਼ ਪ੍ਰਦੇਸ਼ ਨਿਸ਼ਿਨ (ਜਪਾਨ), 3 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਭਾਰਤ ਨੇ ਏਸ਼ਿਆਈ ਖੇਡਾਂ 2026 ਦੇ ਪੁਰਸ਼ ਕ੍ਰਿਕਟ ਫਾਈਨਲ ਵਿੱਚ ਰਵਾਇਤੀ ਵਿਰੋਧੀ ਪਾਕਿਸਤਾਨ ਨੂੰ 19 ਦੌੜਾਂ ਨਾਲ ਹਰਾ ਕੇ ਸੋਨੇ ਦਾ ਤਮਗਾ ਜਿੱਤ ਲਿਆ। ਨਿਸ਼ਿਨ ਸਥਿਤ ਕੋਰੋਗੀ ਸਪੋਰਟਸ ਪਾਰਕ ਵਿੱਚ ਖੇਡੇ ਗਏ ਰੋਮਾਂਚਕ ਟੀ-20 ਫਾਈਨਲ ਵਿੱਚ ਭਾਰਤੀ ਟੀਮ ਨੇ ਸ਼ਾਨਦਾਰ ਬੱਲੇਬਾਜ਼ੀ ਅਤੇ ਗੇਂਦਬਾਜ਼ੀ ਦਾ ਪ੍ਰਦਰਸ਼ਨ ਕੀਤਾ। ਇਸ ਜਿੱਤ ਨਾਲ ਭਾਰਤ ਨੇ ਏਸ਼ਿਆਈ ਖੇਡਾਂ ਵਿੱਚ ਪੁਰਸ਼ ਕ੍ਰਿਕਟ ਦਾ ਆਪਣਾ ਖਿਤਾਬ ਵੀ ਸਫਲਤਾਪੂਰਵਕ ਬਰਕਰਾਰ ਰੱਖਿਆ।

ਭਾਰਤੀ ਕਪਤਾਨ ਸ਼੍ਰੇਅਸ ਅਈਅਰ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ। ਭਾਰਤ ਨੇ 20 ਓਵਰਾਂ ਵਿੱਚ 6 ਵਿਕਟਾਂ 'ਤੇ 211 ਦੌੜਾਂ ਦਾ ਵੱਡਾ ਸਕੋਰ ਖੜ੍ਹਾ ਕੀਤਾ। ਸਲਾਮੀ ਬੱਲੇਬਾਜ਼ ਅਭਿਸ਼ੇਕ ਸ਼ਰਮਾ ਨੇ ਸਿਰਫ਼ 28 ਗੇਂਦਾਂ 'ਤੇ 61 ਦੌੜਾਂ ਦੀ ਤੂਫ਼ਾਨੀ ਪਾਰੀ ਖੇਡੀ, ਜਿਸ ਵਿੱਚ 7 ਛੱਕੇ ਅਤੇ 3 ਚੌਕੇ ਸ਼ਾਮਲ ਸਨ।

ਪਾਰੀ ਦੇ ਅੰਤਲੇ ਪੜਾਅ ਵਿੱਚ ਤਿਲਕ ਵਰਮਾ ਨੇ ਧਮਾਕੇਦਾਰ ਬੱਲੇਬਾਜ਼ੀ ਕਰਦਿਆਂ ਸਿਰਫ਼ 22 ਗੇਂਦਾਂ 'ਤੇ ਨਾਬਾਦ 51 ਦੌੜਾਂ ਬਣਾਈਆਂ। ਸ਼ਿਵਮ ਦੁਬੇ ਨੇ ਵੀ 27 ਦੌੜਾਂ ਦੀ ਉਪਯੋਗੀ ਪਾਰੀ ਖੇਡ ਕੇ ਭਾਰਤ ਨੂੰ 200 ਦੌੜਾਂ ਤੋਂ ਪਾਰ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਦਿੱਤਾ। 212 ਦੌੜਾਂ ਦੇ ਟੀਚੇ ਦਾ ਪਿੱਛਾ ਕਰਨ ਉਤਰੀ ਪਾਕਿਸਤਾਨੀ ਟੀਮ ਦੀ ਸ਼ੁਰੂਆਤ ਚੰਗੀ ਨਹੀਂ ਰਹੀ। ਭਾਰਤੀ ਗੇਂਦਬਾਜ਼ਾਂ ਨੇ ਲਗਾਤਾਰ ਵਿਕਟਾਂ ਲੈ ਕੇ ਪਾਕਿਸਤਾਨ 'ਤੇ ਦਬਾਅ ਬਣਾਈ ਰੱਖਿਆ। ਹਾਲਾਂਕਿ ਹਸਨ ਨਵਾਜ਼ ਨੇ ਸ਼ਾਨਦਾਰ ਸੰਘਰਸ਼ ਕਰਦਿਆਂ 51 ਗੇਂਦਾਂ 'ਤੇ 96 ਦੌੜਾਂ ਬਣਾਈਆਂ ਅਤੇ ਮੈਚ ਨੂੰ ਆਖ਼ਰੀ ਓਵਰ ਤੱਕ ਰੋਮਾਂਚਕ ਬਣਾਈ ਰੱਖਿਆ।

ਭਾਰਤੀ ਗੇਂਦਬਾਜ਼ਾਂ ਨੇ ਆਖ਼ਰੀ ਪਲਾਂ ਵਿੱਚ ਸੰਯਮ ਬਣਾਈ ਰੱਖਿਆ। ਅਕਸ਼ਰ ਪਟੇਲ, ਵਾਸ਼ਿੰਗਟਨ ਸੁੰਦਰ ਅਤੇ ਸ਼ਿਵਮ ਦੁਬੇ ਨੇ ਮਹੱਤਵਪੂਰਨ ਵਿਕਟਾਂ ਹਾਸਲ ਕੀਤੀਆਂ। ਪਾਕਿਸਤਾਨ 20 ਓਵਰਾਂ ਵਿੱਚ 6 ਵਿਕਟਾਂ 'ਤੇ 192 ਦੌੜਾਂ ਤੱਕ ਹੀ ਪਹੁੰਚ ਸਕਿਆ ਅਤੇ ਭਾਰਤ ਨੇ 19 ਦੌੜਾਂ ਨਾਲ ਜਿੱਤ ਦਰਜ ਕਰਕੇ ਸੋਨੇ ਦਾ ਤਮਗਾ ਆਪਣੇ ਨਾਮ ਕਰ ਬਾਕੀ ਸਫ਼ਾ 7 'ਤੇ

ਫਾਈਨਲ ਮੁਕਾਬਲੇ 'ਚ ਉੱਤਰੀ ਕੋਰੀਆ ਦੇ ਪਹਿਲਵਾਨ ਨੂੰ ਹਰਾਕੇ ਅਮਨ ਸਹਿਰਾਵਤ ਨੇ ਜਿੱਤਿਆ ਸੋਨ ਤਮਗ਼ਾ





ਦੇਸ਼ ਪ੍ਰਦੇਸ਼ ਨਾਗੋਯਾ, 3 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਅਭਾਰਤ ਨੇ ਪੁਰਸ਼ ਕੁਸ਼ਤੀ ਵਿੱਚ ਇੱਕ ਹੋਰ ਸੋਨ ਤਗਮਾ ਹਾਸਲ ਕੀਤਾ ਹੈ। ਅਮਨ ਸਹਿਰਾਵਤ ਨੇ ਪੁਰਸ਼ਾਂ ਦੇ 57 ਕਿਲੋਗ੍ਰਾਮ ਵਰਗ ਵਿੱਚ ਉੱਤਰੀ ਕੋਰੀਆਈ ਪਹਿਲਵਾਨ ਚੋਂਗ ਸੋਂਗ ਹਾਨ ਨੂੰ 11-7 ਨਾਲ ਹਰਾ ਕੇ ਸੋਨ ਤਗਮਾ ਜਿੱਤਿਆ। ਇਹ ਭਾਰਤ ਦਾ ਕੁੱਲ ਮਿਲਾ ਕੇ 82ਵਾਂ ਅਤੇ 20ਵਾਂ ਸੋਨ ਤਗਮਾ ਹੈ। ਇਹ ਕੁਸ਼ਤੀ ਵਿੱਚ ਭਾਰਤ ਦਾ ਦੂਜਾ ਸੋਨ ਤਗਮਾ ਹੈ; ਇਸ ਤੋਂ ਪਹਿਲਾਂ ਸੁਜੀਤ ਕਲਕਲ ਨੇ ਸੋਨ ਤਗਮਾ ਜਿੱਤਿਆ ਸੀ। ਅਮਨ ਸਹਿਰਾਵਤ ਆਈਚੀ-ਨਾਗੋਯਾ ਵਿੱਚ ਪੁਰਸ਼ਾਂ ਦੇ 57 ਕਿਲੋਗ੍ਰਾਮ ਫ੍ਰੀਸਟਾਈਲ ਕੁਸ਼ਤੀ ਫਾਈਨਲ ਵਿੱਚ ਉੱਤਰੀ ਕੋਰੀਆ ਦੇ ਹਾਨ ਚੋਂਗ-ਸੋਂਗ ਦਾ ਸਾਹਮਣਾ ਕਰਨ ਲਈ ਤਿਆਰ ਸੀ। ਓਲੰਪਿਕ ਵਿੱਚ ਕਾਂਸੀ ਦਾ ਤਗਮਾ ਜਿੱਤਣ ਵਾਲੇ ਅਮਨ ਨੇ ਤਾਜਿਕਸਤਾਨ ਦੇ ਆਇਆਲ ਬੇਲੋਲਿਊਬਸਕੀ ਨੂੰ 14-8 ਨਾਲ ਹਰਾ ਕੇ ਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕੀਤੀ ਸੀ। ਇਸ ਤੋਂ ਪਹਿਲਾਂ, ਉਸਨੇ ਜਾਪਾਨ ਦੇ ਯਾਮਾਤੋ ਓਗਾਵਾ ਨੂੰ 20-0 ਅਤੇ ਕਜ਼ਾਕਿਸਤਾਨ ਦੇ ਨੂਰਦਾਉਲੇਤ ਆਈਤਾਨੋਵ ਨੂੰ 12-1 ਨਾਲ ਹਰਾਇਆ ਸੀ। ਇਸ ਤੋਂ ਇਲਾਵਾ ਦੀਪਕ ਪੂਨੀਆ ਨੇ ਪੁਰਸ਼ਾਂ ਦੇ 97 ਕਿਲੋਗ੍ਰਾਮ ਕੁਸ਼ਤੀ ਵਰਗ ਵਿੱਚ ਕਾਂਸੀ ਦਾ ਤਗਮਾ ਜਿੱਤਿਆ ਹੈ। ਸੈਮੀਫਾਈਨਲ ਵਿੱਚ ਹਾਰਨ ਤੋਂ ਬਾਅਦ, ਉਸਨੂੰ ਕਾਂਸੀ ਦੇ ਤਗਮੇ ਲਈ ਮੁਕਾਬਲਾ ਕਰਨਾ ਪਿਆ। ਉਸਨੇ ਕਾਂਸੀ ਦੇ ਤਗਮੇ ਦੇ ਮੁਕਾਬਲੇ ਵਿੱਚ ਮੰਗੋਲੀਆਈ ਪਹਿਲਵਾਨ ਗਾਨਖੁਯਾਗ ਬਾਕੀ ਸਫ਼ਾ 7 'ਤੇ

ਨਸ਼ੇ ਤੇ ਅਪਰਾਧ ਖ਼ਿਲਾਫ਼ ਡਟ ਕੇ ਕਾਰਵਾਈ ਕਰਨ ਵਾਲੇ ਪੁਲਿਸ ਅਧਿਕਾਰੀਆਂ ਦਾ ਸਨਮਾਨ

ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਬਹਾਦਰ ਪੁਲਿਸ ਅਧਿਕਾਰੀਆਂ ਨੂੰ ਨਕਦ ਇਨਾਮ

ਦੇਸ਼ ਪ੍ਰਦੇਸ਼ ਜਲੰਧਰ, 3 ਅਕਤੂਬਰ (ਜੇ ਐਸ ਸੰਧੂ/ਕੰਵਲਜੀਤ ਸਿੰਘ ਮੱਕੜ/ ਪ੍ਰਦੀਪ ਰਾਜਾ) : ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਅਤੇ ਨਸ਼ਿਆਂ ਤੇ ਅਪਰਾਧਾਂ ਖ਼ਿਲਾਫ਼ ਪ੍ਰਭਾਵਸ਼ਾਲੀ ਕਾਰਵਾਈ ਕਰਨ ਵਾਲੇ ਪੁਲਿਸ ਅਧਿਕਾਰੀਆਂ ਦੀ ਹੌਸਲਾ-ਅਫ਼ਜ਼ਾਈ ਲਈ ਉਨ੍ਹਾਂ ਨੂੰ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਮਹਾਰਾਜਾ ਰਣਜੀਤ ਸਿੰਘ ਪੁਲਿਸ ਅਕੈਡਮੀ, ਫਿਲੌਰ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ਿਰਕਤ ਕਰਦਿਆਂ ਪੁਲਿਸ ਅਧਿਕਾਰੀਆਂ ਦਾ ਹੌਸਲਾ ਵਧਾਇਆ ਅਤੇ ਉਨ੍ਹਾਂ ਨੂੰ ਜਨਤਾ ਦੀ ਸੁਰੱਖਿਆ ਲਈ ਪੂਰੀ ਨਿਡਰਤਾ ਤੇ ਇਮਾਨਦਾਰੀ ਨਾਲ ਕੰਮ ਕਰਨ ਦਾ ਸੰਦੇਸ਼ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਪੁਲਿਸ ਵਿਭਾਗ ਦੇ ਉਹ ਅਧਿਕਾਰੀ, ਜਿਨ੍ਹਾਂ ਨੇ ਆਪਣੀ ਡਿਊਟੀ ਦੌਰਾਨ ਬਹਾਦਰੀ, ਸਮਰਪਣ ਅਤੇ ਸ਼ਾਨਦਾਰ ਕਾਰਗੁਜ਼ਾਰੀ ਦਾ ਪ੍ਰਦਰਸ਼ਨ ਕੀਤਾ ਹੈ, ਉਨ੍ਹਾਂ ਦੀਆਂ ਸੇਵਾਵਾਂ ਨੂੰ ਮਾਨਤਾ ਦੇਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਥਾਣਾ ਪੱਧਰ ਅਤੇ ਡੀਐੱਸਪੀ ਪੱਧਰ 'ਤੇ ਤਾਇਨਾਤ ਅਧਿਕਾਰੀ ਸਿੱਧੇ ਤੌਰ 'ਤੇ ਲੋਕਾਂ ਨਾਲ ਜੁੜੇ ਹੁੰਦੇ ਹਨ ਅਤੇ ਕਾਨੂੰਨ-ਵਿਵਸਥਾ ਕਾਇਮ ਰੱਖਣ ਵਿੱਚ ਉਨ੍ਹਾਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਉਨ੍ਹਾਂ ਪੁਲਿਸ ਅਧਿਕਾਰੀਆਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ, ਜੋ ਪੂਰੀ ਇਮਾਨਦਾਰੀ, ਹਿੰਮਤ ਅਤੇ ਨਿਰਪੱਖਤਾ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਂਦੇ ਹਨ। ਉਨ੍ਹਾਂ ਕਿਹਾ ਕਿ ਪੁਲਿਸ ਦਾ ਮਨੋਬਲ ਉੱਚਾ ਰੱਖਣਾ ਸਰਕਾਰ ਦੀ ਬਾਕੀ ਸਫ਼ਾ 7 'ਤੇ

ਵਿਰਸਾ ਸਿੰਘ ਵਲਟੋਹਾ ਨੇ ਕਥਿਤ ਆਡੀਓ ਨੂੰ ਦੱਸਿਆ ਏਆਈ ਜੈਨਰੇਟਡ

ਦੇਸ਼ ਪ੍ਰਦੇਸ਼ ਅੰਮ੍ਰਿਤਸਰ, 3 ਅਕਤੂਬਰ (ਮੋਹਕਮ ਸਿੰਘ) : ਸੀਨੀਅਰ ਅਕਾਲੀ ਆਗੂ ਤੇ ਸਾਬਕਾ ਵਿਧਾਇਕ ਵਿਰਸਾ ਸਿੰਘ ਵਲਟੋਹਾ ਨੇ ਬਹਿਰੀਨ ਦੀ ਮਹਿਲਾ ਨਾਲ ਸਬੰਧਤ ਕਥਿਤ ਆਡੀਓ ਰਿਕਾਰਡਿੰਗ ਨੂੰ ਲੈ ਕੇ ਆਮ ਆਦਮੀ ਪਾਰਟੀ ਅਤੇ ਆਪ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ ਹਨ। ਪ੍ਰੈੱਸ ਕਾਨਫ਼ਰੰਸ ਦੌਰਾਨ ਵਲਟੋਹਾ ਨੇ ਦੋਸ਼ ਲਾਇਆ ਕਿ ਸਰਕਾਰ ਭਖਦੇ ਮੁੱਦਿਆਂ ਦਾ ਜਵਾਬ ਦੇਣ ਦੀ ਬਜਾਏ ਸ਼੍ਰੋਮਣੀ ਅਕਾਲੀ ਦਲ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਿਰ ਕਰੀਬ 4 ਲੱਖ ਕਰੋੜ ਰੁਪਏ ਦਾ ਕਰਜ਼ਾ ਹੋਣ ਦੇ ਬਾਵਜੂਦ ਸਰਕਾਰ ਇਨ੍ਹਾਂ ਮੁੱਦਿਆਂ 'ਤੇ ਜਵਾਬ ਦੇਣ ਦੀ ਥਾਂ ਸਿਆਸੀ ਮਾਮਲਿਆਂ ਨੂੰ ਉਭਾਰ ਰਹੀ ਹੈ। 'ਆਪ' ਦੇ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂ ਵੱਲੋਂ ਜਾਰੀ ਕੀਤੀ ਗਈ ਕਥਿਤ ਆਡੀਓ 'ਤੇ ਪ੍ਰਤੀਕਿਰਿਆ ਦਿੰਦਿਆਂ ਵਲਟੋਹਾ ਨੇ ਦਾਅਵਾ ਕੀਤਾ ਕਿ ਇਹ ਏਆਈ ਜੈਨਰੇਟਡ ਹੈ। ਉਨ੍ਹਾਂ ਇਸ ਦੀ ਨਿਰਪੱਖ ਜਾਂਚ ਸੁਪਰੀਮ ਕੋਰਟ ਜਾਂ ਹਾਈਕੋਰਟ ਦੇ ਸਿਟਿੰਗ ਜੱਜ ਤੋਂ ਕਰਵਾਉਣ ਦੀ ਮੰਗ ਕੀਤੀ। ਵਲਟੋਹਾ ਨੇ ਪੰਜਾਬ ਪੁਲਿਸ ਦੀ ਜਾਂਚ 'ਤੇ ਵੀ ਅਵਿਸ਼ਵਾਸ ਜ਼ਾਹਰ ਕੀਤਾ। ਉਨ੍ਹਾਂ ਬਹਿਰੀਨ ਦੀ ਮਹਿਲਾ 'ਤੇ 'ਆਪ' ਦੇ ਹੱਥਾਂ ਦੀ ਕਠਪੁਤਲੀ ਬਣਨ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਜੇਕਰ ਕੋਈ ਅਕਾਲੀ ਆਗੂ ਉਸ ਨੂੰ ਪੰਜਾਬ ਲਿਆਉਣ ਜਾਂ ਉਸ ਦੀਆਂ ਟਿਕਟਾਂ ਬੁੱਕ ਕਰਵਾਉਣ ਵਿੱਚ ਸ਼ਾਮਲ ਹੋਣ ਦਾ ਸਬੂਤ ਪੇਸ਼ ਕਰੇ ਤਾਂ ਉਹ ਜਨਤਕ ਤੌਰ 'ਤੇ ਮੁਆਫ਼ੀ ਮੰਗਣਗੇ।

ਹਾਈਕੋਰਟ ਜਾਂ ਸੁਪਰੀਮ ਕੋਰਟ ਦੇ ਜੱਜ ਤੋਂ ਜਾਂਚ ਦੀ ਮੰਗ

ਰੂਸੀ ਫੌਜ 'ਚ ਭਾਰਤੀਆਂ ਦੀ ਭਰਤੀ ਮਾਮਲੇ 'ਤੇ ਭਾਰਤ ਦਾ ਸਖ਼ਤ ਰੁਖ

140 ਨਾਗਰਿਕ ਵਾਪਸ ਲਿਆਂਦੇ , ਬਾਕੀ 55 ਨੂੰ ਲਿਆਉਣ ਲਈ ਯਤਨ ਤੇਜ਼

ਦੇਸ਼ ਪ੍ਰਦੇਸ਼ ਨਵੀਂ ਦਿੱਲੀ, 3 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਰੂਸ-ਯੂਕਰੇਨ ਜੰਗ ਦੌਰਾਨ, ਭਾਰਤ-ਰੂਸ ਸਲਾਹਕਾਰ ਕਮੇਟੀ ਦੀ ਮੀਟਿੰਗ ਵਿੱਚ ਰੂਸੀ ਫੌਜ ਵਿੱਚ ਭਾਰਤੀ ਨਾਗਰਿਕਾਂ ਦੀ ਭਰਤੀ ਦਾ ਮੁੱਦਾ ਪ੍ਰਮੁੱਖਤਾ ਨਾਲ ਉਠਾਇਆ ਗਿਆ। ਭਾਰਤ ਸਰਕਾਰ ਨੇ ਕਿਹਾ ਕਿ ਰੂਸੀ ਫੌਜ ਵਿੱਚ ਸੇਵਾ ਨਿਭਾ ਰਹੇ ਭਾਰਤੀਆਂ ਨੂੰ ਜਲਦੀ ਤੋਂ ਜਲਦੀ ਵਾਪਸ ਲਿਆਉਣ ਲਈ ਰੂਸੀ ਅਧਿਕਾਰੀਆਂ ਨਾਲ ਲਗਾਤਾਰ ਗੱਲਬਾਤ ਚੱਲ ਰਹੀ ਹੈ ਅਤੇ ਇਹ ਮਾਮਲਾ ਉੱਚ ਪੱਧਰ 'ਤੇ ਵੀ ਉਠਾਇਆ ਗਿਆ ਹੈ। ਹੁਣ ਤੱਕ, ਲਗਭਗ 140 ਭਾਰਤੀ ਨਾਗਰਿਕਾਂ ਨੂੰ ਰੂਸੀ ਫੌਜ ਤੋਂ ਰਿਹਾਅ ਕਰਵਾਇਆ ਜਾ ਚੁੱਕਾ ਹੈ। ਇਸ ਦੌਰਾਨ, ਅਧਿਕਾਰੀ ਰੂਸੀ ਫੌਜ ਵਿੱਚ ਸੇਵਾ ਨਿਭਾ ਰਹੇ ਹੋਰ 55 ਭਾਰਤੀ ਨਾਗਰਿਕਾਂ ਬਾਰੇ ਰੂਸੀ ਅਧਿਕਾਰੀਆਂ ਦੇ ਸੰਪਰਕ ਵਿੱਚ ਹਨ। ਭਾਰਤ ਵਿੱਚ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਉਨ੍ਹਾਂ ਬੇਈਮਾਨ ਏਜੰਟਾਂ ਵਿਰੁੱਧ ਵੀ ਸਖ਼ਤ ਕਾਰਵਾਈ ਕਰ ਰਹੀਆਂ ਹਨ ਜੋ ਭਾਰਤੀਆਂ ਨੂੰ ਗੁੰਮਰਾਹ ਕਰਨ ਅਤੇ ਉਨ੍ਹਾਂ ਦੀ ਰੂਸੀ ਫੌਜ ਵਿੱਚ ਭਰਤੀ ਦੀ ਸਹੂਲਤ ਦੇਣ ਵਿੱਚ ਸ਼ਾਮਲ ਹਨ। ਭਾਰਤ-ਰੂਸ ਸਲਾਹਕਾਰ ਕਮੇਟੀ ਦੀ ਮੀਟਿੰਗ ਵਿੱਚ ਯੂਕਰੇਨ ਸੰਘਰਸ਼ ਨੂੰ ਖਤਮ ਕਰਨ ਅਤੇ ਸ਼ਾਂਤੀ ਬਹਾਲ ਕਰਨ ਲਈ ਭਾਰਤ ਦੇ ਹਾਲੀਆ ਯਤਨਾਂ 'ਤੇ ਵੀ ਵਿਸਥਾਰਪੂਰਵਕ ਚਰਚਾ ਕੀਤੀ ਗਈ। ਬਿਸ਼ਕੇਕ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਵਿਚਕਾਰ ਹੋਈ ਮੁਲਾਕਾਤ ਦਾ ਵੀ ਜ਼ਿਕਰ ਕੀਤਾ ਗਿਆ। ਉਸ ਮੁਲਾਕਾਤ ਦੌਰਾਨ, ਪ੍ਰਧਾਨ ਮੰਤਰੀ ਮੋਦੀ ਨੇ ਸਪੱਸ਼ਟ ਤੌਰ 'ਤੇ ਕਿਹਾ ਸੀ ਕਿ ਬੇਅੰਤ ਜੰਗ ਦਾ ਦੌਰ ਖਤਮ ਹੋਣਾ ਚਾਹੀਦਾ ਹੈ ਅਤੇ ਸੰਘਰਸ਼ ਦੀ ਬਜਾਏ ਸ਼ਾਂਤੀ ਵੱਲ ਵਧਣਾ ਜ਼ਰੂਰੀ ਹੈ। ਮੀਟਿੰਗ ਦੌਰਾਨ ਵਿਦੇਸ਼ ਮੰਤਰੀ ਦੇ ਪਿਛਲੇ ਮਹੀਨੇ ਯੂਕਰੇਨ ਦੌਰੇ 'ਤੇ ਵੀ ਚਾਨਣਾ ਪਾਇਆ ਗਿਆ। ਇਸ ਬਾਕੀ ਸਫ਼ਾ 7 'ਤੇ

'ਕਾਂਗਰਸ 'ਚ ਕੋਈ ਧੜੇਬੰਦੀ ਨਹੀਂ' : ਪਰਗਟ ਸਿੰਘ

ਦੇਸ਼ ਪ੍ਰਦੇਸ਼ ਚੰਡੀਗੜ੍ਹ, 3 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਕਾਂਗਰਸ ਦੇ ਨਵੇਂ ਨਿਯੁਕਤ ਸੂਬਾ ਪ੍ਰਧਾਨ ਪਰਗਟ ਸਿੰਘ ਨ

ਦਿਆਲਪੁਰਾ ਭਾਈਕਾ 'ਚ 18 ਲੱਖ ਦੀ ਪਾਈਪਲਾਈਨ ਸਮੇਤ ਜਿੰਮ ਤੇ ਗਲੀਆਂ ਦੇ ਕੰਮਾਂ ਦਾ ਉਦਘਾਟਨ

ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨਾ ਸਰਕਾਰ ਦੀ ਤਰਜੀਹ : ਬਲਕਾਰ ਸਿੰਘ ਸਿੱਧੂ

ਭਗਤਾ ਭਾਈਕਾ, 3 ਅਕਤੂਬਰ (ਸਿਕੰਦਰ ਸਿੰਘ ਕੋਇਰ ਸਿੰਘ ਵਾਲਾ): ਪਿੰਡ ਦਿਆਲਪੁਰਾ ਭਾਈਕਾ ਵਿਖੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਂਦਿਆਂ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਗੰਦੇ ਪਾਣੀ ਦੀ ਨਿਕਾਸੀ ਲਈ 18 ਲੱਖ ਰੁਪਏ ਦੀ ਲਾਗਤ ਨਾਲ ਪਾਈਪਲਾਈਨ ਦੇ ਕੰਮ ਦਾ ਉਦਘਾਟਨ ਕੀਤਾ। ਇਸ ਦੇ ਨਾਲ ਪਿੰਡ ਵਿੱਚ ਬਣ ਕੇ ਤਿਆਰ ਹੋਈਆਂ ਵੱਖ-ਵੱਖ ਗਲੀਆਂ, ਜਿੰਮ ਅਤੇ ਆਂਗਣਵਾੜੀ ਕੇਂਦਰ ਵਿੱਚ ਬਣੇ ਸਟੇਰ ਦਾ ਵੀ ਉਦਘਾਟਨ ਕੀਤਾ ਗਿਆ।ਇਸ ਮੌਕੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਬੁਨਿਆਦੀ ਸਹੂਲਤਾਂ ਨੂੰ ਪਹਿਲ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਗੰਦੇ ਪਾਣੀ ਦੀ ਨਿਕਾਸੀ ਲਈ ਪਾਈਪਲਾਈਨ ਦਾ ਕੰਮ ਮੁਕੰਮਲ ਹੋਣ ਨਾਲ ਪਿੰਡ ਵਾਸੀਆਂ ਨੂੰ ਪਾਣੀ ਦੀ ਨਿਕਾਸੀ ਨਾਲ ਜੁੜੀ ਸਮੱਸਿਆ ਤੋਂ ਰਾਹਤ ਮਿਲੇਗੀ। ਇਸੇ ਤਰ੍ਹਾਂ ਗਲੀਆਂ ਦੇ ਬਣਨ ਨਾਲ ਲੋਕਾਂ ਦੀ ਆਵਾਜਾਈ ਸੁਖਾਲੀ ਹੋਵੇਗੀ।ਉਨ੍ਹਾਂ ਕਿਹਾ ਕਿ ਪਿੰਡ ਵਿੱਚ ਬਣਾਇਆ ਗਿਆ ਜਿੰਮ ਨੌਜਵਾਨਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਅਤੇ ਉਨ੍ਹਾਂ ਨੂੰ ਖੇਡਾਂ ਤੇ ਕਸਰਤ ਨਾਲ ਜੋੜਨ ਵਿੱਚ ਸਹਾਈ ਹੋਵੇਗਾ। ਆਂਗਣਵਾੜੀ ਕੇਂਦਰ ਵਿੱਚ ਬਣੇ ਸਟੇਰ ਨਾਲ ਵੀ ਕੇਂਦਰ ਦੀਆਂ ਲੋੜਾਂ ਪੂਰੀਆਂ ਕਰਨ ਵਿੱਚ ਸਹੂਲਤ ਮਿਲੇਗੀ। ਵਿਧਾਇਕ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਵੱਲੋਂ ਦੱਸੀਆਂ ਜਾ ਰਹੀਆਂ ਜ਼ਰੂਰੀ ਲੋੜਾਂ ਨੂੰ ਤਰਜੀਹ ਦੇ ਕੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਵਿਧਾਇਕ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਨੂੰ ਬੁਨਿਆਦੀ ਸਹੂਲਤਾਂ ਨਾਲ ਜੋੜਨ ਲਈ ਵੱਖ-ਵੱਖ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦਾ ਮਕਸਦ ਲੋਕਾਂ ਨੂੰ ਉਨ੍ਹਾਂ ਦੇ ਰੋਜ਼ਾਨਾ ਜੀਵਨ ਨਾਲ ਜੁੜੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਹੈ ਅਤੇ ਇਸ ਦਿਸ਼ਾ ਵਿੱਚ ਲੋੜ ਅਨੁਸਾਰ ਹੋਰ ਕੰਮ ਵੀ ਕਰਵਾਏ ਜਾਣਗੇ।ਇਸ ਮੌਕੇ ਪਿੰਡ ਵਾਸੀਆਂ ਨੇ ਦੱਸਿਆ ਕਿ ਨਿਕਾਸੀ ਪ੍ਰਬੰਧ, ਗਲੀਆਂ ਅਤੇ ਹੋਰ ਸਹੂਲਤਾਂ ਨਾਲ ਜੁੜੇ ਕੰਮ ਪਿੰਡ ਦੀਆਂ ਲੰਮੇ ਸਮੇਂ ਤੋਂ ਚੱਲੀਆਂ ਆ ਰਹੀਆਂ ਲੋੜਾਂ ਵਿੱਚ ਸ਼ਾਮਲ ਸਨ। ਉਨ੍ਹਾਂ ਕਰਵਾਏ ਗਏ ਕੰਮਾਂ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਤੇ ਵਿਧਾਇਕ ਬਲਕਾਰ ਸਿੰਘ ਸਿੱਧੂ ਦਾ ਧੰਨਵਾਦ ਕੀਤਾ। ਪਿੰਡ ਵਾਸੀਆਂ ਨੇ ਪਿੰਡ ਦੀਆਂ ਹੋਰ ਜ਼ਰੂਰੀ ਮੰਗਾਂ ਵੀ ਵਿਧਾਇਕ ਦੇ ਧਿਆਨ ਵਿੱਚ ਲਿਆਂਦੀਆਂ।

ਐਡਵੋਕੇਟ ਅਮਿਤ ਕੱਕੜ ਨੇ ਲੱਭਿਆ ਆਈ ਫੋਨ ਵਾਪਸ ਕਰਕੇ ਦਿਖਾਈ ਇਮਾਨਦਾਰੀ



ਫਾਜ਼ਿਲਕਾ, 3 ਅਕਤੂਬਰ (ਮਨੋਜ ਕੁਮਾਰ) ਜਿਥੇ ਕਿ ਲੋਕ ਚੰਦ ਪੈਸਿਆਂ ਦੀ ਖਾਤਰ ਆਪਣਾ ਇਮਾਨ ਭੁੱਲ ਜਾਂਦੇ ਹਨ। ਪਰ ਅੱਜ ਦੇ ਸਮੇਂ ਕੁੱਝ ਲੋਕ ਅਜਿਹੇ ਵੀ ਜ਼ਿਨ੍ਹਾਂ ਦੇ ਅੰਦਰ ਹਾਂਲੇ ਵੀ ਇਮਾਨਦਾਰੀ ਜਿੰਦਾ ਹੈ। ਇਸੇ ਤਰ੍ਹਾਂ ਹੀ ਜਲਾਲਾਬਾਦ ਦੇ ਸੀਨੀਅਰ ਐਡਵੋਕੇਟ ਅਮਿੱਤ ਕੱਕੜ ਨੇ ਨੇ ਲੱਭਿਆ ਆਈ ਫੋਨ ਵਾਪਸ ਕਰਕੇ ਇਮਾਨਦਾਰੀ ਦੀ ਮਿਸਾਲ ਕਾਇਮ ਕੀਤੀ ਹੈ। ਜਾਣਕਾਰੀ ਦਿੰਦੇ ਹੋਏ ਐਡਵੋਕੇਟ ਅਮਿਤ ਕੱਕੜ ਨੇ ਦੱਸਿਆ ਕਿ ਬੀਤੀ ਰਾਤ ਨੂੰ ਕਰੀਬ 8 ਵਜੇ ਦੇ ਕਰੀਬ ਥਾਣਾ ਬਜ਼ਾਰ 'ਚ ਸੈਰ ਕਰ ਰਹੇ ਸਨ ਤਾਂ ਉਨ੍ਹਾਂ ਨੂੰ ਇੱਕ ਆਈ ਫੋਨ ਲੱਭਿਆ। ਐਡਵੋਕੇਟ ਅਮਿਤ ਕੱਕੜ ਨੇ ਦੱਸਿਆ ਕਿ ਜਿਸਤੋਂ ਬਾਅਦ ਉਸ ਦੇ ਵੱਲੋਂ ਮਾਲਕ ਦੀ ਕਾਫੀ ਭਾਲ ਕਰਨ ਤੇ ਆਈ ਫੋਨ ਦਾ ਮਾਲਕ ਅਰਮਾਨ ਸਿੱਧੂ ਮਿਲ ਗਿਆ ਅਤੇ ਉਸ ਨੂੰ ਬਿਨ੍ਹਾਂ ਲਾਲਚ ਦੇ ਫੋਨ ਵਾਪਸ ਕਰ ਦਿੱਤਾ ਹੈ। ਆਈ ਫੋਨ ਦੇ ਮਾਲਕ ਅਰਮਾਨ ਸਿੱਧੂ ਝੁੱਗੇ ਤੇਲੀਆ ਵਾਲਾ ਨੇ ਬਾਰ ਐਸੋਸੀਏਸ਼ਨ ਜਲਾਲਾਬਾਦ ਦੇ ਵਾਇਸ ਪ੍ਰਧਾਨ ਐਡਵੋਕੇਟ ਅਮਿਤ ਕੱਕੜ ਦਾ ਧੰਨਵਾਦ ਕਰਦੇ ਹੋਏ ਸਮਾਜ ਨੂੰ ਚੰਗੀ ਸੇਧ ਦੇਣ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅੱਜ ਵੀ ਇਮਾਨਦਾਰੀ ਜਿੰਦਾ ਹੈ।

ਫਰੀਦਕੋਟ 'ਚ ਨਸ਼ਾ ਛੱਡਣ ਵਾਲਿਆਂ ਲਈ ਅਰਸ਼ ਸੱਚਰ ਦਾ ਵੱਡਾ ਉਪਰਾਲਾ ਇਲਾਜ ਤੋਂ ਦਾਖਲੇ ਤੱਕ ਅਰਸ਼ ਸੱਚਰ ਦੀ ਟੀਮ ਦੇਵੇਗੀ ਸਾਥ - ਅਰਸ਼ ਸੱਚਰ

ਫਰੀਦਕੋਟ:3 ਅਕਤੂਬਰ ਗੁਰਪ੍ਰੀਤ ਸਿੰਘ ਔਲਖ) ਨਸ਼ੇ ਨਾਲ ਜੂਝ ਰਹੇ ਵਿਅਕਤੀਆਂ ਨੂੰ ਮੁੜ ਸਿਹਤਮੰਦ ਅਤੇ ਸਨਮਾਨਜਨਕ ਜੀਵਨ ਵੱਲ ਲਿਆਉਣ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਹਾਰਾ ਦੇਣ ਦੇ ਉਦੇਸ਼ ਨਾਲ ਅਰਸ਼ ਸੱਚਰ ਅਤੇ ਉਨ੍ਹਾਂ ਦੀ ਸੇਵਾ ਟੀਮ ਵੱਲੋਂ ਨਸ਼ਾ ਮੁਕਤ ਫਰੀਦਕੋਟ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ। ਇਸ ਮੁਹਿੰਮ ਤਹਿਤ ਫਰੀਦਕੋਟ ਵਿਧਾਨ ਸਭਾ ਹਲਕੇ ਦੇ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਪਰਿਵਾਰਾਂ ਤੱਕ ਪਹੁੰਚਣ ਦੀ ਕੋਸ਼ਿਸ਼ ਕੀਤੀ ਜਾਵੇਗੀ, ਜਿਨ੍ਹਾਂ ਦਾ ਕੋਈ ਮੈਂਬਰ ਨਸ਼ਾ ਛੱਡਣਾ ਚਾਹੁੰਦਾ ਹੈ ਪਰ ਇਲਾਜ, ਦਾਖਲੇ ਜਾਂ ਸਹੀ ਮਾਰਗਦਰਸ਼ਨ ਦੀ ਘਾਟ ਕਾਰਨ ਅੱਗੇ ਨਹੀਂ ਵੱਧ ਪਾ ਰਿਹਾ। ਅਰਸ਼ ਸੱਚਰ ਨੇ ਕਿਹਾ ਕਿ ਅਜਿਹਾ ਕੋਈ ਵੀ ਵਿਅਕਤੀ ਜਾਂ ਉਸਦਾ ਪਰਿਵਾਰ ਬਿਨਾਂ ਕਿਸੇ ਝਿਜਕ ਦੇ ਸੇਵਾ ਟੀਮ ਨਾਲ ਸੰਪਰਕ ਕਰ ਸਕਦਾ ਹੈ। ਲੋੜ ਅਨੁਸਾਰ ਸਰਕਾਰੀ ਜਾਂ ਮਾਨਤਾ ਪ੍ਰਾਪਤ ਨਸ਼ਾ ਮੁਕਤੀ ਕੇਂਦਰ/ਹਸਪਤਾਲ ਵਿੱਚ ਇਲਾਜ ਅਤੇ ਦਾਖਲੇ ਲਈ ਸਹਿਯੋਗ ਦਿੱਤਾ ਜਾਵੇਗਾ। ਯੋਗ ਅਤੇ ਆਰਥਿਕ ਤੌਰ 'ਤੇ ਲੋੜਵੰਦ ਮਾਮਲਿਆਂ ਵਿੱਚ ਇਲਾਜ ਦੇ ਖਰਚੇ ਲਈ ਵੀ ਸੇਵਾ ਦੇ ਰੂਪ ਵਿੱਚ ਸਹਾਇਤਾ ਕੀਤੀ ਜਾਵੇਗੀ। ਸੰਪਰਕ ਕਰਨ ਵਾਲੇ ਵਿਅਕਤੀਆਂ ਅਤੇ ਪਰਿਵਾਰਾਂ ਦੀ ਗੋਪਨੀਯਤਾ ਦਾ ਪੂਰਾ ਧਿਆਨ ਰੱਖਿਆ ਜਾਵੇਗਾ।ਉਨ੍ਹਾਂ ਨੇ ਸਮਾਜ ਨੂੰ ਵੀ ਅਪੀਲ ਕੀਤੀ ਕਿ ਨਸ਼ੇ ਨਾਲ ਜੂਝ ਰਹੇ ਵਿਅਕਤੀ ਨੂੰ ਨਫ਼ਰਤ ਜਾਂ ਤਿਰਸਕਾਰ ਨਾਲ ਦੇਖਣ ਦੀ ਬਜਾਏ ਉਸਦਾ ਹੱਥ ਫੜ ਕੇ ਇਲਾਜ ਤੱਕ ਪਹੁੰਚਾਇਆ ਜਾਵੇ।ਸਾਡਾ ਮਕਸਦ ਸਿਰਫ਼ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣਾ ਨਹੀਂ, ਸਗੋਂ ਨਸ਼ਾ ਛੱਡਣਾ ਚਾਹੁੰਦੇ ਹਰ ਵਿਅਕਤੀ ਤੱਕ ਅਸਲ ਮਦਦ ਪਹੁੰਚਾਉਣਾ ਹੈ। ਇੱਕ ਨੌਜਵਾਨ ਨਸ਼ਾ ਛੱਡਦਾ ਹੈ ਤਾਂ ਸਿਰਫ਼ ਇੱਕ ਜ਼ਿੰਦਗੀ ਨਹੀਂ, ਪੂਰਾ ਪਰਿਵਾਰ ਸੰਭਲਦਾ ਹੈ।ਉਨ੍ਹਾਂ ਨੇ ਫਰੀਦਕੋਟ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਆਸ-ਪਾਸ ਕੋਈ ਵਿਅਕਤੀ ਨਸ਼ਾ ਛੱਡਣ ਲਈ ਤਿਆਰ ਹੈ ਤਾਂ ਉਸਦੀ ਜਾਣਕਾਰੀ ਸੇਵਾ ਟੀਮ ਤੱਕ ਪਹੁੰਚਾਉਣ ਵਿੱਚ ਸਹਿਯੋਗ ਕਰਨ।ਨਸ਼ਾ ਛੱਡਣ ਦਾ ਫੈਸਲਾ ਤੁਹਾਡਾ ਇਲਾਜ ਤੱਕ ਪਹੁੰਚਾਉਣ ਵਿੱਚ ਸਾਥ ਸਾਡਾ। ਸੰਪਰਕ- 7780007878

ਲੋਕ ਗਾਇਕ ਯੁੱਧਵੀਰ ਮਾਣਕ ਦਾ ਜਨਮ ਦਿਨ ਮਨਾਇਆ

ਜਗਰਾਉਂ, 3 ਅਕਤੂਬਰ (ਜਗਦੀਪ ਸਿੰਘ)-ਕਲੀਆਂ ਦੇ ਬਾਦਸਾਹ ਕੁਲਦੀਪ ਮਾਣਕ ਦੇ ਸਪੁੱਤਰ ਲੋਕ ਗਾਇਕ ਯੁੱਧਵੀਰ ਮਾਣਕ ਦਾ ਜਨਮ ਦਿਨ ਬੀਬੀ ਸਰਬਜੀਤ ਮਾਣਕ ਦੀ ਸਰਪ੍ਰਸਤੀ ਹੇਠ ਮਨਾਇਆ ਗਿਆ। ਇਸ ਮੌਕੇ ਪ੍ਰਸਿੱਧ ਗੀਤਕਾਰ ਪ੍ਰੀਤ ਮਹਿੰਦਰ ਤਿਵਾੜੀ ਦਾ ਲਿਖਿਆ ਅਤੇ ਕੁਲਦੀਪ ਮਾਣਕ ਦਾ ਗਾਇਆ ਗੀਤ 'ਹੈਪੀ ਬਰਥਡੇ ਟੂ ਯੂ' ਵਾਰ-ਵਾਰ ਚੱਲ ਰਿਹਾ ਸੀ। ਇਸ ਮੌਕੇ ਗਾਇਕ ਦਲੇਰ ਪੰਜਾਬੀ, ਗਾਇਕ ਹੈਰੀ ਮਾਣਕ, ਗਾਇਕ ਸੰਦੀਪ ਮਾਣਕ, ਗਾਇਕ ਮੋਨੂੰ ਮਾਣਕ ਆਦਿ ਕਲਾਕਾਰਾ ਨੇ ਕੁਲਦੀਪ ਮਾਣਕ ਅਤੇ ਯੁੱਧਵੀਰ ਮਾਣਕ ਵੱਲੋਂ ਗਾਏ ਗੀਤਾਂ ਨੂੰ ਵਾਰੋ-ਵਾਰੀ ਆਪਣੇ ਅੰਦਾਜ ਵਿਚ ਪੇਸ਼ ਕੀਤੇ ਅਤੇ ਬਾਅਦ ਦੁਪਹਿਰ ਯੁੱਧਵੀਰ ਮਾਣਕ ਨੇ ਆਪਣੇ ਜਨਮ ਦਿਨ ਮੌਕੇ ਵੱਡੀ ਗਿਣਤੀ ਵਿਚ ਪੁੱਜੇ ਪ੍ਰਸੰਸਕਾ ਦੀ ਹਾਜ਼ਰੀ ਵਿਚ ਕੇਕ ਕੱਟਿਆ। ਅੰਤ ਵਿਚ ਬੀਬੀ ਸਰਬਜੀਤ ਮਾਣਕ ਅਤੇ ਲੋਕ ਗਾਇਕ ਯੁੱਧਵੀਰ ਮਾਣਕ ਨੇ ਬਾਹਰੋ ਆਏ ਕਲਾਕਾਰਾਂ, ਸਮੂਹ ਮਹਿਮਾਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਅਤੇ ਵੱਡੀ ਗਿਣਤੀ ਵਿਚ ਪੁੱਜੇ ਪ੍ਰਸੰਸਕਾ ਦਾ ਮਾਣਕ ਪਰਿਵਾਰ ਨੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾ ਨਾਲ ਸ਼ਕਤੀ ਮਾਣਕ, ਪੱਤਰਕਾਰ ਹਰਦੀਪ ਕੌਸ਼ਲ ਮੱਲ੍ਹਾ, ਮੋਨੂੰ ਪਾਇਲ, ਗੁਲਜਾਰ ਲਾਪਰਾ, ਮਨਜੀਤ ਮਾਨ, ਪੱਪੂ ਲੁਧਿਆਣਾ, ਸੰਕਰ ਗੁੱਜਰਵਾਲ, ਗੁਰਬਖਸ਼ ਸਿੰਘ ਮਾਨ, ਪ੍ਰਿਤਪਾਲ ਕੌਰ ਮਾਨ, ਇੰਦਰਜੀਤ ਮਾਨ, ਗੈਵਨ ਮਾਨ, ਏਜਲ ਮਾਨ, ਦੀਪਾ ਮਾਣਕ, ਸੰਦੀਪ ਸਿੰਘ, ਪ੍ਰਮਿੰਦਰ ਸਿੰਘ ਰਾਜੂ, ਭੋਲਾ ਮੱਲ੍ਹਾ, ਡਾਇਰੈਕਟਰ ਜਸਵਿੰਦਰ ਸਿੰਘ ਰੰਗੀ, ਫਿਲਮੀ ਅਦਾਕਾਰ ਨਰਿੰਦਰ ਨੂਰ, ਗੁਰਦਾਸ ਕੈੜਾ ਤੇ ਬੀ ਸਟਾਰ ਆਦਿ ਹਾਜ਼ਰ ਸਨ।

ਪਿੰਡ ਸੰਧਵਾਂ ਵਿਖੇ ਹਰਪ੍ਰੀਤ ਚਹਿਲ ਨੇ ਆਪਣੀ ਟੀਮ ਨਾਲ ਮਾਨ ਦੇ ਮੁਨਾਫ਼ੇ' ਤਹਿਤ ਘਰ-ਘਰ ਗਰੰਟੀ ਕਾਡ ਵੰਡੇ

ਕੋਟਕਪੂਰਾ: 3 ਅਕਤੂਬਰ ਗੁਰਪ੍ਰੀਤ ਸਿੰਘ ਔਲਖ) ਵਿਧਾਨਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਧਰਮਪਤਨੀ ਬੀਬੀ ਗੁਰਪ੍ਰੀਤ ਕੌਰ ਸੰਧਵਾਂ ਵੱਲੋਂ ਪੰਜਾਬ ਸਰਕਾਰ ਦੀਆਂ ਨੀਤੀਆਂ ਅਤੇ ਕੀਤੇ ਕੰਮਾਂ ਬਾਰੇ ਕੋਟਕਪੂਰੇ ਹਲਕੇ ਦੀਆਂ ਬਲਾਕ ਪ੍ਰਧਾਨਾਂ ਤੇ ਸਖੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਪਿੰਡ ਪੱਧਰ ਅਤੇ ਜੋ ਬਲਾਕ ਵਿੱਚ ਪਿੰਡ ਆਉਂਦੇ ਹਨ ਉਸੇ ਕੜੀ ਤਹਿਤ ਬਲਾਕ ਪ੍ਰਧਾਨ ਹਰਪ੍ਰੀਤ ਕੌਰ ਚਹਿਲ ਆਪਣੀ ਟੀਮ ਸਮੇਤ ਅਤੇ ਉਨ੍ਹਾਂ ਨਾਲ ਸੈਕਟਰ ਦੇ ਇਨਚਾਰਜ ਸ਼ਰਨਦੀਪ ਸਿੰਘ ਨੇ ਪਿੰਡ ਸੰਧਵਾਂ ਦੇ ਮਰਦਾਂ ਅਤੇ ਮਹਿਲਾਵਾਂ ਨਾਲ ਡੋਰ ਟੂ ਡੋਰ ਜਾ ਕੇ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਸਰਕਾਰ ਦੀਆਂ ਗਰੰਟੀਆਂ ਅਤੇ ਲੋਕ ਭਲਾਈ ਸਕੀਮਾਂ ਦੀ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ ਲਈ ਚਲਾਈ ਜਾ ਰਹੀ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਸਖੀਆਂ ਨੂੰ ਨਾਲ ਲੈਕੇ ਘਰ-ਘਰ ਜਾ ਕੇ ਲੋਕਾਂ ਨਾਲ ਰਾਬਤਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਸਖੀਆਂ ਪਿੰਡ ਪ੍ਰਧਾਨ ਮਨਵਿੰਦਰ ਕੌਰ ਟੀਮ ਮੈਂਬਰ ਜਸਵਿੰਦਰ ਕੌਰ (ਸਿੱਤੋ) , ਰਾਜਵੀਰ ਕੌਰ , ਛਿੰਦਰਪਾਲ ਕੌਰ , ਜਸਪ੍ਰੀਤ ਕੌਰ , ਮਨਪ੍ਰੀਤ ਕੌਰ , ਸਰਬਜੀਤ ਕੌਰ, ਸਤਪਾਲ ਕੌਰ ਵੀ ਮੌਜੂਦ ਸਨ। ਟੀਮ ਵੱਲੋਂ ਘਰ-ਘਰ ਜਾ ਕੇ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀਆਂ ਗਈਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਵਾਅਦਿਆਂ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਗਈ।

ਮੂਣਕ ਸ਼ਹਿਰ ਵਿਖੇ ਆਸਰਾ ਫਾਊਂਡੇਸ਼ਨ ਵੱਲੋਂ ਤਮੰਨਾ ਆਈ ਹਸਪਤਾਲ ਵਿੱਚ ਸੀਨੀਅਰ ਸਿਟੀਜ਼ਨਾਂ ਲਈ ਲਗਾਇਆ ਕੈਂਪ

ਮੂਣਕ, 3 ਅਕਤੂਬਰ (ਪ੍ਰਤਾਪ ਸਿੰਘ ਖੁਰਾਣਾ) ਬੀਤੇ ਦਿਨ ਗੋਬਿੰਦਪੁਰਾ ਪਾਪੜਾ ਰੋਡ 'ਤੇ ਸਥਿਤ ਤਮੰਨਾ ਹੈਲਥ ਐਂਡ ਆਈ ਕੇਅਰ ਸੈਂਟਰ ਹਸਪਤਾਲ, ਮੂਣਕ ਵਿਖੇ ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਸੀਨੀਅਰ ਸਿਟੀਜ਼ਨਾਂ ਅਤੇ ਦਿਵਿਆਂਗਜਨਾਂ ਦੀ ਸਹਾਇਤਾ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਮੌਕੇ ਇਲੈਕਟ੍ਰਿਕ ਸਕੂਟਰੀਆਂ, ਵ੍ਹੀਲਚੇਅਰ, ਕੰਨਾਂ ਦੀਆਂ ਮਸ਼ੀਨਾਂ, ਕ੍ਰਿਤਰਿਮ ਅੰਗ, ਖੂੰਡੀਆਂ, ਸਰਵਾਈਕਲ ਕਾਲਰ, ਸਿਕੰਜੇ ਅਤੇ ਹੋਰ ਸਹਾਇਕ ਉਪਕਰਨ ਮੁਹੱਈਆ ਕਰਵਾਉਣ ਲਈ ਰਜਿਸਟ੍ਰੇਸ਼ਨ ਕੀਤੀ ਗਈ।ਕੈਂਪ ਦੌਰਾਨ ਲਗਭਗ 200 ਮਰੀਜ਼ਾ ਨ ਭਾਗ ਲਿਆ, ਜਿਨ੍ਹਾਂ ਵਿੱਚੋਂ 140 ਲਾਭਪਾਤਰੀਆਂ ਦੇ ਫਾਰਮ ਭਰੇ ਗਏ। ਆਸਰਾ ਫਾਊਂਡੇਸ਼ਨ ਦੇ ਚੇਅਰਮੈਨ ਡਾ. ਗਿਆਨ ਚੰਦ ਅਤੇ ਅਜੈਬ ਸਿੰਘ ਦੀ ਅਗਵਾਈ ਹੇਠ ਇਹ ਕੈਂਪ ਲਗਾਇਆ ਗਿਆ।ਇਸ ਮੌਕੇ ਆਸਰਾ ਫਾਊਂਡੇਸ਼ਨ ਦੇ ਮੈਂਬਰ ਡਾ. ਗੁਲਾਬ ਸਿੰਘ, ਡਾ. ਲਾਲ ਸਿੰਘ ਲਾਲੀ ਭਟਾਲ ਖੁਰਦ, ਡਾ. ਰਕੇਸ਼ ਆਲਮਪੁਰ, ਬਲਵਿੰਦਰ ਸਿੰਘ,ਡਾ ਮਿੰਟੂ ਬਾਂਸਲ,ਡਾ. ਸੰਦੀਪ ਕੁਮਾਰ ਤਮੰਨਾ ਹਸਪਤਾਲ ਮੂਣਕ, ਹਸਪਤਾਲ ਦੇ ਸਟਾਫ ਸਮੇਤ, ਫਾਊਂਡੇਸ਼ਨ ਦਾ ਹੋਰ ਸਟਾਫ ਹਾਜ਼ਰ ਸੀ।ਆਸਰਾ ਫਾਊਂਡੇਸ਼ਨ ਵੱਲੋਂ ਇਸ ਤਰ੍ਹਾਂ ਦੇ ਕੈਂਪ ਲਗਾ ਕੇ ਲੋੜਵੰਦ ਸੀਨੀਅਰ ਸਿਟੀਜ਼ਨਾਂ ਅਤੇ ਦਿਵਿਆਂਗਜਨਾਂ ਨੂੰ ਸਹਾਇਕ ਉਪਕਰਨ ਮੁਹੱਈਆ ਕਰਵਾਉਣ ਦੀ ਪਹਿਲ ਦੀ ਹਾਜ਼ਰ ਲੋਕਾਂ ਵੱਲੋਂ ਸ਼ਲਾਘਾ ਕੀਤੀ ਗਈ।

ਪਿੰਡ ਪੰਨਵਾ ਵਿਖੇ ਲਗਾਇਆ ਟੀ.ਬੀ. ਸਬੰਧੀ ਜਾਗਰੂਕ ਕੈਂਪ

ਸੰਗਰੂਰ 3 ਅਕਤੂਬਰ (ਜਸਪਾਲ ਸਰਾਓ) ਸਿਵਲ ਸਰਜਨ ਸੰਗਰੂਰ ਡਾ.ਅਮਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾ ਤਹਿਤ ਜਿਲ੍ਹਾ ਟੀ.ਬੀ. ਅਫ਼ਸਰ ਡਾ ਰਜਿੰਦਰ ਕੌਰ, ਸੀਨੀਅਰ ਮੈਡੀਕਲ ਅਫ਼ਸਰ ਸੀ. ਐਚ. ਸੀ. ਭਵਾਨੀਗੜ੍ਹ ਡਾ. ਮਾਹੀਪ ਕੌਰ ਦੀ ਅਗੁਵਾਈ ਵਿੱਚ ਪਿੰਡ ਪੰਨਵਾ ਪੰਚਇਤ ਘਰ ਵਿਖੇ ਲੋਕਾਂ ਨੂੰ ਟੀ.ਬੀ. (ਤਪਦਿਕ) ਦੀ ਬਿਮਾਰੀ ਪ੍ਰਤੀ ਜਾਗਰੂਕ ਕਰਨ ਲਈ ਕੈਂਪ ਲਗਾਇਆ ਗਿਆ ।ਇਸ ਮੌਕੇ ਕਮਿਊਨਿਟੀ ਹੈਲਥ ਅਫਸਰ ਸੰਦੀਪ ਕੌਰ ਵੱਲੋਂ ਲੋਕਾਂ ਨੂੰ ਟੀ.ਬੀ. ਦੇ ਲੱਛਣਾਂ, ਬਚਾਅ, ਜਾਂਚ ਅਤੇ ਇਲਾਜ ਸਬੰਧੀ ਵਿਸਥ

ਭਾਰਤਮਾਲਾ ਐਕਸਪ੍ਰੈਸ ਹਾਈਵੇਅ ਲਈ ਕਬਜ਼ਾ ਲੈਣ ਪਹੁੰਚੇ ਅਧਿਕਾਰੀਆਂ ਨੂੰ ਕਿਸਾਨਾਂ ਨੇ ਮੋੜਿਆ ਬੇਰੰਗ

ਦੋਫਾੜ ਜ਼ਮੀਨਾਂ ਨੂੰ ਸਰਵਿਸ ਰੋਡ ਤੇ ਦਰਜਨ ਦੇ ਕਰੀਬ ਪਿੰਡਾਂ ਨੂੰ ਕਨੈਕਟੀਵਿਟੀ ਦੇਣ ਦੀ ਮੰਗ

ਡੇਰਾਬੱਸੀ, 3 ਅਕਤੂਬਰ (ਸੁਖਵਿੰਦਰ ਸੈਣੀ): ਭਾਰਤਮਾਲਾ ਐਕਸਪ੍ਰੈਸ ਹਾਈਵੇਅ ਐੱਨ.ਐੱਚ.-205ਏ ਲਈ ਐਕਵਾਇਰ ਕੀਤੀ ਜ਼ਮੀਨ ਦੇ ਮਾਲ ਵਿਭਾਗ ਦੇ ਰਿਕਾਰਡ ਵਿੱਚ ਦਰੁਸਤੀ, ਦੋਫਾੜ ਹੋਈਆਂ ਜ਼ਮੀਨਾਂ ਨੂੰ ਸਰਵਿਸ ਰੋਡ ਅਤੇ ਪ੍ਰਭਾਵਿਤ ਪਿੰਡਾਂ ਨੂੰ ਹਾਈਵੇਅ 'ਤੇ ਚੜ੍ਹਨ-ਉਤਰਨ ਲਈ ਕਨੈਕਟੀਵਿਟੀ ਦੇਣ ਦੀ ਮੰਗ ਨੂੰ ਲੈ ਕੇ ਕਿਸਾਨਾਂ ਨੇ ਅੱਜ ਜ਼ਮੀਨ ਦਾ ਕਬਜ਼ਾ ਲੈਣ ਪਹੁੰਚੇ ਅਧਿਕਾਰੀਆਂ ਨੂੰ ਬੇਰੰਗ ਵਾਪਸ ਮੋੜ ਦਿੱਤਾ।ਡੇਰਾਬੱਸੀ-ਬਨੂੜ ਰੋਡ ਸੰਘਰਸ਼ ਕਮੇਟੀ ਦੇ ਪ੍ਰਧਾਨ ਬਲਜਿੰਦਰ ਸਿੰਘ, ਬੇਅੰਤ ਸਿੰਘ ਸ਼ੇਖਪੁਰ ਕਲਾਂ, ਰਾਮ ਸਿੰਘ ਬਰੌਲੀ, ਰਤਨ ਸਿੰਘ ਫੌਜੀ, ਕੁਲਵਿੰਦਰ ਸਿੰਘ, ਜੋਨੀ ਅਮਲਾਲਾ, ਗੁਰਪ੍ਰੀਤ ਸਿੰਘ ਪਰਾਗਪੁਰ ਅਤੇ ਦਲਵੀਰ ਸਿੰਘ ਮਹਿਮਦਪੁਰ ਸਮੇਤ ਪ੍ਰਭਾਵਿਤ ਕਿਸਾਨਾਂ ਨੇ ਦੱਸਿਆ ਕਿ ਰਾਜੋਮਾਜਰਾ, ਅਮਲਾਲਾ, ਬਰੌਲੀ, ਕਾਰਕੌਰ, ਸ਼ੇਖੂਪੁਰਾ, ਮਹਿਮਦਪੁਰ, ਧਨੌਨੀ, ਬਾਕਰਪੁਰ ਆਦਿ ਦਰਜਨ ਦੇ ਕਰੀਬ ਪਿੰਡਾਂ ਦੀ ਜ਼ਮੀਨ ਐਕਸਪ੍ਰੈਸ ਹਾਈਵੇਅ ਲਈ ਐਕਵਾਇਰ ਕੀਤੀ ਗਈ ਹੈ। ਇਸ ਕਾਰਨ ਕਈ ਕਿਸਾਨਾਂ ਦੀਆਂ ਜ਼ਮੀਨਾਂ ਦੋਫਾੜ ਹੋ ਗਈਆਂ ਹਨ, ਪਰ ਉਨ੍ਹਾਂ ਲਈ ਸਰਵਿਸ ਰੋਡ ਜਾਂ ਹਾਈਵੇਅ 'ਤੇ ਚੜ੍ਹਨ-ਉਤਰਨ ਲਈ ਉਚਿਤ ਰਸਤਾ ਨਹੀਂ ਦਿੱਤਾ ਗਿਆ। ਕਿਸਾਨਾਂ ਨੇ ਕਿਹਾ ਕਿ ਜ਼ਮੀਨ ਐਕਵਾਇਰ ਹੋਏ ਕਰੀਬ ਚਾਰ ਸਾਲ ਬੀਤ ਚੁੱਕੇ ਹਨ, ਪਰ ਮਾਲ ਵਿਭਾਗ ਦੇ ਰਿਕਾਰਡ ਵਿੱਚ ਅਜੇ ਤੱਕ ਲੋੜੀਂਦੀ ਦਰੁਸਤੀ ਨਹੀਂ ਕੀਤੀ ਗਈ ਅਤੇ ਸੜਕ ਦੇ ਨਾਮ ਇੰਤਕਾਲ ਵੀ ਦਰਜ ਨਹੀਂ ਕੀਤੇ ਗਏ। 3ਏ ਅਤੇ 3ਡੀ ਦੇ ਨੋਟਿਸ ਦਰਜ ਹੋਣ ਕਾਰਨ ਜ਼ਮੀਨ ਸਬੰਧੀ ਕਈ ਕੰਮ ਵੀ ਪ੍ਰਭਾਵਿਤ ਹੋ ਰਹੇ ਹਨ। ਕਿਸਾਨਾਂ ਨੇ ਦੱਸਿਆ ਕਿ ਤਿੰਨ ਮਹੀਨੇ ਪਹਿਲਾਂ ਪ੍ਰਸ਼ਾਸਨਿਕ ਅਤੇ ਐੱਨ.ਐੱਚ.ਏ.ਆਈ. ਅਧਿਕਾਰੀਆਂ ਨਾਲ ਮੀਟਿੰਗ ਹੋਈ ਸੀ, ਜਿਸ ਵਿੱਚ ਸਮੱਸਿਆਵਾਂ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰ ਕੋਈ ਠੋਸ ਕਾਰਵਾਈ ਨਹੀਂ ਹੋਈ।ਅੱਜ ਸੀਗਲ ਕੰਪਨੀ ਦੇ ਅਧਿਕਾਰੀ ਜੇਸੀਬੀ ਮਸ਼ੀਨ ਸਮੇਤ ਕਬਜ਼ਾ ਲੈਣ ਪਹੁੰਚੇ ਸਨ, ਪਰ ਕਿਸਾਨਾਂ ਦੇ ਵਿਰੋਧ ਕਾਰਨ ਉਨ੍ਹਾਂ ਨੂੰ ਵਾਪਸ ਪਰਤਣਾ ਪਿਆ। ਕਿਸਾਨਾਂ ਨੇ ਚੇਤਾਵਨੀ ਦਿੱਤੀ ਕਿ ਮੰਗਾਂ ਪੂਰੀਆਂ ਹੋਣ ਤੱਕ ਉਹ ਜ਼ਮੀਨ ਦਾ ਕਬਜ਼ਾ ਨਹੀਂ ਦੇਣਗੇ।

ਸ਼ਾਸਤਰੀ ਤੇ ਗਾਂਧੀ ਜਯੰਤੀ 'ਤੇ ਦਸ਼ਨਾਮੀ ਅਖਾੜਾ ਬਣਿਆ ਹਰਿਆਲੀ ਦਾ ਗਵਾਹ, ਡਾ. ਹਰਬੰਸ ਲਾਲ ਨੇ ਲਗਾਈਆਂ ਤ੍ਰਿਵੈਣੀਆਂ

ਛਤਹਿਗੜ੍ਹ ਸਾਹਿਬ, 3 ਅਕਤੂਬਰ (ਅਭਿਸ਼ੇਕ ਮਲਹੋਤਰਾ)-ਸਰਹਿਦ ਸ਼ਹਿਰ ਦੇ ਧਾਰਮਿਕ ਸਥਾਨ ਦਸ਼ਨਾਮੀ ਅਖਾੜਾ ਵਿਖੇ ਮਹਾਂਮੰਡਲੇਸ਼ਵਰ ਸੰਤ ਬਾਬਾ ਈਸ਼ਵਰਾ ਨੰਦ ਗਿਰੀ ਜੀ ਮਹਾਰਾਜ ਦੀ ਰਹਿਨੁਮਾਈ ਅਤੇ ਸਹਿਯੋਗ ਨਾਲ ਰਾਸ਼ਟਰਪਿਤਾ ਮਹਾਤਮਾ ਗਾਂਧੀ ਅਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਜੀ ਦਾ ਜਨਮ ਦਿਵਸ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੰਦਿਆਂ ਦੋ ਤ੍ਰਿਵੈਣੀਆਂ ਅਤੇ ਲਗਭਗ 20 ਫਲਦਾਰ ਪੌਦੇ ਲਗਾ ਕੇ ਮਨਾਇਆ ਗਿਆ। ਇਸ ਮੌਕੇ ਹਾਜ਼ਰ ਸ਼ਖ਼ਸੀਅਤਾਂ ਨੂੰ ਲੱਡੂ ਵੀ ਵੰਡੇ ਗਏ। ਇਹ ਪ੍ਰੋਗਰਾਮ ਪੰਜਾਬ ਭਾਜਪਾ ਦੇ ਆਗੂ ਅਤੇ ਸਾਬਕਾ ਮੰਤਰੀ ਡਾ. ਹਰਬੰਸ ਲਾਲ ਦੀ ਅਗਵਾਈ ਵਿੱਚ ਕਰਵਾਇਆ ਗਿਆ, ਜਿਸ ਵਿੱਚ ਭਾਰਤੀ ਜਨਤਾ ਪਾਰਟੀ ਮਹਿਲਾ ਮੰਡਲ ਦੀ ਸੀਨੀਅਰ ਆਗੂ ਕਿਰਨ ਸ਼ਰਮਾ ਬਲਾੜੀ ਕਲਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਮੌਕੇ ਡਾ. ਹਰਬੰਸ ਲਾਲ ਨੇ ਕਿਹਾ ਕਿ ਲਾਲ ਬਹਾਦਰ ਸ਼ਾਸਤਰੀ ਜੀ ਆਪਣੀ ਇਮਾਨਦਾਰੀ, ਸਾਦਗੀ, ਮਿਹਨਤ ਅਤੇ ਦ੍ਰਿੜ੍ਹ ਇਰਾਦੇ ਲਈ ਹਮੇਸ਼ਾ ਦੇਸ਼ ਵਾਸੀਆਂ ਦੇ ਦਿਲਾਂ ਵਿੱਚ ਯਾਦ ਰਹਿਣਗੇ। ਉਨ੍ਹਾਂ ਨੇ ਅੱਖੇ ਦੌਰ ਵਿੱਚ ਦੇਸ਼ ਦੀ ਅਗਵਾਈ ਕਰਦਿਆਂ ਦੇਸ਼ ਵਾਸੀਆਂ ਅਤੇ ਸੈਨਿਕਾਂ ਦੇ ਹੌਸਲੇ ਬੁਲੰਦ ਕੀਤੇ। ਡਾ. ਹਰਬੰਸ ਲਾਲ ਨੇ ਕਿਹਾ ਕਿ ਲਾਲ ਬਹਾਦਰ ਸ਼ਾਸਤਰੀ ਜੀ ਵੱਲੋਂ ਦਿੱਤਾ ਗਿਆ 'ਜੈ ਜਵਾਨ, ਜੈ ਕਿਸਾਨ' ਦਾ ਨਾਅਰਾ ਦੇਸ਼ ਦੀ ਸੁਰੱਖਿਆ ਅਤੇ ਖੇਤੀਬਾੜੀ ਦੀ ਮਹੱਤਤਾ ਨੂੰ ਉਜਾਗਰ ਕਰਦਾ ਹੈ। ਉਨ੍ਹਾਂ ਕਿਹਾ ਕਿ ਸ਼ਾਸਤਰੀ ਜੀ ਦਾ ਜੀਵਨ ਦੇਸ਼ ਪ੍ਰਤੀ ਸਮਰਪਣ, ਸਾਦਗੀ ਅਤੇ ਜ਼ਿੰਮੇਵਾਰੀ ਦੀ ਪ੍ਰੇਰਣਾ ਦਿੰਦਾ ਹੈ।ਮਹਾਤਮਾ ਗਾਂਧੀ ਜੀ ਨੂੰ ਯਾਦ ਕਰਦਿਆਂ ਡਾ. ਹਰਬੰਸ ਲਾਲ ਨੇ ਕਿਹਾ ਕਿ ਗਾਂਧੀ ਜੀ ਨੇ ਅਹਿੰਸਾ, ਸੱਚ ਅਤੇ ਸ਼ਾਂਤੀ ਦੇ ਸਿਧਾਂਤਾਂ ਰਾਹੀਂ ਦੇਸ਼ ਦੀ ਆਜ਼ਾਦੀ ਦੀ ਲਹਿਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਇਸ ਮੌਕੇ ਦੋ ਤ੍ਰਿਵੈਣੀਆਂ ਅਤੇ ਫਲਦਾਰ ਪੌਦੇ ਲਗਾਉਣ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਅਤੇ ਪ੍ਰਦੂਸ਼ਣ ਰਹਿਤ ਵਾਤਾਵਰਣ ਸਿਰਜਣ ਵੱਲ ਇੱਕ ਸਾਰਥਕ ਕਦਮ ਦੱਸਿਆ ਗਿਆ।
ਇਸ ਮੌਕੇ ਸ੍ਰੀ ਹਨੂੰਮਾਨ ਸੇਵਾ ਦਲ ਸਰਹਿਦ ਦੇ ਪ੍ਰਧਾਨ ਸ਼ਸ਼ੀ ਭੂਸ਼ਨ ਉੱਪਲ, ਉੱਘੇ ਸਮਾਜ ਸੇਵੀ ਡਾ. ਸੋਮਨਾਥ, ਦਸ਼ਨ ਸਿੰਘ ਕੋਟਲਾ ਬਜਵਾੜਾ, ਗੁਰਮੇਲ ਸਿੰਘ ਪਤਾਰਸੀ ਕਲਾਂ, ਭਾਜਪਾ ਸਰਹਿਦ ਦੀ ਪ੍ਰਧਾਨ ਮਨਜੀਤ ਕੌਰ, ਪੰਜਾਬ ਮਹਿਲਾ ਵਾਈਸ ਪ੍ਰਧਾਨ ਹਰਜੀਤ ਕੌਰ ਰਾਣੀ, ਮਹਿਲਾ ਆਗੂ ਗੁਰਮੇਲ ਕੌਰ, ਵਰਿੰਦਰ ਕੌਰ ਬਰਨ, ਭਾਜਪਾ ਆਗੂ ਜਗਵੀਰ ਸਿੰਘ ਤਰਖੇੜੀ, ਬਲਵਿੰਦਰ ਸਿੰਘ ਬਲਾੜੀ ਕਲਾਂ, ਰਾਜਵੀਰ ਸਿੰਘ ਬਲਾੜੀ ਕਲਾਂ, ਰਜਨੀਸ਼ ਕੁਮਾਰ, ਸੰਦੀਪ ਸਿੰਘ ਲਵਲੀ, ਗੁਰਦੀਪ ਸਿੰਘ ਭਾਗਨਪੁਰ, ਹਰਵਿੰਦਰ ਵਰਮਾ, ਸ਼ੁੱਚਾ ਖਾਨ ਮਹਾਦੀਆਂ ਅਤੇ ਸੁਖਵੀਰ ਸਿੰਘ ਫਤਿਹਗੜ੍ਹ ਸਾਹਿਬ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਯੂਨਿਟ ਖਰੜ ਦੀ ਹੋਈ ਮਹੀਨਾਵਾਰ ਮੀਟਿੰਗ

ਸ਼ਸ਼ੀ ਪਾਲ ਜੈਨ

ਖਰੜ 3 ਅਕਤੂਬਰ-ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਯੂਨਿਟ ਖਰੜ ਦੀ ਮਹੀਨਾਵਾਰ ਮੀਟਿੰਗ ਮੰਗਤ ਖਾਂ ਪ੍ਰਧਾਨ ਦੀ ਪ੍ਰਧਾਨਗੀ ਹੇਠ ਦਸ਼ਮੇਸ਼ ਨਗਰ ਖਰੜ ਵਿਖੇ ਕੀਤੀ ਗਈ। ਮੀਟਿੰਗ ਵਿੱਚ ਪ੍ਰੇਮ ਸਿੰਘ ਗਹਿਲੋਤ ਅਤੇ ਉਨਾਂ ਦੀ ਧਰਮਪਤਨੀ ਨੂੰ 80 ਸਾਲਾਂ ਦੀ ਉਮਰ ਪੂਰੀ ਕਰਨ ਕਾਰਨ ਸਨਮਾਨਿਤ ਕੀਤਾ ਗਿਆ ਅਤੇ ਪੰਜਾਬ ਸਰਕਾਰ ਦੀਆ ਮਾੜੂ ਨੀਤੀਆਂ ਨੂੰ ਵੇਖਦੇ ਹੋਏ ਸੈਕਟਰ -39 ਵਿਖੇ 18 ਅਕਤੂਬਰ ਨੂੰ ਸੰਗਰੂਰ ਵਿਖੇ ਲਾ ਮਿਸਲ ਰੈਲੀ ਕੀਤੀ ਜਾਵੇਗੀ ਜਿਸ ਵਿੱਚ ਖਰੜ ਤੋਂ ਵੱਡੀ ਗਿਣਤੀ ਵਿੱਚ ਪੈਨਸ਼ਨਰਜ ਇੱਕ ਬੱਸ ਮੰਗਤ ਖਾਂ, ਰਣਧੀਰ ਸਿੰਘ ਭਜੌਲੀ ਅਤੇ ਹਰਮਿੰਦਰ ਸਿੰਘ ਦੀ ਅਗਵਾਈ ਹੇਠ ਸੰਗਰੂਰ ਲਈ ਰਵਾਨਾ ਹੋਵੇਗੀ। ਮੀਟਿੰਗ ਵਿੱਚ ਦਿੱਤੇ ਗਏ 8 ਪ੍ਰਤੀਸਤ ਡੀ. ਏ. ਸਬੰਧੀ ਸਰਕਾਰ ਦੀ ਨੀਤੀ ਦੀ ਸਖਤ ਨੁਕਤਾਚੀਨੀ ਕੀਤੀ ਗਈ। ਕਿਉਂਕਿ ਇਸ ਵਿੱਚੋਂ ਪਿਛਲੇ ਏਰੀਅਰ ਅਤੇ ਸਮੇਂ ਦੀ ਕੋਈ ਗੱਲ ਹੀ ਨਹੀਂ ਕੀਤੀ ਗਈ। ਮੀਟਿੰਗ ਵਿੱਚ ਜਨਰਲ ਸਕੱਤਰ ਬਾਬੂ ਸਿੰਘ ਪੰਮੋਰ, ਚੇਅਰਮੈਨ ਬਲਬੀਰ ਸਿੰਘ ਧਾਨੀਆ, ਹਰਬੰਸ ਸਿੰਘ ਭੱਟੀ, ਜਸਵੰਤ ਸਿੰਘ, ਹਰਨੇਕ ਸਿੰਘ, ਸਵਰਨ ਸਿੰਘ, ਨਾਇਬ ਸਿੰਘ ਦਾਊਂ ਮਾਜਰਾ, ਵਿਨੋਦ ਕੁਮਾਰ ਸ਼ਰਮਾ, ਗਰਮੁੱਖ ਸਿੰਘ, ਸੰਤੋਖ ਸਿੰਘ ਬੈਨੀਪਾਲ, ਸਰਵਣ ਦਾਸ ਸੈਣੀ, ਜਗਜੀਤ ਸਿੰਘ ਭੰਗੂ ਆਦਿ ਸ਼ਾਮਿਲ ਹੋਏ।

ਸਾਹਿਬ ਸ੍ਰੀ ਕਾਂਸ਼ੀ ਰਾਮ ਦੇ ਪ੍ਰੀ ਨਿਰਵਾਣ ਦਿਵਸ 9 ਅਕਤੂਬਰ ਨੂੰ ਆਦਮਪੁਰ ਵਿਖੇ ਸੂਬਾ ਪੱਧਰੀ ਸਮਾਗਮ

ਮੋਰਿੰਡਾ ,3ਅਕਤੂਬਰ (ਬਲਵੀਰ ਸਿੰਘ ਚਲਾਕੀ): ਬਹੁਜਨ ਸਮਾਜ ਪਾਰਟੀ ਦੇ ਸੰਸਥਾਪਕ ਸਾਹਿਬ ਕਾਂਸ਼ੀ ਰਾਮ ਜੀ ਦਾ ਪ੍ਰੀ ਨਿਰਵਾਣ ਦਿਵਸ 9 ਅਕਤੂਬਰ ਨੂੰ ਆਦਮਪੁਰ ਵਿਖੇ ਸੂਬਾ ਪੱਧਰੀ ਸਮਾਗਮ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਹੁਜਨ ਸਮਾਜ ਪਾਰਟੀ ਦੇ ਸੂਬਾ ਜਨਰਲ ਸਕੱਤਰ ਰਾਜਿੰਦਰ ਸਿੰਘ ਰਾਜਾ ਨਨਨੇੜੀਆਂ ਨੇ ਦੱਸਿਆ ਕਿ ਇਸ ਸਮਾਗਮ ਨੂੰ ਪਾਰਟੀ ਦੇ ਸੀਨੀਅਰ ਆਗੂ ਸੰਬੋਧਨ ਕਰਨਗੇ। ਉਹਨਾਂ ਦੱਸਿਆ ਕਿ ਇਸ ਸਮਾਗਮ ਨੂੰ ਕਾਮਯਾਬ ਕਰਨ ਲਈ ਪਾਰਟੀ ਵਰਕਰਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨਾਂ ਕਿਹਾ ਕਿ ਰਾਜਨੀਤੀ ਵਿੱਚ ਤਹਿਲਕਾ ਮਚਾਉਣ ਵਾਲੇ ਤੇ ਬਸਪਾ ਸੁਪਰੀਮੋ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦਾ ਪ੍ਰੀਨਿਰਮਾਣ ਦਿਵਸ ਆਦਮਪੁਰ ਵਿਖੇ ਮਨਾਉਣ ਲਈ ਸ੍ਰੀ ਚਮਕੌਰ ਸਾਹਿਬ ਤੋਂ ਵੱਡਾ ਕਾਫਲਾ ਰਵਾਨਾ ਹੋਵੇਗਾ.। ਉਨਾਂ ਦੇ ਨਾਲ ਜਿਲਾ ਜਨ ਸਕੱਤਰ ਨਰਿੰਦਰ ਸਿੰਘ ਬਡਵਾਲੀ, ਜਿਲਾ ਇੰਚਾਰਜ ਦਰਸ਼ਨ ਸਿੰਘ ਸਮਾਣਾ, ਹਲਕਾ ਪ੍ਰਧਾਨ, ਗੁਰਨਾਮ ਸਿੰਘ ਪਿੱਪਲ ਮਾਜਰਾ, ਕੇਸਰ ਸਿੰਘ ਦਰਬਾਰਾ ਸਿੰਘ ਮੋਰਿੰਡਾ, ਸੂਬੇਦਾਰ ਬਲਵੀਰ ਸਿੰਘ, ਸਾਬਕਾ ਸਰਪੰਚ ਸੁਰਿੰਦਰ ਸਿੰਘ ਰਾਜੇ ਮਾਜਰਾ, ਨਸੀਬ ਸਿੰਘ ਬੇਲਾ ਸੰਤ ਸਿੰਘ ਪਪਰਾਲੀ ਕੈਪਟਨ ਕਰਮਜੀਤ ਸਿੰਘ ਸੁਖਵਿੰਦਰ ਸਿੰਘ ਸਮਾਣਾ, ਹਰਦੀਪ ਸਿੰਘ ਨੰਗਲ ਗੜੀਆ ਯੂਥ ਪ੍ਰਧਾਨ, ਇਕਬਾਲ ਸਿੰਘ ਰਤਨਗੜ੍ਹ ਮੋਦਨ ਸਿੰਘ ਖਾਲਸਾ, ਕਰਨੈਲ ਸਿੰਘ, ਗੁਰਦੀਪ ਸਿੰਘ,ਪਿੱਪਲ ਮਾਜਰਾ ਕਰਨੈਲ ਸਿੰਘ ਆਦਿ ਆਗੂ ਹਾਸਰ ਸਨ।

ਪ੍ਰਗਟ ਸਿੰਘ ਨੂੰ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਾਏ ਜਾਣ 'ਤੇ ਕਾਂਗਰਸੀ ਵਰਕਰਾਂ ਨੇ ਲੱਡੂ ਵੰਡੇ

ਮਾਜਰੀ, 3 ਅਕਤੂਬਰ(ਪ੍ਰਭਦੀਪ ਸਿੰਘ ਸੋਢੀ)-ਵਿਧਾਇਕ ਪ੍ਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਬਣਾਏ ਜਾਣ ਦੀ ਖੁਸ਼ੀ ਵਿੱਚ ਮਾਜਰੀ ਬਲਾਕ ਦੇ ਕਾਂਗਰਸੀ ਅਹੁਦੇਦਾਰਾਂ ਅਤੇ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਹਾਜ਼ਰ ਕਾਂਗਰਸੀ ਆਗੂ ਰਣਜੀਤ ਸਿੰਘ ਨਗਲੀਆਂ, ਗੁਰਿੰਦਰ ਸਿੰਘ ਕੈਰੋਂ ਅਤੇ ਹੋਰਨਾਂ ਨੇ ਕਿਹਾ ਕਿ ਜਲੰਧਰ ਛਾਉਣੀ ਤੋਂ ਵਿਧਾਇਕ ਪ੍ਰਗਟ ਸਿੰਘ ਕਾਂਗਰਸ ਪਾਰਟੀ ਦੇ ਵਫ਼ਾਦਾਰ ਸਿਪਾਹੀ ਹਨ ਅਤੇ ਉਹ ਲੰਬੇ ਸਮੇਂ ਤੋਂ ਬੂਥ ਪੱਧਰ ਤੱਕ ਪਾਰਟੀ ਵਰਕਰਾਂ ਨਾਲ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਪ੍ਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਜ਼ਿੰਮੇਵਾਰੀ ਮਿਲਣ ਨਾਲ ਪਾਰਟੀ ਦੇ ਜ਼ਮੀਨੀ ਪੱਧਰ ਦੇ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਇਆ ਹੈ। ਇਸ ਮੌਕੇ ਜ਼ਿਲ੍ਹਾ ਕਾਂਗਰਸ ਇਕਾਈ ਦੇ ਐੱਸ.ਸੀ. ਸੈੱਲ ਦੇ ਚੇਅਰਮੈਨ ਰਣਜੀਤ ਸਿੰਘ ਨਗਲੀਆਂ, ਸੀਨੀਅਰ ਆਗੂ ਗੁਰਿੰਦਰ ਸਿੰਘ ਕੈਰੋਂ, ਹੰਸਰਾਜ ਬੁਥਗੜ੍ਹ, ਗੁਰਪ੍ਰੀਤ ਸਿੰਘ, ਗੁਰਿੰਦਰ ਸਿੰਘ ਕਾਲਾ, ਸਰਪੰਚ ਬਲਦੇਵ ਸਿੰਘ ਕਰਤਾਰਪੁਰ, ਸਾਬਕਾ ਬਲਾਕ ਚੇਅਰਮੈਨ ਸਮਿੰਦਰ ਸਿੰਘ ਬੜੌਦੀ, ਸੈਕਟਰੀ ਸਤਪਾਲ ਸਿੰਘ ਪਾਲੀ ਮਾਜਰੀ, ਰਣਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਨੇ ਇਕੱਠੇ ਹੋ ਕੇ ਲੱਡੂ ਵੰਡੇ ਅਤੇ ਪ੍ਰਗਟ ਸਿੰਘ ਨੂੰ ਪੰਜਾਬ ਕਾਂਗਰਸ ਦੀ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ।

ਥਾਣਾ ਸਿਟੀ ਖਰੜ, ਐਕਸੀਡੈਂਟਲ ਪਈਆਂ ਗੱਡੀਆਂ ਨੂੰ ਤੁਰੰਤ ਚੁੱਕਵਾਉਣ ਦੀ ਮੰਗ-ਕੰਗ

ਸ਼ਸ਼ੀ ਪਾਲ ਜੈਨ

ਖਰੜ 3 ਅਕਤੂਬਰ-ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਪੰਜਾਬ ਜਗਮੋਹਨ ਸਿੰਘ ਕੰਗ ਨੇ ਐਡਵੋਕੇਟ ਕੁਲਵੰਤ ਸਿੰਘ ਸ਼ੇਰਗਿੱਲ ਦੀ ਅਗਵਾਈ ਹੇਠ ਖਰੜ ਦੇ ਨਿਵਾਸੀਆਂ ਨਾਲ ਇੱਕ ਮੀਟਿੰਗ ਕੀਤੀ ਜਿਸ ਵਿੱਚ ਸ਼ਹਿਰ ਵਿੱਚ ਹੋਣ ਵਾਲੇ ਵਿਕਾਸ ਕਾਰਜਾਂ ਆਦਿ ਦਾ ਜਾਇਜ਼ਾ ਲਿਆ। ਇਸ ਮੌਕੇ ਖਰੜ ਨਿਵਾਸੀਆਂ ਨੇ ਕੰਗ ਨੂੰ ਦੱਸਿਆ ਕਿ ਖਰੜ ਸ਼ਹਿਰ ਦੇ ਨਾਲ ਲੱਗਦੇ ਥਾਣਾ ਸਿਟੀ ਦੇ ਸਾਹਮਣੇ, ਸੱਜੇ ਖੱਬੇ, ਲੰਬੇ ਸਮੇਂ ਤੋਂ ਬਹੁਤ ਸਾਰੀਆਂ ਐਕਸੀਡੈਂਟ ਹੋਈਆਂ ਗੱਡੀਆਂ ਰੱਖੀਆਂ ਗਈਆਂ ਹਨ। ਉਨਾਂ ਕਿਹਾ ਕਿ ਉਹ ਇਸ ਸਬੰਧੀ ਪੁਲਿਸ/ਪ੍ਰਸ਼ਾਸਨ ਨੂੰ ਕਈ ਵਾਰ ਕਹਿ ਚੁੱਕੇ ਹਾਂ, ਕਿਉਂਕਿ ਇਸ ਥਾਣੇ ਵਲੋਂ ਹੀ ਸ਼ਹਿਰ ਨੂੰ ਆਉਣ ਜਾਣ ਦਾ ਮੁੱਖ ਲਾਂਘਾ ਹੈ ਅਤੇ ਬਜ਼ਾਰ ਵਿੱਚ ਆਉਣ ਜਾਣ ਵਾਲੀ ਟ੍ਰੈਫਿਕ ਲਈ ਪਾਰਕਿੰਗ ਵੀ ਹੈ, ਪ੍ਰੰਤੂ ਇਨਾਂ ਐਕਸੀਡੈਂਟਲ ਖੜਾਈਆਂ ਗੱਡੀਆਂ ਕਰਕੇ, ਬਜ਼ਾਰ ਵਿੱਚ ਸਾਰੀ ਆਵਾਜ਼ਾਈ ਨੂੰ ਬਹੁਤ ਤੰਗੀ ਹੀ ਨਹੀਂ ਹੁੰਦੀ, ਬਲਿਕ ਢੁੱਕਵੀਂ ਪਾਰਕਿੰਗ ਵੀ ਨਹੀਂ ਮਿਲਦੀ। ਜੋ ਕਿ ਸਾਰਾ ਸ਼ਹਿਰ ਅਤੇ ਆਉਣ ਜਾਣ ਵਾਲੇ ਗ੍ਰਾਹਕ ਹੀ ਬੜੇ ਹੈਰਾਨ ਪ੍ਰੇਸ਼ਾਨ ਹੁੰਦੇ ਹਨ, ਇਸ ਤੋਂ ਇਲਾਵਾ ਐਮ.ਸੀ. ਖਰੜ ਵਲੋਂ ਮੇਨ ਬਜ਼ਾਰ ਖਰੜ ਦੀ ਵੀ ਬਣਦੀ ਢੁੱਕਵੀਂ ਸਾਫ ਸਫਾਈ ਨਹੀਂ ਹੋ ਰਹੀ, ਕੂੜੇ ਆਦਿ ਦੇ ਢੇਰ ਲੱਗੇ ਰਹਿੰਦੇ ਹਨ ਅਤੇ ਸ਼ਹਿਰ ਵਿੱਚੋਂ ਲੰਘਦੀਆਂ ਕਈ ਸੜਕਾਂ ਵੀ ਟੁੱਟੀਆਂ ਪਈਆਂ ਹਨ, ਮੌਜੂਦਾ ਲੱਗੀਆਂ ਕਈ ਸਟ ਰੀਟ ਲਾਈਟਾਂ ਆਦਿ ਵੀ ਨਹੀਂ ਚੱਲਦੀਆਂ।ਉਨਾਂ ਦੱਸਿਆ ਕਿ ਪਿੱਛਲੇ ਕੁੱਝ ਸਮੇਂ ਤੋਂ ਸ਼ਹਿਰ ਵਿੱਚ ਚੋਰੀ ਆਦਿ ਦੀਆਂ ਵਾਰਦਾਤਾਂ ਵੀ ਸ਼ਰੇਆਮ ਹੋ ਰਹੀਆਂ ਹਨ, ਇਸ ਲਈ ਰਾਤ ਨੂੰ ਇੱਥੇ ਪੁਲਿਸ ਵਲੋਂ ਢ

ਸੰਪਾਦਕੀ

ਸਰਾਧ ਦਾ ਮਹੱਤਵ

ਸਨਾਤਨ ਸੰਸਕ੍ਰਿਤੀ 'ਚ ਆਤਮਾ ਦੀ ਅਮਰਤਾ ਤੇ ਪੁਨਰਜਨਮ ਦੀ ਮਾਨਤਾ ਦਾ ਜ਼ਿਕਰ ਮਿਲਦਾ ਹੈ। ਪਿਤਰ ਪੱਖ 'ਚ ਪਿਤਰਾਂ ਨੂੰ ਸ਼ਰਧਾ ਵਜੋਂ ਜਲ ਅਰਪਣ, ਸ਼ਰਾਧ, ਪਸ਼ੂ-ਪੰਛੀਆਂ ਤੋਂ ਲੈ ਕੇ ਵਿਧੀਵਤ ਪਰੰਪਰਾ ਨਾਲ ਜੁੜੇ ਲੋਕਾਂ, ਖ਼ਾਸਕਰ ਬਟੁਕਾਂ ਤੇ ਗ਼ਰੀਬਾਂ ਨੂੰ ਭੋਜਨ ਕਰਵਾਉਣ ਤੇ ਧਨ ਦਾਨ ਕਰਨ ਦਾ ਜ਼ਿਕਰ ਕੀਤਾ ਗਿਆ ਹੈ। ਇਨ੍ਹਾਂ ਉਪਰਾਲਿਆਂ ਰਾਹੀਂ ਪਰਿਵਾਰ 'ਚ ਸਨੇਹ-ਪਿਆਰ ਤੇ ਆਪਸੀ ਸਦਭਾਵਨਾ ਨੂੰ ਅੰਤਰਮਨ ਦੀਆਂ ਗਹਿਰਾਈਆਂ ਤੱਕ ਲਿਜਾਣ ਦਾ ਸੰਦੇਸ਼ ਵੀ ਪ੍ਰਗਟ ਹੁੰਦਾ ਹੈ। ਧਰਤੀ ਦੇ ਰੱਖਿਅਕ ਰੁੱਖਾਂ ਨੂੰ ਕਿਹਾ ਜਾਂਦਾ ਹੈ, ਜਿਨ੍ਹਾਂ ਤੋਂ ਸਾਨੂੰ ਪ੍ਰਾਣ ਵਾਯੂ ਮਿਲਦੀ ਹੈ। ਪਰਿਵਾਰ ਵੀ ਰੁੱਖ ਵਾਂਗ ਹੁੰਦਾ ਹੈ। ਇਸੇ ਲਈ ਇਸ ਨੂੰ ਵੰਸ਼-ਰੁੱਖ ਕਿਹਾ ਜਾਂਦਾ ਹੈ। ਗੀਤਾ 'ਚ ਵੰਸ਼-ਰੁੱਖ ਦਾ ਜ਼ਿਕਰ ਕਰਦਿਆਂ ਕਿਹਾ ਗਿਆ ਹੈ ਕਿ ਵੰਸ਼-ਰੁੱਖ ਦਾ ਮੂਲ ਭਾਗ ਉੱਪਰ ਵੱਲ ਹੁੰਦਾ ਹੈ ਤੇ ਇਸ ਦੀਆਂ ਟਾਹਣੀਆਂ ਹੇਠਾਂ ਵੱਲ ਹੁੰਦੀਆਂ ਹਨ। ਰੁੱਖ ਦੇ ਹਰੇ-ਭਰੇ ਸਰੂਪ ਵਾਂਗ ਪਰਿਵਾਰ 'ਚ ਖੁਸ਼ੀਆਂ ਦੀ ਹਰਿਆਵਲ ਬਣਾਈ ਰੱਖਣ ਲਈ ਪਿਤਰ ਪੱਖ 'ਚ ਜਿੰਨੇ ਵੀ ਪ੍ਰਬੰਧ ਕੀਤੇ ਗਏ ਹਨ, ਉਹ ਮੁੱਖ ਤੌਰ 'ਤੇ ਆਉਣ ਵਾਲੀ ਪੀੜ੍ਹੀ ਨੂੰ ਸੰਸਕਾਰ ਦੇਣ ਲਈ ਹੀ ਕੀਤੇ ਗਏ ਹਨ। ਜਦੋਂ ਪਰਿਵਾਰ 'ਚ ਬੱਚੇ ਦੇਖਦੇ ਹਨ ਕਿ ਮਾਤਾ-ਪਿਤਾ ਆਪਣੇ ਮ੍ਰਿਤਕ ਪੂਰਵਜਾਂ ਪ੍ਰਤੀ ਆਦਰ ਅਤੇ ਸ਼ਰਧਾ ਪ੍ਰਗਟ ਕਰ ਰਹੇ ਹਨ ਤਾਂ ਉਨ੍ਹਾਂ ਦੇ ਮਨ 'ਚ ਛੋਟੀ ਉਮਰ ਤੋਂ ਹੀ ਇਹ ਭਾਵਨਾ ਘਰ ਕਰ ਜਾਂਦੀ ਹੈ ਕਿ ਜੇ ਮਾਤਾ-ਪਿਤਾ ਮ੍ਰਿਤਕ ਪੂਰਵਜਾਂ ਦਾ ਆਦਰ-ਸਤਿਕਾਰ ਕਰ ਰਹੇ ਹਨ ਤਾਂ ਸਾਨੂੰ ਵੀ ਇਸ ਦੀ ਪਾਲਣਾ ਕਰਨੀ ਚਾਹੀਦੀ ਹੈ। ਇਹੀ ਸੰਸਕਾਰ ਮਨੁੱਖ ਨੂੰ ਹੋਰ ਜੀਵ-ਜੰਤੂਆਂ ਨਾਲੋਂ ਉੱਤਮ ਬਣਾਉਂਦੇ ਹਨ। ਨਹੀਂ ਤਾਂ ਜਾਨਵਰਾਂ 'ਚ ਕੋਈ ਪਰਿਵਾਰਕ ਪ੍ਰਬੰਧ ਸਥਾਪਤ ਨਹੀਂ ਹੁੰਦਾ। ਕੁਝ ਹੀ ਸਮੇਂ ਬਾਅਦ ਜਾਨਵਰਾਂ ਦੀਆਂ ਸੰਤਾਨਾਂ ਇਕ-ਦੂਜੇ ਤੋਂ ਵੱਖ ਹੋ ਜਾਂਦੀਆਂ ਹਨ। ਸਦਾਚਾਰ ਨਾਲ ਮਨੁੱਖ ਹਰ ਥਾਂ ਸਨਮਾਨ ਪ੍ਰਾਪਤ ਕਰਦਾ ਹੈ, ਜਦਕਿ ਅਨੈਤੀਪੂਰਨ ਜੀਵਨ ਜਿਊਣ ਨਾਲ ਉਸ ਨੂੰ ਅਪਮਾਨ ਸਹਿਣਾ ਪੈਂਦਾ ਹੈ। ਭਾਵੇਂ ਕੋਈ ਹੋਰ ਵਿਅਕਤੀ ਅਪਮਾਨ ਨਾ ਵੀ ਕਰੇ, ਪਰ ਮਨੁੱਖ ਦਾ ਆਪਣਾ ਮਨ ਤਾਂ ਇਹ ਦੱਸਦਾ ਹੀ ਹੈ ਕਿ ਕੀ ਨੀਤੀ ਹੈ ਅਤੇ ਕੀ ਅਨੀਤੀ। ਅਨੀਤੀ ਕਾਰਨ ਮਨ ਵਿੱਚ ਸ਼ੰਕਾ ਅਤੇ ਡਰ ਬਣਿਆ ਰਹਿੰਦਾ ਹੈ। ਸੱਚਾ ਆਚਰਨ ਅਪਣਾਉਣ ਨਾਲ ਵਿਅਕਤੀ ਸਮਾਜ 'ਚ ਨਾਰਾਇਣ ਦੀ ਨਜ਼ਰ ਨਾਲ ਦੇਖਿਆ ਜਾਣ ਲੱਗਦਾ ਹੈ। ਇਹ ਮਨੁੱਖ ਦੇ ਸੁਖੀ ਜੀਵਨ ਦੀ ਪਹਿਲੀ ਪੌੜੀ ਹੈ। ਨਹੀਂ ਤਾਂ ਥਾਂ-ਥਾਂ ਅਪਮਾਨਿਤ ਹੁੰਦੇ ਵਿਅਕਤੀ ਨੂੰ ਸਿਰਫ਼ ਤਣਾਅ ਹੀ ਮਿਲਦਾ ਹੈ।

ਇੱਕ ਨਜ਼ਰ...

ਆਈ.ਐਸ.ਐਫ. ਕਾਲਜ ਆਫ ਫਾਰਮੇਸੀ ਦੇ ਅਧਿਆਪਕ ਨੈਸ਼ਨਲ ਫਾਰਮਾ ਸਮਿਟ ਵਿੱਚ ਸਨਮਾਨਿਤ

ਮੋਗਾ, 3 ਅਕਤੂਬਰ (ਜਗਰਾਜ ਸਿੰਘ ਸੰਘਾ) : ਸੂਬੇ ਦੀ ਪ੍ਰਮੁੱਖ ਵਿਦਿਅਕ ਸੰਸਥਾ ਆਈ.ਐਸ.ਐਫ. ਕਾਲਜ ਆਫ ਫਾਰਮੇਸੀ ਦੇ ਅਧਿਆਪਕਾਂ ਨੇ ਨਵੀਂ ਦਿੱਲੀ ਵਿਖੇ ਹਾਲ ਹੀ ਵਿੱਚ ਕਰਵਾਏ ਗਏ ਨੈਸ਼ਨਲ ਫਾਰਮਾ ਸਮਿਟ-2026 ਵਿੱਚ ਵੱਖ-ਵੱਖ ਸ਼੍ਰੇਣੀਆਂ ਅਧੀਨ ਸਨਮਾਨ ਹਾਸਲ ਕਰਕੇ ਸੰਸਥਾ ਦਾ ਮਾਣ ਵਧਾਇਆ। ਸੰਸਥਾ ਦੇ ਡਾਇਰੈਕਟਰ ਡਾ. ਜੀ.ਡੀ. ਗੁਪਤਾ ਨੇ ਦੱਸਿਆ ਕਿ ਇਸ ਕਾਨਫਰੰਸ ਵਿੱਚ ਫਾਰਮ.ਡੀ. ਵਿਭਾਗ ਦੇ ਮੁਖੀ ਡਾ. ਸੌਰਭ ਕੌਸੇ ਨੇ ਕਨਵੀਨਰ ਵਜੋਂ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਮੌਕੇ ਡਾ. ਵਿਵੇਕ ਅਸਾਠੀ ਨੂੰ 'ਪ੍ਰੋ. ਭੂਪੇਸ਼ ਵਰਮਾ ਮੈਮੋਰੀਅਲ ਬੈਸਟ ਟੀਚਰ ਐਵਾਰਡ', ਡਾ. ਸੰਤ ਕੁਮਾਰ ਵਰਮਾ ਨੂੰ 'ਪ੍ਰੋ. ਜੈਰਾਮ ਪਟੇਲ ਮੈਮੋਰੀਅਲ ਇਨੋਵੇਟਿਡ ਟੀਚਰ ਐਵਾਰਡ' ਅਤੇ ਡਾ. ਮੁਹੰਮਦ ਹਨੀਫ਼ ਨੂੰ 'ਫਾਰਮਾਲੋਕ ਦੇਵਜੀਤ ਭੌਮਿਕ ਮੈਮੋਰੀਅਲ ਫਾਰਮਾ ਰਾਈਜ਼ਿੰਗ ਐਵਾਰਡ' ਨਾਲ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਡਾ. ਬਾਲਕ ਦਾਸ ਕੁੜਮੀ ਨੂੰ ਐਕਸਪਰਟ ਓਰਲ ਪ੍ਰੈਜ਼ੈਂਟੇਸ਼ਨ ਅਤੇ ਡਾ. ਪ੍ਰੀਤੀ ਪਟੇਲ ਨੂੰ ਆਨਲਾਈਨ ਐਕਸਪਰਟ ਵਜੋਂ ਸਨਮਾਨਿਤ ਕੀਤਾ ਗਿਆ। ਉਤਕ੍ਰਿਸ਼ਟ ਕਾਰਜਾਂ ਲਈ ਡਾ. ਸਾਚੀ ਗੁਪਤਾ, ਡਾ. ਆਈਸ਼ੀ ਬੰਗਾ, ਡਾ. ਮੋਹਿਤ ਯਾਦਵ ਅਤੇ ਡਾ. ਹੇਮੀਲਾਊਨ ਸਿੰਡਈ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ. ਜੀ.ਡੀ. ਗੁਪਤਾ ਨੇ ਗੈਸਟ ਆਫ ਆਨਰ ਵਜੋਂ ਕਾਨਫਰੰਸ ਵਿੱਚ ਸ਼ਿਰਕਤ ਕੀਤੀ। ਸੰਸਥਾ ਦੇ ਚੇਅਰਮੈਨ ਪ੍ਰਵੀਣ ਗਰਗ ਨੇ ਅਧਿਆਪਕਾਂ ਵੱਲੋਂ ਕੀਤੇ ਜਾ ਰਹੇ ਅਧਿਆਪਨ ਅਤੇ ਖੋਜ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੰਸਥਾ ਦਾ ਹਰੇਕ ਅਧਿਆਪਕ ਅਤੇ ਵਿਦਿਆਰਥੀ ਆਪਣੀ ਭੂਮਿਕਾ ਬਾਖੂਬੀ ਨਿਭਾ ਰਿਹਾ ਹੈ। ਇਸ ਉਪਲਬਧੀ 'ਤੇ ਨੈਸ਼ਨਲ ਫਾਰਮਾ ਸਮਿਟ-2026 ਦੇ ਕਨਵੀਨਰ ਡਾ. ਸੌਰਭ ਕੌਸੇ ਅਤੇ ਸਨਮਾਨਿਤ ਹੋਏ ਸਮੂਹ ਅਧਿਆਪਕਾਂ ਨੂੰ ਸੰਸਥਾ ਦੇ ਚੇਅਰਮੈਨ ਪ੍ਰਵੀਣ ਗਰਗ, ਸਕੱਤਰ ਇੰਜੀ. ਜਨੇਸ਼ ਗਰਗ, ਡਾ. ਮੁਸਕਾਨ ਗਰਗ, ਡਾਇਰੈਕਟਰ ਡਾ. ਜੀ.ਡੀ. ਗੁਪਤਾ, ਆਈ.ਐਸ.ਐਫ.ਸੀ.ਪੀ.ਆਰ. ਦੇ ਪ੍ਰਿੰਸੀਪਲ ਡਾ. ਆਰ.ਕੇ. ਨਾਰੰਗ, ਡੀਨ ਐਗਜ਼ਾਮੀਨੇਸ਼ਨ ਇੰਜੀ. ਜਸਪ੍ਰੀਤ ਇੰਦਰ ਸਿੰਘ, ਡੀਨ ਸਟੂਡੈਂਟ ਵੈਲਫੇਅਰ ਡਾ. ਜੀ.ਐਸ. ਸ਼ਰਮਾ, ਡੀਨ ਆਰ.ਐਨ.ਡੀ. ਡਾ. ਸ਼ਮਸ਼ੇਰ ਸਿੰਘ, ਡੀਨ ਆਈ.ਕਿਊ.ਏ.ਸੀ. ਡਾ. ਸਿੱਧਾਰਥ ਮਹਿਨ ਅਤੇ ਸਮੂਹ ਫੈਕਲਟੀ ਮੈਂਬਰਾਂ ਨੇ ਵਧਾਈ ਦਿੱਤੀ।

ਅਹਿਮਦਗੜ੍ਹ 'ਚ ਵਾਪਰੀ ਸਨਸਨੀਖੇਜ਼ ਘਟਨਾ: ਮੂੰਹ ਹਨੇਰੇ ਕਬਾੜ ਇਕੱਠਾ ਕਰਨ ਨਿਕਲੀ ਔਰਤ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ

ਅਹਿਮਦਗੜ੍ਹ, 3 ਅਕਤੂਬਰ (ਕਮਲ ਔਰੜਾ) : ਸ਼ਹਿਰ ਦੇ ਚਾਂਦ ਸਿਨੇਮਾ ਰੋਡ ਨਜਦੀਕ ਸੁਨਿਆਰਾ ਮੁਹੱਲਾ ਦੇ ਨਜਦੀਕ ਸਥਿਤ ਤੇਰਾਂ ਪੰਥ ਭਵਨ ਦੇ ਗੇਟ ਦੇ ਸਾਹਮਣੇ ਅੱਜ ਤੜਕਸਾਰ ਉਸ ਵੇਲੇ ਦਹਿਸ਼ਤ ਦਾ ਮਾਹੌਲ ਬਣ ਗਿਆ, ਜਦੋਂ ਇੱਕ ਔਰਤ ਦਾ ਬੇਰਹਿਮੀ ਨਾਲ ਕਤਲ ਕਰ ਦਿੱਤੇ ਜਾਣ ਦੀ ਖ਼ਬਰ ਸਾਹਮਣੇ ਆਈ। ਮ੍ਰਿਤਕਾ ਦੀ ਪਛਾਣ ਸੁਨੀਤਾ ਪਤਨੀ ਸੇਵਕ ਸਿੰਘ (ਵਾਸੀ ਵਾਰਡ ਨੰਬਰ 17, ਮੁਰਦਾਘਾਟ ਵਾਲੀ ਗਲੀ) ਵਜੋਂ ਹੋਈ ਹੈ। ਇਹ ਖੂਨੀ ਵਾਰਦਾਤ ਸਵੇਰੇ ਲਗਭਗ 4:30 ਤੋਂ 5:00 ਵਜੇ ਦੇ ਦਰਮਿਆਨ ਵਾਪਰੀ ਦੱਸੀ ਜਾ ਰਹੀ ਹੈ। 3 ਮੋਟਰਸਾਈਕਲ ਸਵਾਰ ਸ਼ੱਕੀਆਂ 'ਤੇ ਪਿੱਛਾ ਕਰਨ ਦਾ ਖਦਸ਼ਾ ਮ੍ਰਿਤਕਾ ਦੇ ਪੁੱਤਰ ਲਾਡੀ ਨੇ ਪੁਲਿਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਕਿ ਉਸ ਦੀ ਮਾਂ ਸ਼ਹਿਰ ਵਿੱਚੋਂ ਕਾਗਜ਼-ਕਬਾੜ ਵਗੈਰਾ ਚੁਗਣ ਦਾ ਕੰਮ ਕਰਦੀ ਸੀ। ਕਾਫ਼ੀ ਅਰਸੇ ਬਾਅਦ ਉਹ ਅੱਜ ਸਵੇਰੇ ਕਰੀਬ 4:30 ਵਜੇ ਆਪਣੀ ਭੂਆ ਬੇਵੀ ਨਾਲ ਰੋਜ਼ਾਨਾ ਵਾਂਗ ਕੰਮ 'ਤੇ ਨਿਕਲੀ ਸੀ। ਸਵੇਰੇ 5 ਵਜੇ ਦੇ ਸਮੇਂ ਭੂਆ ਨੇ ਘਰ ਸੂਚਨਾ ਦਿੱਤੀ ਕਿ ਸੁਨੀਤਾ ਤੇਰਾ ਪੰਥ ਭਵਨ ਕੋਲ ਖੂਨ ਨਾਲ ਲੱਥਪੱਥ ਹਾਲਤ ਵਿੱਚ ਪਈ ਹੈ। ਮਿਲੀ ਜਾਣਕਾਰੀ ਮੁਤਾਬਕ, ਬੇਵੀ ਨੇ ਦੱਸਿਆ ਕਿ ਮੋਟਰਸਾਈਕਲ 'ਤੇ ਸਵਾਰ ਤਿੰਨ ਅਣਪਛਾਤੇ ਵਿਅਕਤੀ, ਜਿਨ੍ਹਾਂ ਨੇ ਆਪਣੇ ਮੂੰਹ ਢਕੇ ਹੋਏ ਸਨ, ਉਨ੍ਹਾਂ ਦਾ ਪਿੱਛਾ ਕਰ ਰਹੇ ਸਨ। ਚੌਧਰੀ ਸਵੀਟ ਸ਼ਾਪ ਕੋਲ ਪਹੁੰਚ ਕੇ ਦੋਵੇਂ ਔਰਤਾਂ ਅੱਗੋਂ ਵੱਖ-ਵੱਖ ਰਸਤੇ ਹੋ ਗਈਆਂ। ਇਸ ਤੋਂ ਬਾਅਦ ਜਦੋਂ ਬੇਵੀ ਤੇਰਾਂ ਪੰਥ ਭਵਨ ਲਾਗੇ ਪਹੁੰਚੀ ਤਾਂ ਉਸ ਨੇ ਸੁਨੀਤਾ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਦੇਖਿਆ, ਜੋ ਉਸ ਤੋਂ ਹਸਪਤਾਲ ਲੈ ਜਾਣ ਲਈ ਮਦਦ ਮੰਗ ਰਹੀ ਸੀ। ਪੁਲਿਸ ਵੱਲੋਂ ਸੀਸੀਟੀਵੀ ਕੈਮਰਿਆਂ ਦੀ ਫਰੋਲਾ-ਫਰਾਲੀ, ਜਾਂਚ ਜਾਰੀ ਖ਼ਬਰ ਮਿਲਦਿਆਂ ਹੀ ਲਾਡੀ ਆਪਣੇ ਪਿਤਾ ਅਤੇ ਗੁਆਂਢੀਆਂ ਸਮੇਤ ਮੌਕੇ 'ਤੇ ਪੁੱਜਾ, ਪਰ ਉਦੋਂ ਤੱਕ ਉਸਦੀ ਮਾਤਾ ਸੁਨੀਤਾ ਦਮ ਤੋੜ ਚੁੱਕੀ ਸੀ। ਪੁਲਿਸ ਵੱਲੋਂ ਇਲਾਕੇ ਦੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤਾਂ ਜੋ ਹਮਲਾਵਰਾਂ ਦੀ ਪਛਾਣ ਕੀਤੀ ਜਾ ਸਕੇ। ਹਾਲਾਂਕਿ, ਪੁਲਿਸ ਪ੍ਰਸ਼ਾਸਨ ਵਲੋਂ ਹਾਲੇ ਤੱਕ ਇਨ੍ਹਾਂ ਮੋਟਰਸਾਈਕਲ ਸਵਾਰਾਂ ਦੀ ਸ਼ਨਾਖ਼ਤ ਬਾਰੇ ਕੋਈ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਲਾਸ਼ ਨੂੰ ਕਬਜ਼ੇ 'ਚ ਲੈ ਕੇ ਕਾਨੂੰਨੀ ਚਾਰਜੋਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਹਰ ਪਹਿਲੂ ਤੋਂ ਬਾਰੀਕੀ ਨਾਲ ਤਫ਼ਤੀਸ਼ ਕੀਤੀ ਜਾ ਰਹੀ ਹੈ।

ਪਰਗਟ ਸਿੰਘ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਹੋਵੇਗੀ ਹੋਰ ਮਜ਼ਬੂਤ : ਗੁਰਪ੍ਰੀਤ ਸਿੰਘ ਚੱਕ

ਬਠਿੰਡਾ /ਮੌੜ ਮੰਡੀ, 3 ਅਕਤੂਬਰ (ਰਾਣਾ ਸ਼ਰਮਾ) : ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵੇਂ ਪ੍ਰਧਾਨ ਵਜੋਂ ਸਰਦਾਰ ਪਰਗਟ ਸਿੰਘ ਵੱਲੋਂ ਜ਼ਿੰਮੇਵਾਰੀ ਸੰਭਾਲਣ 'ਤੇ ਵਿਧਾਨ ਸਭਾ ਹਲਕਾ ਮੌੜ ਨਾਲ ਸਬੰਧਤ ਕਾਂਗਰਸੀ ਆਗੂ ਗੁਰਪ੍ਰੀਤ ਸਿੰਘ ਚੱਕ ਨੇ ਉਨ੍ਹਾਂ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਗੁਰਪ੍ਰੀਤ ਸਿੰਘ ਚੱਕ ਨੇ ਕਿਹਾ ਕਿ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਅਗਵਾਈ ਦੀ ਨਵੀਂ ਜ਼ਿੰਮੇਵਾਰੀ ਸੰਭਾਲਣਾ ਇੱਕ ਅਹਿਮ ਜ਼ਿੰਮੇਵਾਰੀ ਹੈ ਅਤੇ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਪਰਗਟ ਸਿੰਘ ਆਪਣੇ ਤਜਰਬੇ ਅਤੇ ਸਮਰਪਣ ਨਾਲ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਯਤਨ ਕਰਨਗੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦਾ ਮਜ਼ਬੂਤ ਜਥੇਬੰਦਕ ਢਾਂਚਾ ਵਰਕਰਾਂ ਦੀ ਮਿਹਨਤ ਨਾਲ ਹੀ ਤਿਆਰ ਹੁੰਦਾ ਹੈ। ਗੁਰਪ੍ਰੀਤ ਸਿੰਘ ਚੱਕ ਨੇ ਕਿਹਾ ਕਿ ਉਹ ਸਰਦਾਰ ਪਰਗਟ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਲਈ ਮੁੜ ਦਿਲੋਂ ਮੁਬਾਰਕਾਂ ਦਿੰਦੇ ਹਨ ਅਤੇ ਪਰਮਾਤਮਾ ਅੱਗੇ ਅਰਦਾਸ ਕਰਦੇ ਹਨ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਲਗਨ, ਇਮਾਨਦਾਰੀ ਅਤੇ ਸਫਲਤਾ ਨਾਲ ਨਿਭਾਉਣ। ਇਸ ਮੌਕੇ ਗੁਰਪ੍ਰੀਤ ਸਿੰਘ ਚੱਕ, ਜਨਰਲ ਸਕੱਤਰ ਸ਼ਿਕਾਇਤ ਨਿਵਾਰਨ ਕਮੇਟੀ ਪੰਜਾਬ, ਜਨਰਲ ਸਕੱਤਰ ਕਿਸਾਨ ਸੈੱਲ ਪੰਜਾਬ ਅਤੇ ਜਨਰਲ ਸਕੱਤਰ ਜਾਟ ਮਹਾ ਸਭਾ ਪੰਜਾਬ ਨੇ ਕਿਹਾ ਕਿ ਪੰਜਾਬ ਕਾਂਗਰਸ ਦੀ ਨਵੀਂ ਅਗਵਾਈ ਨੂੰ ਪਾਰਟੀ ਵਰਕਰਾਂ ਵੱਲੋਂ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।

ਪ੍ਰਗਟ ਸਿੰਘ ਦੇ ਪੰਜਾਬ ਕਾਂਗਰਸ ਪ੍ਰਧਾਨ ਬਣਨ 'ਤੇ ਕਾਂਗਰਸੀਆਂ ਨੇ ਵੰਡੇ ਲੱਡੂ

ਸ੍ਰੀ ਆਨੰਦਪੁਰ ਸਾਹਿਬ, 3 ਅਕਤੂਬਰ (ਦਮਨ ਅਰੋੜਾ) : ਕਾਂਗਰਸ ਪਾਰਟੀ ਵੱਲੋਂ ਸਾਬਕਾ ਹਾਕੀ ਖਿਡਾਰੀ ਅਤੇ ਸੀਨੀਅਰ ਕਾਂਗਰਸੀ ਆਗੂ ਪ੍ਰਗਟ ਸਿੰਘ ਨੂੰ ਪੰਜਾਬ ਕਾਂਗਰਸ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਸ੍ਰੀ ਆਨੰਦਪੁਰ ਸਾਹਿਬ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਰਵਿਦਾਸ ਚੌਕ ਵਿਖੇ ਲੱਡੂ ਵੰਡ ਕੇ ਪਾਰਟੀ ਹਾਈਕਮਾਂਡ ਦੇ ਫ਼ੈਸਲੇ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਕਾਂਗਰਸੀ ਆਗੂ ਡਾ. ਅੱਛਰ ਸ਼ਰਮਾ ਨੇ ਨੇ ਕਿਹਾ ਕਿ ਪ੍ਰਗਟ ਸਿੰਘ ਨੂੰ ਪੰਜਾਬ ਕਾਂਗਰਸ ਦੀ ਕਮਾਂਡ ਸੌਂਪਿਆ ਜਾਣਾ ਪਾਰਟੀ ਦਾ ਅਹਿਮ ਫ਼ੈਸਲਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਪ੍ਰਗਟ ਸਿੰਘ ਦੀ ਅਗਵਾਈ ਹੇਠ ਪਾਰਟੀ ਪੰਜਾਬ ਵਿੱਚ ਹੋਰ ਮਜ਼ਬੂਤ ਹੋਵੇਗੀ ਅਤੇ ਪ੍ਰਗਟ ਸਿੰਘ ਦੀ ਅਗਵਾਈ ਹੇਠ ਵਰਕਰਾਂ ਨੂੰ ਇਕਜੁੱਟ ਕਰਕੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਮਜ਼ਬੂਤ ਤਿਆਰੀ ਕੀਤੀ ਜਾਵੇਗੀ। ਰਵਿਦਾਸ ਚੌਕ ਵਿਖੇ ਲੱਡੂ ਵੰਡਣ ਦਾ ਇਹ ਪ੍ਰੋਗਰਾਮ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਬਰਿੰਦਰ ਸਿੰਘ ਢਿੱਲੋਂ ਦੇ ਨਜ਼ਦੀਕੀ ਡਾ. ਅੱਛਰ ਸ਼ਰਮਾ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ। ਇਸ ਮੌਕੇ ਕੁਲਦੀਪ ਸਿੰਘ ਬੰਗਾ, ਜਸਵੀਰ ਸਿੰਘ ਸੈਣੀ, ਹਰਪਾਲ ਸਿੰਘ ਸਮੇਤ ਕਾਂਗਰਸੀ ਆਗੂ ਤੇ ਵਰਕਰ ਅੱਜ ਸਨ।

ਮਿਲਾਵਟ ਦਾ ਜਾਲ-ਖਪਤਕਾਰ ਬੇਖ਼ਬਰ, ਬਜ਼ਾਰ ਬੇਪਰਵਾਹ ?

ਅੱਜ ਕੱਲ ਹਰ ਚੀਜ਼ ਵਿੱਚ ਮਿਲਾਵਟ ਧੜੱਲੇ ਨਾਲ ਹੋ ਰਹੀ ਹੈ। ਕੋਈ ਵੀ ਚੀਜ਼ ਚਾਹੇ ਉਹ ਦੁੱਧ, ਦਹੀ, ਪਨੀਰ, ਤੇਲ, ਘਿਉ, ਸ਼ਹਿਦ, ਦਾਲਾਂ, ਫਰੂਟ, ਸਬਜ਼ੀਆਂ, ਅਨਾਜ, ਡਰਾਈ ਫਰੂਟ, ਮਠਿਆਈਆਂ, ਮਿਰਚ, ਮਸਾਲੇ ਆਦਿ ਹਰ ਚੀਜ਼ ਤੇ ਮਿਲਾਵਟ ਦੇ ਕਾਲੇ ਬੱਦਲ ਛਾਏ ਹੋਏ ਹਨ। ਸਾਡੇ ਘਰਾਂ ਦੀ ਰਸੋਈ ਸਿਰਫ਼ ਖਾਣਾ ਬਣਾਉਣ ਦੀ ਥਾਂ ਨਹੀ, ਸਗੋਂ ਪਰਿਵਾਰ ਦੀ ਸਿਹਤ ਦੀ ਪਹਿਲੀ ਪਹਿਰੇਦਾਰ ਹੁੰਦੀ ਹੈ ਪਰ ਜਦੋਂ ਬਜ਼ਾਰ ਤੋਂ ਆਉਣ ਵਾਲੀਆਂ ਖਾਣ-ਪੀਣ ਦੀਆਂ ਚੀਜ਼ਾਂ ਦੀ ਸ਼ੁੱਧਤਾ ਉੱਤੇ ਸਵਾਲ ਖੜ੍ਹੇ ਹੋਣ ਲੱਗਣ ਤਾਂ ਇਹ ਚਿੰਤਾ ਸਿਰਫ਼ ਇੱਕ ਘਰ ਦੀ ਨਹੀ ਰਹਿੰਦੀ, ਸਾਰੇ ਸਮਾਜ ਦੀ ਬਣ ਜਾਂਦੀ ਹੈ।

ਮਿਲਾਵਟ ਕੋਈ ਨਵਾਂ ਮਸਲਾ ਨਹੀ, ਪਰ ਇਸ ਦੀ ਚਿੰਤਾ ਇਸ ਲਈ ਗੰਭ

ਐੱਮ.ਡੀ. ਦਯਾਨੰਦ ਮਾਡਲ ਸਕੂਲ ਨਕੋਦਰ ਵੱਲੋਂ ਵਿਦਿਆਰਥੀਆਂ ਲਈ ਵਿੱਦਿਅਕ ਟੂਰ ਅਤੇ ਪਿਕਨਿਕ ਦਾ ਆਯੋਜਨ

ਨਕੋਦਰ, 3 ਅਕਤੂਬਰ 2026 (ਚੇਤਨ ਗਗਨ) ਐੱਮ.ਡੀ. ਦਯਾਨੰਦ ਮਾਡਲ ਸਕੂਲ, ਨਕੋਦਰ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਵਿਵਹਾਰਕ ਅਤੇ ਸਮਾਜਿਕ ਗਿਆਨ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪ੍ਰਿੰਸੀਪਲ ਬਲਜਿੰਦਰ ਸਿੰਘ ਅਤੇ ਚੇਅਰਮੈਨ ਪ੍ਰਮੋਦ ਭਾਰਦਵਾਜ ਜੀ ਦੀ ਸੁਚੱਜੀ ਦੇਖ-ਰੇਖ ਹੇਠ ਇੱਕ ਰੋਜ਼ਾ ਵਿੱਦਿਅਕ ਟੂਰ ਅਤੇ ਪਿਕਨਿਕ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਜਮਾਤ ਪਹਿਲੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਨੇ ਸਕੂਲ ਵਿਖੇ ਹੀ ਪਿਕਨਿਕ ਦਾ ਭਰਪੂਰ ਆਨੰਦ ਮਾਣਿਆ। ਵਿਦਿਆਰਥੀਆਂ ਲਈ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਅਤੇ ਖੇਡਾਂ ਦਾ ਪ੍ਰਬੰਧ ਕੀਤਾ ਗਿਆ, ਜਿਸ ਨਾਲ ਉਨ੍ਹਾਂ ਨੇ ਖੁਸ਼ੀ ਅਤੇ ਉਤਸ਼ਾਹ ਨਾਲ ਦਿਨ ਬਿਤਾਇਆ। ਜਮਾਤ ਛੇਵੀਂ ਤੋਂ ਅੱਠਵੀਂ ਤੱਕ ਦੇ ਵਿਦਿਆਰਥੀਆਂ ਨੇ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵਿਖੇ ਪਹੁੰਚ ਕੇ ਵਿਗਿਆਨ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਹਾਸਲ ਕੀਤੀ। ਪ੍ਰਦਰਸ਼ਨੀਆਂ ਅਤੇ ਵਿਗਿਆਨਕ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੂੰ ਵਿਗਿਆਨਕ ਸੋਚ ਵਿਕਸਿਤ ਕਰਨ ਦਾ ਮੌਕਾ ਮਿਲਿਆ। ਇਸੇ ਤਰ੍ਹਾਂ ਜਮਾਤ ਨੌਵੀਂ ਤੋਂ ਬਾਰ੍ਹਵੀਂ ਤੱਕ ਦੇ ਵਿਦਿਆਰਥੀਆਂ ਨੇ ਪੰਚਕੂਲਾ ਵਿਖੇ ਚੌਖੀ ਢਾਣੀ ਦਾ ਦੌਰਾ ਕੀਤਾ ਅਤੇ ਰਾਜਸਥਾਨੀ ਲੋਕ-ਸੱਭਿਆਚਾਰ, ਲੋਕ-ਕਲਾਵਾਂ, ਰਵਾਇਤੀ ਪਹਿਰਾਵੇ, ਸੰਗੀਤ ਅਤੇ ਪਕਵਾਨਾਂ ਦਾ ਆਨੰਦ ਮਾਣਿਆ। ਇਸ ਦੌਰੇ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਸੱਭਿਆਚਾਰਾਂ ਨੂੰ ਨੇੜਿਓਂ ਜਾਣਨ ਅਤੇ ਸਮਝਣ ਦਾ ਸੁੰਦਰ ਮੌਕਾ ਪ੍ਰਦਾਨ ਕੀਤਾ। ਇਸ ਟੂਰ ਦੌਰਾਨ ਵਿਦਿਆਰਥੀਆਂ ਨੇ ਮਨੋਰੰਜਨ ਦੇ ਨਾਲ-ਨਾਲ ਬਹੁਤ ਕੁਝ ਨਵਾਂ ਸਿੱਖਿਆ। ਉਨ੍ਹਾਂ ਵਿੱਚ ਆਪਸੀ ਸਹਿਯੋਗ, ਅਨੁਸ਼ਾਸਨ, ਸਮੂਹਿਕਤਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਵੀ ਵਿਕਸਿਤ ਹੋਈ। ਇਸ ਮੌਕੇ ਪ੍ਰਿੰਸੀਪਲ ਬਲਜਿੰਦਰ ਸਿੰਘ ਜੀ ਨੇ ਕਿਹਾ ਕਿ ਸਿੱਖਿਆ ਸਿਰਫ਼ ਕਲਾਸਰੂਮ ਤੱਕ ਸੀਮਿਤ ਨਹੀਂ ਹੁੰਦੀ। ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਉਨ੍ਹਾਂ ਨੂੰ ਵਿਵਹਾਰਕ, ਸਮਾਜਿਕ ਅਤੇ ਸੱਭਿਆਚਾਰਕ ਗਿਆਨ ਪ੍ਰਦਾਨ ਕਰਨਾ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਵਿੱਦਿਅਕ ਦੌਰੇ ਅਤੇ ਗਤੀਵਿਧੀਆਂ ਵਿਦਿਆਰਥੀਆਂ ਦੀ ਸਿੱਖਿਆ ਨੂੰ ਹੋਰ ਰੌਚਕ ਅਤੇ ਪ੍ਰਭਾਵਸ਼ਾਲੀ ਬਣਾਉਂਦੀਆਂ ਹਨ।

ਇੰਡੋ-ਸਵਿਸ ਸਕੂਲ ਦੇ ਹੋਣਹਾਰ ਖਿਡਾਰੀਆਂ ਨੇ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਕਬੱਡੀ 'ਚ ਜਿੱਤਿਆ ਸਿਲਵਰ ਤਮਗਾ

ਨਕੋਦਰ 3 ਅਕਤੂਬਰ (ਚੇਤਨ ਗਗਨ) ਸਥਾਨਕ ਇੰਡੋ-ਸਵਿਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਦੇ ਹੋਣਹਾਰ ਖਿਡਾਰੀਆਂ ਨੇ ਆਪਣੀ ਸ਼ਾਨਦਾਰ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਕਬੱਡੀ ਮੁਕਾਬਲਿਆਂ ਵਿੱਚ ਸਿਲਵਰ ਤਮਗਾ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਮੁਕਾਬਲੇ ਵਿੱਚ ਇੰਡੋ-ਸਵਿਸ ਸਕੂਲ ਦੀ ਕਬੱਡੀ ਟੀਮ ਨੇ ਪੂਰੇ ਜੋਸ਼, ਅਨੁਸ਼ਾਸਨ ਅਤੇ ਖੇਡ ਭਾਵਨਾ ਨਾਲ ਸ਼ਾਨਦਾਰ ਪ੍ਰਦਰਸ਼ਨ ਕੀਤਾ। ਖਿਡਾਰੀਆਂ ਨੇ ਮੁਕਾਬਲੇ ਦੌਰਾਨ ਆਪਣੀ ਮਿਹਨਤ, ਟੀਮ ਵਰਕ ਅਤੇ ਖੇਡ ਕੌਸ਼ਲ ਦਾ ਬਾਖੂਬੀ ਪ੍ਰਦਰਸ਼ਨ ਕਰਦਿਆਂ ਸਿਲਵਰ ਤਮਗਾ ਆਪਣੇ ਨਾਮ ਕੀਤਾ। ਇਸ ਮਾਣਮੱਤੀ ਪ੍ਰਾਪਤੀ ਨਾਲ ਸਕੂਲ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ। ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਪੰਕਜ ਸ਼ਰਮਾ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਖਿਡਾਰੀਆਂ ਦੀ ਲਗਨ, ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਟੀਮ ਭਾਵਨਾ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਕਬੱਡੀ ਵਰਗੀਆਂ ਖੇਡਾਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਸਹਿਯੋਗ ਦੀ ਭਾਵਨਾ ਅਤੇ ਅਨੁਸ਼ਾਸਨ ਪੈਦਾ ਕਰਦੀਆਂ ਹਨ। ਉਨ੍ਹਾਂ ਨੇ ਖਿਡਾਰੀਆਂ ਨੂੰ ਭਵਿੱਖ ਵਿੱਚ ਵੀ ਹੋਰ ਮਿਹਨਤ ਕਰਕੇ ਨਵੀਆਂ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਆਪਣੀ ਪ੍ਰਤਿਭਾ ਨਿਖਾਰਨ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਂਦਾ ਹੈ। ਇਸ ਮੌਕੇ ਸਕੂਲ ਮੈਨੇਜਮੈਂਟ ਦੇ ਚੇਅਰਮੈਨ ਸ੍ਰੀ ਵਿਪਨ ਸ਼ਰਮਾ, ਚੇਅਰਪਰਸਨ ਮੈਡਮ ਜਯੋਤੀ ਸ਼ਰਮਾ ਅਤੇ ਐੱਮ.ਡੀ. ਮਿਸਟਰ ਸ਼ਿਵਮ ਸ਼ਰਮਾ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇੰਡੋ-ਸਵਿਸ ਸਕੂਲ ਦੇ ਵਿਦਿਆਰਥੀ ਸਿੱਖਿਆ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਲਗਾਤਾਰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਖਿਡਾਰੀਆਂ ਦੀ ਇਹ ਉਪਲਬਧੀ ਸਕੂਲ ਲਈ ਮਾਣ ਵਾਲੀ ਗੱਲ ਹੈ ਅਤੇ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰੇਗੀ। ਮੈਨੇਜਮੈਂਟ ਵੱਲੋਂ ਜੇਤੂ ਖਿਡਾਰੀਆਂ, ਕੋਚਾਂ ਅਤੇ ਮਾਪਿਆਂ ਨੂੰ ਦਿਲੋਂ ਵਧਾਈ ਦਿੱਤੀ ਗਈ।

ਸੇਵਾ-ਮੁਕਤੀ ਨਹੀਂ, ਨਵੀਂ ਪਾਰੀ ਦੀ ਸ਼ੁਰੂਆਤ; ਸਵਿਤਾ ਕੁਮਾਰੀ ਤੇ ਨਿਰਮਲ ਨੂੰ ਭਾਵਪੂਰਨ ਵਿਦਾਈ

ਬਟਾਲਾ, 3 ਅਕਤੂਬਰ (ਸੰਜੀਵ ਨਈਅਰ) ਡਾ. ਦੌਲਤ ਰਾਮ ਭੱਲਾ ਡੀ.ਏ.ਵੀ. ਸੈਨਟੇਨਰੀ ਪਬਲਿਕ ਸਕੂਲ, ਬਟਾਲਾ ਵਿਖੇ ਲੰਬੇ ਸਮੇਂ ਤੋਂ ਆਪਣੀਆਂ ਸੇਵਾਵਾਂ ਨਿਭਾਉਣ ਵਾਲੀ ਸੀਨੀਅਰ ਅਧਿਆਪਕਾ ਸਵਿਤਾ ਕੁਮਾਰੀ ਅਤੇ ਸਹਾਇਕ ਸਟਾਫ ਮੈਂਬਰ ਨਿਰਮਲ ਦੀ ਸੇਵਾ-ਮੁਕਤੀ ਮੌਕੇ ਭਾਵਪੂਰਨ ਵਿਦਾਈ ਸਮਾਰੋਹ ਕਰਵਾਇਆ ਗਿਆ। ਸਮਾਗਮ ਦੌਰਾਨ ਸਹਿਕਰਮੀਆਂ ਨੇ ਦੋਵਾਂ ਦੀ ਮਿਹਨਤ, ਸਾਦਗੀ ਅਤੇ ਸਮਰਪਣ ਨੂੰ ਯਾਦ ਕਰਦਿਆਂ ਉਨ੍ਹਾਂ ਪ੍ਰਤੀ ਸਨਮਾਨ ਅਤੇ ਕ੍ਰਿਤਜਤਾ ਪ੍ਰਗਟ ਕੀਤੀ। ਸਮਾਗਮ ਦੀ ਸ਼ੁਰੂਆਤ ਦੀਪ ਪ੍ਰਜਵਲਨ ਅਤੇ ਗਾਇਤਰੀ ਮੰਤਰ ਦੇ ਉਚਾਰਨ ਨਾਲ ਹੋਈ। ਲਗਭਗ ਸਾਢੇ 27 ਸਾਲਾਂ ਦੀ ਸੇਵਾ ਨਿਭਾਉਣ ਵਾਲੀ ਸਵਿਤਾ ਕੁਮਾਰੀ ਦੇ ਵਿਦਿਅਕ, ਪ੍ਰੀਖਿਆ ਅਤੇ ਪ੍ਰਸ਼ਾਸਨਿਕ ਕਾਰਜਾਂ ਵਿੱਚ ਯੋਗਦਾਨ ਦੀ ਵਿਸ਼ੇਸ਼ ਸ਼ਲਾਘਾ ਕੀਤੀ ਗਈ। ਉਨ੍ਹਾਂ ਦੇ ਸਨਮਾਨ ਵਿੱਚ ਅਧਿਆਪਕਾਂ ਵੱਲੋਂ ਸੱਭਿਆਚਾਰਕ ਪੇਸ਼ਕਾਰੀਆਂ, ਵਿਸ਼ੇਸ਼ ਵੀਡੀਓ ਅਤੇ 'ਅਹਿਸਾਸ' ਨਾਮਕ ਕਾਵਿ-ਪੇਸ਼ਕਾਰੀ ਕੀਤੀ ਗਈ। ਨਿਰਮਲ ਨੂੰ ਵੀ ਸਕੂਲ ਪਰਿਵਾਰ ਦਾ ਅਹਿਮ ਹਿੱਸਾ ਦੱਸਦਿਆਂ ਭਾਵੁਕ ਵਿਦਾਈ ਦਿੱਤੀ ਗਈ। ਚੇਅਰਮੈਨ ਰਾਜੇਸ਼ ਕਵਾਤਰਾ ਅਤੇ ਕੇ.ਐਲ. ਗੁਪਤਾ ਨੇ ਵੀ ਦੋਵਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਜੀਵਨ ਸ਼ਰਮਾ ਵੱਲੋਂ ਦੋਵਾਂ ਨੂੰ ਯਾਦਗਾਰੀ ਚਿੰਨ੍ਹ, ਗੁਲਦਸਤੇ ਅਤੇ ਤੋਹਫ਼ੇ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਜੀਵਨ ਸ਼ਰਮਾ ਨੇ ਕਿਹਾ ਕਿ ਸੇਵਾ-ਮੁਕਤੀ ਜੀਵਨ ਦਾ ਅੰਤ ਨਹੀਂ, ਸਗੋਂ ਨਵੇਂ ਅਧਿਆਇ ਦੀ ਸ਼ੁਰੂਆਤ ਹੈ। ਉਨ੍ਹਾਂ ਦੋਵਾਂ ਨੂੰ ਭਵਿੱਖ ਲਈ ਤੰਦਰੁਸਤੀ, ਖੁਸ਼ਹਾਲੀ ਅਤੇ ਸੁਖਮਈ ਜੀਵਨ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਅਕਾਲੀ ਦਲ ਵਾਰਿਸ ਪੰਜਾਬ ਦੇ' ਦੀ ਰਜਿਸਟ੍ਰੇਸ਼ਨ ਰੋਕਣਾ ਲੋਕਤੰਤਰ ਦਾ ਘਾਣ: ਭਡਿਆਲਾ

ਸ੍ਰੀ ਹਰਗੋਬਿੰਦਪੁਰ ਸਾਹਿਬ, 3 ਅਕਤੂਬਰ (ਸੰਜੀਵ ਨਈਅਰ) ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਪਿੰਡ ਵੀਲਾ ਬੱਜੂ ਵਿਖੇ ਪ੍ਰਿੰਸੀਪਲ ਸਵਿੰਦਰ ਸਿੰਘ ਦੇ ਗ੍ਰਹਿ ਵਿਖੇ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਇਲਾਕੇ ਦੇ ਮੋਹਤਬਰ ਸੱਜਣਾਂ ਵੱਲੋਂ ਮੌਜੂਦਾ ਸਿਆਸੀ ਹਾਲਾਤ ਅਤੇ ਅਕਾਲੀ ਦਲ (ਵਾਰਿਸ ਪੰਜਾਬ ਦੇ) ਦੀਆਂ ਸਰਗਰਮੀਆਂ ਸਬੰਧੀ ਵਿਚਾਰ-ਚਰਚਾ ਕੀਤੀ ਗਈ। ਇਸ ਮੌਕੇ ਬੋਲਦਿਆਂ ਸੁਰਵਿੰਦਰ ਸਿੰਘ ਡਡਿਆਲਾ ਨੇ ਕਿਹਾ ਕਿ ਕਿਸੇ ਵੀ ਸਿਆਸੀ ਜਥੇਬੰਦੀ ਨੂੰ ਲੋਕਤੰਤਰਿਕ ਢੰਗ ਨਾਲ ਆਪਣੀ ਗੱਲ ਲੋਕਾਂ ਤੱਕ ਪਹੁੰਚਾਉਣ ਅਤੇ ਚੋਣ ਪ੍ਰਕਿਰਿਆ ਵਿੱਚ ਹਿੱਸਾ ਲੈਣ ਦਾ ਮੌਕਾ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ (ਵਾਰਿਸ ਪੰਜਾਬ ਦੇ) ਦੀ ਰਜਿਸਟ੍ਰੇਸ਼ਨ ਦੇ ਮਾਮਲੇ ਨੂੰ ਲੰਮਾ ਖਿੱਚਣਾ ਲੋਕਤੰਤਰਿਕ ਪ੍ਰਕਿਰਿਆ ਸਬੰਧੀ ਸਵਾਲ ਖੜ੍ਹੇ ਕਰਦਾ ਹੈ। ਡਡਿਆਲਾ ਨੇ ਕਿਹਾ ਕਿ ਜੇਕਰ ਕਿਸੇ ਪਾਰਟੀ ਜਾਂ ਜਥੇਬੰਦੀ ਸਬੰਧੀ ਕੋਈ ਇਤਰਾਜ਼ ਜਾਂ ਕਾਨੂੰਨੀ ਮਸਲਾ ਹੈ ਤਾਂ ਉਸ ਦਾ ਨਿਪਟਾਰਾ ਸੰਵਿਧਾਨਕ ਅਤੇ ਕਾਨੂੰਨੀ ਪ੍ਰਕਿਰਿਆ ਤਹਿਤ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿਆਸੀ ਹੱਕਾਂ ਨੂੰ ਪ੍ਰਕਿਰਿਆ ਦੇ ਆਧਾਰ 'ਤੇ ਰੋਕਣ ਦੀ ਬਜਾਏ ਲੋਕਾਂ ਨੂੰ ਆਪਣਾ ਫ਼ੈਸਲਾ ਕਰਨ ਦਾ ਮੌਕਾ ਦੇਣਾ ਲੋਕਤੰਤਰ ਦੀ ਮੂਲ ਭਾਵਨਾ ਹੈ। ਉਨ੍ਹਾਂ ਅੱਗੇ ਕਿਹਾ ਕਿ ਰਜਿਸਟ੍ਰੇਸ਼ਨ ਸਬੰਧੀ ਪੈਦਾ ਹੋਏ ਵਿਵਾਦ ਦੇ ਬਾਵਜੂਦ ਵਾਰਿਸ ਪੰਜਾਬ ਦੇ ਨਾਲ ਜੁੜੇ ਵਰਕਰਾਂ ਅਤੇ ਸਮਰਥਕਾਂ ਨੂੰ ਘਬਰਾਉਣ ਦੀ ਲੋੜ ਨਹੀਂ। ਜਥੇਬੰਦੀ ਦੇ ਵਰਕਰਾਂ ਦਾ ਹੌਸਲਾ ਘਟਣ ਵਾਲਾ ਨਹੀਂ। ਕਾਨੂੰਨੀ ਅਤੇ ਲੋਕਤੰਤਰਿਕ ਢੰਗ ਨਾਲ ਆਪਣੀ ਆਵਾਜ਼ ਬੁਲੰਦ ਕਰਦੇ ਰਹਾਂਗੇ ਅਤੇ ਲੋਕਾਂ ਵਿੱਚ ਆਪਣੀ ਗੱਲ ਰੱਖਦੇ ਰਹਾਂਗੇ,' ਉਨ੍ਹਾਂ ਕਿਹਾ। ਪੰਜਾਬ ਦੀ ਸਿਆਸਤ ਵਿੱਚ ਨਵੇਂ ਵਿਚਾਰਾਂ ਅਤੇ ਨਵੀਆਂ ਸਿਆਸੀ ਧਿਰਾਂ ਲਈ ਥਾਂ ਹੋਣੀ ਚਾਹੀਦੀ ਹੈ ਅਤੇ ਅੰਤਿਮ ਫ਼ੈਸਲਾ ਲੋਕਾਂ ਦੀ ਰਾਏ ਅਤੇ ਸੰਵਿਧਾਨਕ ਪ੍ਰਕਿਰਿਆ ਰਾਹੀਂ ਹੋਣਾ ਚਾਹੀਦਾ ਹੈ। ਇਸ ਮੌਕੇ ਪ੍ਰਿੰਸੀਪਲ ਸਵਿੰਦਰ ਸਿੰਘ, ਸਰਪੰਚ ਰਾਜ ਅਲੀ, ਬਾਬਾ ਸੁਖਵਿੰਦਰ ਸਿੰਘ, ਸੁਖਜਿੰਦਰ ਸਿੰਘ, ਮਹਿਲ ਸਿੰਘ, ਕਵਲਪ੍ਰੀਤ ਸਿੰਘ ਭਿੰਡਰ, ਨਿਰਮਲ ਸਿੰਘ, ਸੰਦੀਪ ਸਿੰਘ, ਸਿਮਰਨਜੀਤ ਸਿੰਘ ਸਮੇਤ ਹੋਰ ਮੋਹਤਬਰ ਸੱਜਣ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਅਕਾਲੀ ਦਲ (ਵਾਰਿਸ ਪੰਜਾਬ ਦੇ) ਵੱਲੋਂ ਰਾਜਨੀਤਿਕ ਪਾਰਟੀ ਵਜੋਂ ਰਜਿਸਟ੍ਰੇਸ਼ਨ ਲਈ ਅਰਜ਼ੀ ਜਨਵਰੀ 20 25 ਵਿੱਚ ਦਿੱਤੀ ਗਈ ਸੀ ਅਤੇ ਮਾਮਲਾ ਹੁਣ ਦਿੱਲੀ ਹਾਈ ਕੋਰਟ ਤੱਕ ਪਹੁੰਚ ਚੁੱਕਾ ਹੈ। 539 ਨੇ ਅਦਾਲਤ ਵਿੱਚ ਰਜਿਸਟ੍ਰੇਸ਼ਨ ਸਬੰਧੀ ਕੌਮੀ ਸੁਰੱਖਿਆ ਨਾਲ ਜੁੜੀਆਂ ਕੁਝ ਚਿੰਤਾਵਾਂ ਦਾ ਹਵਾਲਾ ਦਿੱਤਾ ਹੈ।

ਬਲਾਕ ਸੰਮਤੀ ਬਲਾਚੌਰ ਦੇ ਨਵੇਂ ਚੇਅਰਮੈਨ ਰਣਵੀਰ ਸਿੰਘ ਧਾਲੀਵਾਲ ਦਾ ਵਿਧਾਇਕਾ ਸੰਤੋਸ਼ ਕਟਾਰੀਆ ਵੱਲੋਂ ਸਨਮਾਨ ਤੇ ਸ਼ੁਭਕਾਮਨਾਵਾਂ

ਬਲਾਚੌਰ, 3 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਅਤੇ ਸੀਨੀਅਰ ਆਮ ਆਦਮੀ ਪਾਰਟੀ ਆਗੂ ਅਸ਼ੋਕ ਕਟਾਰੀਆ ਨੇ ਸ. ਰਣਵੀਰ ਸਿੰਘ ਧਾਲੀਵਾਲ ਨੂੰ ਬਲਾਕ ਬਲਾਚੌਰ ਤੋਂ ਬਲਾਕ ਸੰਮਤੀ ਦੇ ਚੇਅਰਮੈਨ ਬਣਨ 'ਤੇ ਮੁਬਾਰਕਬਾਦ ਦਿੱਤੀ ਅਤੇ ਉਨ੍ਹਾਂ ਦੇ ਨਵੇਂ ਅਹੁਦੇ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ। ਇਸ ਮੌਕੇ ਵਿਧਾਇਕਾ ਸੰਤੋਸ਼ ਕਟਾਰੀਆ ਨੇ ਕਿਹਾ ਕਿ ਬਲਾਕ ਸੰਮਤੀ ਦਾ ਚੇਅਰਮੈਨ ਬਣਨ ਨਾਲ ਰਣਵੀਰ ਸਿੰਘ ਧਾਲੀਵਾਲ ਦੀਆਂ ਜ਼ਿੰਮੇਵਾਰੀਆਂ ਹੋਰ ਵਧੀਆਂ ਹਨ। ਉਨ੍ਹਾਂ ਉਮੀਦ ਪ੍ਰਗਟਾਈ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਤਨਦੇਹੀ ਅਤੇ ਲੋਕ-ਹਿੱਤ ਦੀ ਭਾਵਨਾ ਨਾਲ ਨਿਭਾਉਂਦੇ ਹੋਏ ਬਲਾਚੌਰ ਬਲਾਕ ਦੇ ਪਿੰਡਾਂ ਦੇ ਵਿਕਾਸ ਅਤੇ ਇਲਾਕੇ ਦੀ ਤਰੱਕੀ ਲਈ ਵਡਮੁੱਲਾ ਯੋਗਦਾਨ ਪਾਉਣਗੇ। ਵਿਧਾਇਕਾ ਨੇ ਕਿਹਾ ਕਿ ਪਿੰਡਾਂ ਦੇ ਸਰਵਪੱਖੀ ਵਿਕਾਸ, ਬੁਨਿਆਦੀ ਸਹੂਲਤਾਂ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਰਣਵੀਰ ਸਿੰਘ ਧਾਲੀਵਾਲ ਨੂੰ ਨਵੇਂ ਅਹੁਦੇ ਲਈ ਮੁੜ ਵਧਾਈ ਦਿੰਦਿਆਂ ਉਨ੍ਹਾਂ ਦੇ ਸਫਲ ਕਾਰਜਕਾਲ ਦੀ ਕਾਮਨਾ ਕੀਤੀ। ਇਸ ਮੌਕੇ ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਨੇ ਵੀ ਰਣਵੀਰ ਸਿੰਘ ਧਾਲੀਵਾਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਮਿਲੀ ਨਵੀਂ ਜ਼ਿੰਮੇਵਾਰੀ ਇਲਾਕੇ ਦੀ ਸੇਵਾ ਕਰਨ ਦਾ ਇੱਕ ਮਹੱਤਵਪੂਰਨ ਮੌਕਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦੇ ਹੋਏ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣਗੇ।

ਗੁੜ ਦੀ ਗੁਣਵੱਤਾ ਯਕੀਨੀ ਬਣਾਉਣ ਲਈ ਗੁਰਦਾਸਪੁਰ ਵਿੱਚ ਸਾਂਝੀ ਟੀਮ ਵੱਲੋਂ ਜਾਂਚ

ਗੁਰਦਾਸਪੁਰ, 3 ਅਕਤੂਬਰ (ਗੁਲਸ਼ਨ ਰਣੀਆਂ) ਜ਼ਿਲ੍ਹਾ ਗੁਰਦਾਸਪੁਰ ਵਿੱਚ ਧਾਰੀਵਾਲ ਬਾਈਪਾਸ 'ਤੇ ਪ੍ਰਵਾਸੀ ਕਾਮਿਆਂ ਵੱਲੋਂ ਲਗਾਈਆਂ ਗੁੜ ਦੀਆਂ ਘੁਲਾੜੀਆਂ ਵਿੱਚ ਤਿਆਰ ਕੀਤੇ ਜਾ ਰਹੇ ਗੁੜ ਅਤੇ ਵਰਤੇ ਜਾ ਰਹੇ ਗੰਨੇ ਦੀ ਗੁਣਵੱਤਾ ਦੀ ਜਾਂਚ ਲਈ ਦਫ਼ਤਰ ਗੰਨਾ ਕਮਿਸ਼ਨਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ, ਸਿਹਤ ਵਿਭਾਗ ਅਤੇ ਗੰਨਾ ਕਾਸ਼ਤਕਾਰਾਂ ਦੀ ਸਾਂਝੀ ਟੀਮ ਵੱਲੋਂ ਅਚਨਚੇਤ ਜਾਂਚ ਕੀਤੀ ਗਈ। ਇਸ ਦੌਰਾਨ ਤਿਆਰ ਕੀਤੇ ਜਾ ਰਹੇ ਗੁੜ ਦੇ ਦੋ ਨਮੂਨੇ ਲੈ ਕੇ ਪਰਖ ਲਈ ਪ੍ਰਯੋਗਸ਼ਾਲਾ ਭੇਜੇ ਗਏ। ਇਸ ਤੋਂ ਇਲਾਵਾ 20-25 ਕਿਲੋਗ੍ਰਾਮ ਖ਼ਰਾਬ ਹੋਇਆ ਗੁੜ ਵੀ ਨਸ਼ਟ ਕੀਤਾ ਗਿਆ ਇਸ ਸਾਂਝੀ ਟੀਮ ਵਿੱਚ ਕੇਨ ਕਮਿਸ਼ਨਰ

ਸ਼ੀਡਾ ਨੇ ਆਲ ਇੰਡੀਆ ਗੁਰਦਵਾਰਾ ਐਕਟ ਤਿਆਰ ਕਰਨ ਲਈ ਵਿਦਵਾਨਾ ਦੀ ਕਮੇਟੀ ਦਾ ਗਠਨ ਕਰਨ ਦਾ ਸੁਝਾਅ ਪੇਸ਼ ਕੀਤਾ

ਅੰਮ੍ਰਿਤਸਰ 3 ਅਕਤੂਬਰ (ਮੋਹਕਮ ਸਿੰਘ) ਹਰਿਆਣਾ ਸਿੱਖ ਗੁਰੂਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਡਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕਰਕੇ ਆਲ ਇੰਡੀਆ ਗੁਰਦਵਾਰਾ ਐਕਟ ਤਿਆਰ ਕਰਨ ਲਈ ਵਿਦਵਾਨਾ ਦੀ ਕਮੇਟੀ ਦਾ ਗਠਨ ਕਰਨ ਦਾ ਸੁਝਾਅ ਪੇਸ਼ ਕੀਤਾ।ਜਥੇਦਾਰ ਨੂੰ ਸੌਂਪੇ ਪੱਤਰ ਵਿਚ ਸ੍ ਝੀਡਾ ਨੇ ਕਿਹਾ ਕਿ ਦੇਸ਼ ਭਰ ਵਿੱਚ ਵੱਖ-ਵੱਖ ਸੂਬਿਆਂ ਵਿੱਚ ਸਥਿਤ ਇਤਿਹਾਸਕ ਅਤੇ ਪ੍ਰਮੁੱਖ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਲਈ ਵੱਖ-ਵੱਖ ਕਾਨੂੰਨੀ ਅਤੇ ਪ੍ਰਬੰਧਕੀ ਵਿਵਸਥਾਵਾਂ ਲਾਗੂ ਹਨ। ਸਮੇਂ ਦੀ ਲੋੜ ਨੂੰ ਮੁੱਖ ਰੱਖਦਿਆਂ ਇੱਕ ਆਲ ਇੰਡੀਆ ਗੁਰਦੁਆਰਾ ਐਕਟ ਤਿਆਰ ਕਰਨ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਹੈ, ਜਿਸ ਨਾਲ ਭਾਰਤ ਦੇ ਸਮੂਹ ਸਿੱਖ ਗੁਰਦੁਆਰਿਆਂ ਦੀ ਇਕ-ਮੁੱਠ ਸੁਚੱਜੀ ਤਰ੍ਾਂ ਸੇਵਾ-ਸੰਭਾਲ ਹੋ ਸਕੇ। ਸਿੱਖ ਗੁਰਦੁਆਰਾ ਐਕਟ, 1925 ਆਪਣੇ ਲਾਗੂ ਅਧਿਕਾਰ ਖੇਤਰ ਵਿੱਚ ਗੁਰਦੁਆਰਾ ਪ੍ਰਬੰਧ ਕਰਨ ਲਈ ਕਾਨੂੰਨੀ ਢਾਂਚਾ ਪ੍ਰਦਾਨ ਕਰਦਾ ਹੈ, ਜਦੋਂ ਕਿ ਇਸ ਦੇ ਹੋਰ ਹਿੱਸਿਆਂ ਵਿੱਚ ਗੁਰਦੁਆਰਾ ਸਾਹਿਬਾਨ ਲਈ ਵੱਖ-ਵੱਖ ਪ੍ਰਬੰਧ ਹਨ। ਇਸ ਬਾਰੇ ਵਿਚਾਰ-ਵਟਾਂਦਰੇ ਦੀ ਲੋੜ ਹੈ, ਤਾਂ ਜੋ ਸਿੱਖ ਧਾਰਮਿਕ ਪ੍ਰਬੰਧਾਂ, ਸਿੱਖ ਰਹਿਤ ਮਰਯਾਦਾ, ਸਿੱਖ ਇਤਿਹਾਸ ਅਤੇ ਸਿੱਖ ਸੰਸਥਾਵਾਂ ਦੀ ਮਜ਼ਬੂਤੀ ਨੂੰ ਧਿਆਨ ਵਿੱਚ ਰੱਖਦਿਆਂ ਪੂਰੇ ਭਾਰਤ ਵਿੱਚ

ਸਿੱਖ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ, ਪ੍ਰਬੰਧਕ, ਜਵਾਬਦੇਹੀ ਅਤੇ ਸੇਵਾਵਾਂ ਲਈ ਇਕਸਾਰ ਕਾਨੂੰਨੀ ਢਾਂਚਾ ਤਿਆਰ ਕੀਤਾ ਜਾ ਸਕੇ। ਇਸ ਸਬੰਧੀ ਗੁਰਦੁਆਰਾ ਮੈਨੇਜਮੈਂਟ ਕਮੇਟੀ ਮਹਿਸੂਸ ਕਰਦੀ ਹੈ ਕਿ ਇਸ ਦੀਆਂ ਪ੍ਰਮੁੱਖ ਸਿੱਖ ਸੰਸਥਾਵਾਂ, ਧਾਰਮਿਕ ਅਤੇ ਪ੍ਰਬੰਧਕ ਕਮੇਟੀਆਂ, ਕਾਨੂੰਨੀ ਮਾਹਿਰਾਂ ਅਤੇ ਸਿੱਖ ਵਿਦਵਾਨਾਂ ਨੂੰ ਇਕੱਠੇ ਬਿਠਾ ਕੇ ਇਸ ਮਹੱਤਵਪੂਰਨ ਮਾਮਲੇ 'ਤੇ ਵਿਚਾਰ-ਵਟਾਂਦਰਾ ਕੀਤਾ ਜਾਣਾ ਚਾਹੀਦਾ ਹੈ।ਉਨਾਂ ਕਿਹਾ ਕਿ ਆਲ ਇੰਡੀਆ ਗੁਰਦੁਆਰਾ ਐਕਟ ਦਾ ਇੱਕ ਪ੍ਰਸਤਾਵਿਤ ਖਰੜਾ ਤਿਆਰ ਕਰਨ ਲਈ ਸਾਂਝੀ ਕਮੇਟੀ ਦਾ ਗਠਨ ਕੀਤਾ ਜਾਵੇ।ਇਸ ਕਮੇਟੀ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਹੋਰ ਪ੍ਰਮੁੱਖ ਸਿੱਖ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੂੰ ਸ਼ਾਮਲ ਕੀਤਾ ਜਾਵੇ। ਵੱਖ-ਵੱਖ ਰਾਜਾਂ ਵਿੱਚ ਲਾਗੂ ਗੁਰਦੁਆਰਾ ਪ੍ਰਬੰਧ ਸਬੰਧੀ ਕਾਨੂੰਨਾਂ ਦਾ ਅਧਿਐਨ ਕਰਕੇ ਉਨ੍ਾਂ ਦੇ ਉਚਿਤ ਪ੍ਰਬੰਧਾਂ ਨੂੰ ਪ੍ਰਸਤਾਵਿਤ ਐਕਟ ਵਿੱਚ ਸ਼ਾਮਲ ਕਰਨ 'ਤੇ ਵਿਚਾਰ ਕੀਤਾ ਜਾਵੇ। ਇਸ ਮਾਮਲੇ ਸਬੰਧੀ ਦੇਸ਼ ਪੱਧਰ ਦੀ ਇੱਕ ਸਾਂਝੀ ਮੀਟਿੰਗਸੈਮੀਨਾਰ ਬੁਲਾ ਕੇ ਸਮੂਹ ਸਿੱਖ ਸੰਸਥਾਵਾਂ ਦੇ ਸੁਝਾਅ ਪ੍ਰਾਪਤ ਕੀਤੇ ਜਾਣ।ਸਾਰੇ ਪੱਖਾਂ ਦੀ ਸਹਿਮਤੀ ਨਾਲ ਤਿਆਰ ਕੀਤੇ ਖਰੜੇ ਨੂੰ ਰੋਜ਼ਾ ਸੰਵਿਧਾਨਕ ਅਤੇ ਕਾਨੂੰਨੀ ਪ੍ਰਕਿਰਿਆ ਰਾਹੀਂ ਅੱਗੇ ਵਧਾਉਣ ਲਈ ਉਚਿਤ ਪੱਧਰ 'ਤੇ ਪੇਸ਼ ਕੀਤਾ ਜਾਵੇ।ਉਨਾਂ ਕਿਹਾ ਕਿ ਇਸ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲਾਂ ਵੀ ਸਾਲ 1978 ਵਿੱਚ ਉਪਰਾਲਾ ਕੀਤਾ ਸੀ, ਜਦੋਂ ਕਿ ਜਥੇਦਾਰ ਟੇਹੜਾ ਸਾਹਿਬ ਅਤੇ ਸ੍। ਬਾਦਲ ਸਾਹਿਬ ਨੂੰ ਉਸ ਸਮੇਂ ਦੇ ਗ੍ਰਹਿ-ਮੰਤਰੀ ਚੌਧਰੀ ਚਰਨ ਸਿੰਘ (ਦੇਸ਼ੀ ਸਰਕਾਰ ਸਮੇਂ) ਨੇ ਇਸ ਐਕਟ ਦੇ ਪਾਸ ਕਰਵਾਉਣ ਦਾ ਭਰੋਸਾ ਦਿਵਾਇਆ ਸੀ, ਇਸ ਦਾ ਖਰੜਾ ਤਿਆਰ ਕਰਕੇ ਭੇਜਣ ਲਈ ਕਿਹਾ ਸੀ। ਸਬੰਧਤ ਖਰੜਾ ਮਾਨਯੋਗ ਡਾਇਰੈਕਟਰ ਚੀ.ਫ਼ ਜਸਟਿਸ ਪੰਜਾਬ-ਹਰਿਆਣਾ ਹਾਈ ਕੋਰਟ, ਸ੍। ਹਰਦਮ ਸਿੰਘ ਜੀ ਨੇ ਤਿਆਰ ਕੀਤਾ ਜਿਸ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਵਿਚਾਰ ਕੀਤੀ ਸੀ। ਉਪਰੰਤ ਇਹ ਖਰੜਾ ਸ੍। ਜਸਬੀਰ ਸਿੰਘ ਅਹਲੂਵਾਲੀਆ (ਆਈ।ਏ।ਐਸ।) ਅਤੇ ਲਲਿਤਾ ਸੰਨ 2008 ਵਿੱਚ ਜਸਟਿਸ ਕੁਲਵੰਤ ਸਿੰਘ ਜੀ ਟਿਵਾਣਾ ਦੀਆਂ ਸਬ-ਕਮੇਟੀਆਂ ਵੱਲੋਂ ਪੇਸ਼ ਕੀਤਾ ਗਿਆ ਸੀ। ਪਰ ਕੋਈ ਠੋਸ ਸਿੱਟਾ ਨਹੀਂ ਨਿਕਲਿਆ।ਇਸ ਮੌਕੇ ਤੇ ਹਰਿਆਣਾ ਕਮੇਟੀ ਦੇ ਮੈਂਬਰ ਸ੍ ਇੰਦਰਜੀਤ ਸਿੰਘ ਤੇ ਹਰਮਨਜੀਤ ਸਿੰਘ ਵੀ ਹਾਜਰ ਸਨ।

ਗੁਰਦੁਆਰਿਆਂ ਨੂੰ ਮਹੰਤਾਂ ਤੋਂ ਆਜਾਦ ਕਰਾਉਣ ਲਈ ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰੂ ਪਾਤਸ਼ਾਹ ਅੱਗੇ ਕੀਤੀ ਗਈ ਅਰਦਾਸ

ਅੰਮ੍ਰਿਤਸਰ 3 ਅਕਤੂਬਰ (ਮੋਹਕਮ ਸਿੰਘ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਵਿੱਚ ਵਾਪਰੀਆਂ ਹਾਲੀਆ ਮੰਦਭਾਗੀਆਂ ਘਟਨਾਵਾਂ ਨੇ ਵਿਸ਼ਵ ਭਰ ਦੀ ਸਿੱਖ ਸੰਗਤ ਨੂੰ ਗੰਭੀਰ ਚਿੰਤਾ ਅਤੇ ਨਾਮੋਸ਼ੀ ਵਿੱਚ ਪਾਇਆ ਹੋਇਆ ਹੈ। ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਸੰਗਤ ਦੀ ਆਵਾਜ਼ ਨੂੰ ਬੁਲੰਦ ਕਰਨ ਲਈ ਸ਼ੁਰੂ ਕੀਤੀ ਗੁਰਦੁਆਰਾ ਸੁਧਾਰ ਲਹਿਰ-2' ਤਹਿਤ ਤੀਜੇ ਦਿਨ ਸ੍ੀ ਅਕਾਲ ਤਖਤ ਸਾਹਿਬ ਤੇ ਪਹੁੰਚ ਕੇ ਸ੍ੀ ਗੁਰੂ ਹਰਿਗੋਬਿੰਦ ਸਾਹਿਬ ਜੀ ਅੱਗੇ ਅਰਦਾਸ ਕੀਤੀ ਗਈ। ਅੱਜ ਦਾ ਇਹ ਜਥਾ ਸ ਰਣਧੀਰ ਸਿੰਘ ਰੱਖੜਾ ਜਿਲਾ ਪ੍ਰਧਾਨ ਪਟਿਆਲਾ ਦਿਹਾਤੀ ਅਤੇ ਸ ਰਵਿੰਦਰ ਸਿੰਘ ਵਿੰਦਾ ਗਰੋਵਰ ਪ੍ਰਧਾਨ ਪਟਿਆਲਾ ਸ਼ਹਿਰੀ ਦੀ ਅਗਵਾਈ ਹੇਠ ਜਿਲ੍ਾ ਜਥੇ ਨਾਲ ਸ੍ੀ ਅੰਮ੍ਰਿਤਸਰ ਪਹੁੰਚਿਆ ਸੀ। ਜਥੇ ਨਾਲ ਅੰਮ੍ਰਿਤਸਰ ਪਹੁੰਚੇ ਵਰਕਿੰਗ ਕਮੇਟੀ ਮੈਂਬਰ ਸ ਭੁਪਿੰਦਰ ਸਿੰਘ ਸ਼ੇਖੂਪੁਰ ਨੇ ਕਿਹਾ ਕਿ ਸਾਡੇ ਬਜੁਰਗਾਂ

ਨੇ ਬੜੀਆਂ ਕੁਰਬਾਨੀਆਂ ਨਾਲ ਮਹੰਤਾਂ ਤੋਂ ਪਰਬੰਧ ਖੋਹਕੇ ਸ਼੍ਰੋਮਣੀ ਕਮੇਟੀ ਹੋਂਦ ਵਿੱਚ ਲਿਆਂਦੀ ਸੀ ਪਰ ਅੱਜ ਦੇ ਮਹੰਤਾਂ ਨੇ ਨਰੈਣੂ ਦੇ ਕੁਕਰਮਾਂ ਨੂੰ ਮਾਤ ਪਾਉਂਦਿਆਂ ਗੁਰੂ ਘਰਾਂ ਨੂੰ ਗੰਦੀਆਂ ਸਾਜਿਸ਼ਾਂ ਦੇ ਅੱਡੇ ਬਣਾ ਦਿੱਤਾ ਹੈ। ਇਹਨਾਂ ਤੋਂ ਪ੍ਰਬੰਧ ਖੋਹਣ ਲਈ ਸੰਗਤਾਂ ਨੂੰ ਅੱਗੇ ਆਉਣਾ ਪਵੇਗਾ ਤਾਂਕਿ ਗੁਰਦੁਆਰਾ ਸੁਧਾਰ ਲਹਿਰ 2 ਨੂੰ ਸਫਲ ਬਣਾਕੇ ਸਾਫ ਸੁਥਰਾ ਗੁਰਮਤਿ ਅਨੁਸਾਰੀ ਪ੍ਰਬੰਧ ਸਿਰਜਿਆ ਜਾ ਸਕੇ। ਸਾਡੀ ਜਥੇਬੰਦੀ ਵੱਲੋਂ ਇਹ ਪ੍ਰੋਗਰਾਮ ਪੰਥਕ ਸੰਸਥਾਵਾਂ ਦੇ ਪ੍ਰਬੰਧ, ਮਾਣ-ਮਰਯਾਦਾ ਅਤੇ ਕਥਿਤ ਦੁਰਵਰਤੋਂ ਸਬੰਧੀ ਉੱਠ ਰਹੀਆਂ ਚਿੰਤਾਵਾਂ ਅਤੇ ਵਿਸ਼ਵ ਭਰ ਦੀ ਸਿੱਖ ਸੰਗਤ ਵਿੱਚ ਪੈਦਾ ਹੋਏ ਰੋਸ ਅਤੇ ਫਿਕਰ ਨੂੰ ਉਜਾਗਰ ਕਰਨ ਲਈ ਉਲੀਕਿਆ ਗਿਆ ਹੈ। ਇਸ ਜਥੇ ਵਿੱਚ ਸ ਗੁਰਚਰਨ ਸਿੰਘ ਸਿਹਰਾ, ਸ ਪ੍ਰਕਾਸ਼ ਸਿੰਘ ਆਲਮਪੁਰ, ਐਡਵੋਕੇਟ ਰਵਿੰਦਰ ਸਿੰਘ ਸ਼ਾਹਪੁਰ, ਸ ਚਰਨਜੀਤ ਸਿੰਘ ਮਦੀ, ਸ ਮਧੂਪਾਲ ਸਿੰਘ ਗੋਗਾ, ਸ ਹਰਜੀਤ ਸਿੰਘ ਭੰਗੂ, ਸ ਤੀਰ ਸਿੰਘ, ਸ ਕਰਨਵੀਰ ਸਿੰਘ, ਸ ਜਗਰੂਪ ਸਿੰਘ, ਸ ਹਰਮਨ ਸਿੰਘ, ਸ ਤਜਿੰਦਰ ਸਿੰਘ ਸ਼ੱਕੂ ਗਰੋਵਰ, ਸ ਪ੍ਰੀਤਮ ਸਿੰਘ, ਜਥੇਦਾਰ ਸ਼ਮਸ਼ੇਰ ਸਿੰਘ, ਸ੍ੀ ਚੰਦਰਭਾਨ ਗਾਭਾ, ਸ ਰਸ਼ਪਾਲ ਸਿੰਘ, ਸ ਹਰਵਿੰਦਰ ਸਿੰਘ, ਸ ਸੁਖਦੇਵ ਸਿੰਘ, ਸ ਪਰਮਿੰਦਰ ਸਿੰਘ ਹਾਂਜੀ, ਸ ਗੁਰਮਨਜੋਤ ਸਿੰਘ, ਸ ਚਰਨਜੀਤ ਸਿੰਘ, ਸ ਕਿਰਨਜੀਤ ਸਿੰਘ, ਸ ਗੁਰਮੁਖ ਸਿੰਘ ਅਤੇ ਸ ਜਗਜੀਤ ਸਿੰਘ ਕੋਹਲੀ ਦਫਤਰ ਸਕਤਰ ਆਦਿ ਆਗੂ ਮੌਜੂਦ ਸਨ। ਪ੍ਰੈਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤਜਿੰਦਰ ਸਿੰਘ ਪੰਨੂ ਮੀਡੀਆ ਇੰਚਾਰਜ ਵੱਲੋਂ ਜਾਰੀ ਕੀਤਾ ਗਿਆ।

ਕਰਤਾਰਪੁਰ ਸ਼ਹਿਰੀ ਕਾਂਗਰਸ ਦੇ ਲੀਗਲ ਸੈੱਲ ਦੀ ਕਮਾਨ ਐਡਵੋਕੇਟ ਵਰਿੰਦਰ ਸ਼ਰਮਾ ਨੂੰ

ਕਰਤਾਰਪੁਰ 3 ਅਕਤੂਬਰ (ਦਿਨੇਸ਼ ਕੁਮਾਰ) ਕਾਂਗਰਸ ਪਾਰਟੀ ਵੱਲੋਂ ਕਰਤਾਰਪੁਰ ਸ਼ਹਿਰੀ ਕਾਂਗਰਸ ਦੇ ਲੀਗਲ ਸੈੱਲ ਵਿੱਚ ਐਡਵੋਕੇਟ ਵਰਿੰਦਰ ਸ਼ਰਮਾ ਨੂੰ ਪ੍ਰੈਜ਼ੀਡੈਂਟ ਅਤੇ ਸਿਟੀ ਕਾਂਗਰਸ ਐਡਵਾਈਜ਼ਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਾਂ ਨੂੰ ਨਿਯੁਕਤੀ ਪੱਤਰ ਕਰਤਾਰਪੁਰ ਵਿਧਾਨ ਸਭਾ ਹਲਕਾ ਇੰਚਾਰਜ ਅਤੇ ਸੇਵਾਮੁਕਤ ਐਸ.ਐਸ.ਪੀ. ਰਾਜਿੰਦਰ ਸਿੰਘ ਵੱਲੋਂ ਸੌਂਪਿਆ ਗਿਆ। ਨਵੀਂ ਜ਼ਿੰਮੇਵਾਰੀ ਮਿਲਣ ਉਪਰੰਤ ਐਡਵੋਕੇਟ ਵਰਿੰਦਰ ਸ਼ਰਮਾ ਨੇ ਪਾਰਟੀ ਹਾਈਕਮਾਂਡ ਅਤੇ ਸੀਨੀਅਰ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਾਂ ਤੇ ਜਤਾਏ ਭਰੋਸੇ ਨੂੰ ਉਹ ਪੂਰੀ ਇਮਾਨਦਾਰੀ, ਮਿਹਨਤ ਅਤੇ ਲਗਨ ਨਾਲ ਨਿਭਾਉਣਗੇ। ਉਨ੍ਾਂ ਕਿਹਾ ਕਿ ਕਾਨੂੰਨੀ ਮਾਮਲਿਆਂ ਸਬੰਧੀ ਪਾਰਟੀ ਵਰਕਰਾਂ ਅਤੇ ਆਮ ਲੋਕਾਂ ਦੇ ਮੁੱਦਿਆਂ ਨੂੰ ਢੁਕਵੇਂ ਪਲੇਟਫਾਰਮ ਤੇ ਉਠਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਇਸ ਮੌਕੇ ਰਾਜਿੰਦਰ ਸਿੰਘ ਨੇ ਐਡਵੋਕੇਟ ਵਰਿੰਦਰ ਸ਼ਰਮਾ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਕਿਹਾ ਕਿ ਉਹ ਇੱਕ ਸੀਨੀਅਰ, ਮਿਹਨਤੀ ਅਤੇ ਸਮਰਪਿਤ ਕਾਂਗਰਸੀ ਵਰਕਰ ਹਨ। ਉਨ੍ਾਂ ਕਿਹਾ ਕਿ ਵਰਿੰਦਰ ਸ਼ਰਮਾ ਆਪਣੀ ਕਾਨੂੰਨੀ ਮੁਹਾਰਤ ਅਤੇ ਤਜਰਬੇ ਦਾ ਲਾਭ ਲੈਂਦਿਆਂ ਪਾਰਟੀ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਪਾਰਟੀ ਵਰਕਰਾਂ ਅਤੇ ਆਮ ਜਨਤਾ ਨਾਲ ਸਬੰਧਤ ਕਾਨੂੰਨੀ ਤੇ ਸਮਾਜਿਕ ਮੁੱਦਿਆਂ ਨੂੰ ਸਹੀ ਮੰਚ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਐਡਵੋਕੇਟ ਵਿਨੋਦ ਕੁੰਦਰਾ, ਸਾਗਰ, ਅਨੁਰਾਗ, ਲਵਲੀ, ਹਰਸ਼ਰਨ ਸਿੰਘ, ਰੁਪਿੰਦਰ, ਤੁਸ਼ਾਰ, ਵਿਜੇ, ਤਰਸੇਮ, ਸੰਦੀਪ ਸ਼ਰਮਾ, ਜਲੰਧਰ ਲੀਗਲ ਸੈੱਲ ਦੇ ਚੇਅਰਮੈਨ ਦਵਿੰਦਰ ਭੰਡਾਰੀ, ਸੰਦੀਪ ਕੁਮਾਰ, ਐਡਵੋਕੇਟ ਅਸ਼ਵਨੀ ਭਗਤ, ਚੇਅਰਮੈਨ ਹੀਰਾ ਲਾਲ ਖੋਸਲਾ ਸਮੇਤ ਹੋਰ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

ਪ੍ਰਸਿੱਧ ਡੇਰਾ ਸਤਿਗੁਰੂ ਲਾਲ ਨਾਥ ਜੀ ਰਹੀਮਪੁਰ ਵਿਖੇ 10 ਅਕਤੂਬਰ ਨੂੰ ਪੂਰੀ ਸ਼ਰਧਾ ਨਾਲ ਮਨਾਇਆ ਜਾਵੇਗਾ ਭਗਵਾਨ ਵਾਲਮੀਕਿ ਜੀ ਦਾ ਸੂਬਾ ਪੱਧਰੀ ਪ੍ਰਗਟ ਦਿਵਸ

ਨਕੋਦਰ (ਚੇਤਨ ਗਗਨ) ਦੁਆਬੇ ਦੇ ਇਤਿਹਾਸ ਵਿੱਚ ਇਸ ਵਾਰ ਭਗਵਾਨ ਵਾਲਮੀਕਿ ਮਹਾਰਾਜ ਜੀ ਦਾ ਸੂਬਾ ਪੱਧਰੀ ਪ੍ਰਗਟ ਦਿਵਸ ਸਮਾਗਮ ਆਉਂਦੀ 10 ਅਕਤੂਬਰ 2026 ਨੂੰ ਦੁਆਬੇ ਦੇ ਪ੍ਰਸਿੱਧ ਤੇ ਇਤਿਹਾਸਕ ਡੇਰਾ ਸਤਿਗੁਰੂ ਲਾਲ ਨਾਥ ਜੀ, ਰਹੀਮਪੁਰ (ਜਲੰਧਰ) ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਡੇਰੇ ਦੇ ਗੱਦੀਨਸ਼ੀਨ ਬਾਲ ਜੋਗੀ ਬਾਬਾ ਪ੍ਰਗਟ ਨਾਥ ਜੀ ਨੇ ਪ੍ਰੈਸ ਨੋਟ ਰਾਹੀਂ ਦੱਸਿਆ ਕਿ ਪੰਜਾਬ ਸਰਕਾਰ ਦੇ ਸੈਰ-ਸਪਾਟਾ ਵਿਭਾਗ ਵੱਲੋਂ 10 ਅਕਤੂਬਰ ਨੂੰ ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਦਿਵਸ ਪੂਰੇ ਮਾਨ-ਸਤਿਕਾਰ ਸਹਿਤ ਸੂਬਾ ਪੱਧਰ ਤੇ ਡੇਰਾ ਰਹੀਮਪੁਰ ਵਿਖੇ ਮਨਾਇਆ ਜਾਵੇਗਾ। ਉਨ੍ਾਂ ਜਾਣਕਾਰੀ ਦਿੱਤੀ ਕਿ ਇਸ ਇਤਿਹਾਸਕ ਮੌਕੇ ਤੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਉਚੇਚੇ ਤੌਰ ਤੇ ਪਹੁੰਚ ਕੇ ਇਸ ਵਿਸ਼ਾਲ ਸਮਾਗਮ ਨੂੰ ਸੰਬੋਧਨ ਕਰਨਗੇ, ਜਿਨ੍ਾਂ ਨਾਲ ਮੰਤਰੀ ਮੰਡਲ ਦੇ

ਸਹਿਯੋਗੀ ਮੰਤਰੀ ਅਤੇ ਕਈ ਵਿਧਾਇਕ ਵੀ ਹਾਜ਼ਰ ਰਹਿਣਗੇ। ਬਾਬਾ ਪ੍ਰਗਟ ਨਾਥ ਜੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਟੂਰਿਜ਼ਮ ਵਿਭਾਗ ਵੱਲੋਂ ਸੂਬੇ ਭਰ ਵਿੱਚ ਕੁੱਲ 5 ਵਿਸ਼ਾਲ ਸੂਬਾ ਪੱਧਰੀ ਸਮਾਗਮ ਕਰਵਾਏ ਜਾ ਰਹੇ ਹਨ, ਜੋ ਕਿ ਸ੍ੀ ਦੀਪਕ ਬਾਲੀ ਅਤੇ ਵਿਧਾਇਕ ਸ੍ੀ ਅਜੈ ਦੱਤ (ਦਿੱਲੀ) ਦੇ ਦਿਸ਼ਾ-ਨਿਰਦੇਸ਼ਾਂ ਹੇਠ ਹੋਣਗੇ। ਇਸ ਦੀ ਸ਼ੁਰੂਆਤ ਡੇਰਾ ਰਹੀਮਪੁਰ ਤੋਂ ਹੋਵੇਗੀ, ਜਦਕਿ ਬਾਕੀ ਸਮਾਗਮ ਜਲੰਧਰ ਸ਼ਹਿਰ, ਬਠਿੰਡਾ, ਪਟਿਆਲਾ ਅਤੇ ਅੰਮ੍ਰਿਤਸਰ ਵਿਖੇ ਕਰਵਾਏ ਜਾਣਗੇ। ਇਸ ਮਹਾਂ-ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਡੇਰਾ ਰਹੀਮਪੁਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਮੁਖੀਆਂ ਨੇ ਹਿੱਸਾ ਲਿਆ। ਸਮਾਗਮ ਵਿੱਚ ਨਾਮਵਰ ਕੀਰਤਨੀ ਜਥੇ ਭਗਵਾਨ ਵਾਲਮੀਕਿ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ ਅਤੇ ਸੰਗਤ ਨੂੰ ਉਨ੍ਾਂ ਦੀਆਂ ਸਿੱਖਿਆਵਾਂ ਤੇ ਚੱਲਣ ਲਈ ਪ੍ਰੇਰਿਤ ਕਰਨਗੇ। ਇਸ ਮੀਟਿੰਗ ਵਿੱਚ ਹਲਕਾ ਨਕੋਦਰ ਦੀ ਵਿਧਾਇਕਾ ਇੰਦਰਜੀਤ ਕੌਰ ਮਾਨ, ਹਲਕਾ ਕਰਤਾਰਪੁਰ ਦੇ ਵਿਧਾਇਕ ਸਰਦਾਰ ਬਲਕਾਰ ਸਿੰਘ, ਹਲਕਾ ਸ਼ਾਹਕੋਟ ਦੇ ਇੰਚਾਰਜ ਪਾਲਾ ਜਲਾਲਪੁਰੀ, ਪੰਜਾਬ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਜ਼ਿਲ੍ਾ ਪ੍ਰੀਸ਼ਦ ਚੇਅਰਮੈਨ ਦਰਸ਼ਨ ਸਿੰਘ ਟਾਹਲੀ, ਜ਼ਿਲ੍ਾ ਪਲੈਨਿੰਗ ਬੋਰਡ ਚੇਅਰਮੈਨ ਅੰਮ੍ਰਿਤਪਾਲ, ਹਲਕਾ ਆਦਮਪੁਰ ਦੇ ਇੰਚਾਰਜ ਪਵਨ ਕੁਮਾਰ ਟੀਨੂੰ, ਹਲਕਾ ਫਿਲੌਰ ਦੀ ਇੰਚਾਰਜ ਹਰਜੋਤ ਕੌਰ , ਮਾਰਕੀਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਜਸਵੀਰ ਸਿੰਘ ਜਲਾਲਪੁਰੀ, ਅਤੇ ਡੇਰੇ ਦੇ ਸੇਵਾਦਾਰ ਹਾਜ਼ਰ ਰਹੇ।

ਪਰਗਟ ਸਿੰਘ ਨੂੰ ਪੰਜਾਬ ਕਾਂਗਰਸ ਦੀ ਕਮਾਨ ਮਿਲਣ 'ਤੇ ਕਰਤਾਰਪੁਰ 'ਚ ਗੂੰਜੀ ਖੁਸ਼ੀ, ਕਾਂਗਰਸੀ ਵਰਕਰਾਂ ਨੇ ਵੰਡੇ ਲੱਡੂ

ਕਰਤਾਰਪੁਰ 3 ਅਕਤੂਬਰ (ਦਿਨੇਸ਼ ਕੁਮਾਰ) ਹਾਕੀ ਦੇ ਵਿਸ਼ਵ ਵਿਜੇਤਾ, ਅਰਜੁਨ ਐਵਾਰਡੀ ਅਤੇ ਪਦਮ ਸ

ਬਾਬਾ ਲੱਖਾ ਸਿੰਘ ਨਾਨਕਸਰ ਜਗਰਾਉਂ ਨੇ ਪੰਜਾਬ ਦੇ ਮੁੱਖ ਮੰਤਰੀ ਨਾਲ ਮੁਲਾਕਾਤ ਨੂੰ ਮੰਨਿਆ ਭੁੱਲ

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਪਸ਼ਟੀਕਰਨ ਸੌਂਪਿਆ

ਅੰਮ੍ਰਿਤਸਰ, 3 ਅਕਤੂਬਰ (ਮੋਹਕਮ ਸਿੰਘ) : ਪੰਜਾਬ ਸਰਕਾਰ ਵੱਲੋਂ ਬੀਤੇ ਸਮੇਂ ਪਾਸ ਕੀਤੇ ਗਏ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 "ਉੱਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪ੍ਰਗਟਾਏ ਇਤਰਾਜ਼ਾਂ ਤੇ ਚੱਲ ਰਹੇ ਮਾਮਲੇ ਦੇ ਬਾਵਜੂਦ ਉਸ ਨੂੰ ਸਲਾਹੁਣ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ "ਗੁਰੂ ਦੋਖੀ ਤੇ ਖ਼ਾਲਸਾ ਪੰਥ ਵਿਰੋਧੀ "ਐਲਾਨੇ ਗਏ "ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ "ਨੂੰ ਨਿੱਜੀ ਰੂਪ ਵਿੱਚ ਮਿਲਣ ਦੇ ਮਾਮਲੇ ਵਿੱਚ ਨਾਨਕਸਰ ਕਲੇਰਾਂ ਜਗਰਾਉਂ ਲੁਧਿਆਣਾ ਤੋਂ ਬਾਬਾ ਲੱਖਾ ਸਿੰਘ ਨੇ ਆਪਣਾ ਪੱਖ ਤੇ ਸਪਸ਼ਟੀਕਰਨ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਿੰਘ ਸਾਹਿਬ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸੌਂਪਿਆ। ਆਪਣੇ ਸਪਸ਼ਟੀਕਰਨ ਵਿੱਚ ਬਾਬਾ ਲੱਖਾ ਸਿੰਘ ਨੇ ਮੰਨਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ ਦੇ ਮੱਦੇਨਜ਼ਰ ਉਨ੍ਹਾਂ ਨੂੰ ਉਸ ਨਾਲ ਨਹੀਂ ਮਿਲਣਾ ਚਾਹੀਦਾ ਸੀ ਅਤੇ ਇਹ ਉਨ੍ਹਾਂ ਦੀ ਭੁੱਲ ਹੈ। ਉਨ੍ਹਾਂ ਕਿਹਾ ਕਿ ਮੁਲਾਕਾਤ ਦਾ ਕਾਰਨ ਨਾਨਕਸਰ ਸੰਪਰਦਾ ਵੱਲੋਂ ਚਲਾਏ ਜਾ ਰਹੇ ਹਸਪਤਾਲ ਦੇ ਪ੍ਰਬੰਧਾਂ ਸਬੰਧੀ ਕਾਰਜ ਸਨ, ਜਿਨ੍ਹਾਂ ਨੂੰ ਕਰਨ ਬਾਰੇ ਸਰਕਾਰੀ ਅਫ਼ਸਰਾਂ ਨੇ ਅਸਮਰੱਥਾ ਦਰਸਾਉਂਦਿਆਂ ਮੁੱਖ ਮੰਤਰੀ ਪਾਸੋਂ ਆਦੇਸ਼ ਕਰਵਾਉਣ ਬਾਰੇ ਕਿਹਾ ਸੀ, ਜਿਸ ਕਰਕੇ ਉਨ੍ਹਾਂ ਨੂੰ ਮੁੱਖ ਮੰਤਰੀ ਨੂੰ ਮਿਲਣਾ ਪਿਆ। ਬਾਬਾ ਲੱਖਾ ਸਿੰਘ ਨੇ ਕਿਹਾ ਕਿ ਉਹ ਹਮੇਸ਼ਾ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹਨ ਅਤੇ ਤਖ਼ਤ ਸਾਹਿਬ ਤੋਂ ਆਏ ਆਦੇਸ਼ ਨੂੰ ਸਿਰ ਝੁਕਾਉਂਦੇ ਹੋਏ ਸਿਰ ਮੱਥੇ ਮੰਨਦੇ ਹਨ। ਬਾਬਾ ਲੱਖਾ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਬਣਾਏ ਬੇਅਦਬੀ ਕਾਨੂੰਨ ਦੀ ਸ਼ਲਾਘਾ ਨਹੀਂ ਕੀਤੀ। ਇਸ ਸਬੰਧੀ ਜੋ ਖ਼ਬਰਾਂ ਮੀਡੀਆ ਵਿੱਚ ਛਪੀਆਂ ਹਨ ਉਨ੍ਹਾਂ ਵੱਲੋਂ ਅਜਿਹਾ ਕੋਈ ਬਿਆਨ ਜਾਰੀ ਨਹੀਂ ਕੀਤਾ ਗਿਆ ਇਹ ਪੰਜਾਬ ਸਰਕਾਰ ਵੱਲੋਂ ਆਪਣੇ ਪੱਧਰ ਉੱਤੇ ਹੀ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਸ. ਬਗੀਚਾ ਸਿੰਘ ਨੇ ਕਿਹਾ ਕਿ ਬਾਬਾ ਲੱਖਾ ਸਿੰਘ ਵੱਲੋਂ ਦਿੱਤਾ ਗਿਆ ਸਪਸ਼ਟੀਕਰਨ ਤੇ ਖਿਮਾ ਜਾਚਨਾ ਸਿੰਘ ਸਾਹਿਬ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ ਜਿਸ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਵਿਚਾਰ ਕੇ ਫੈਸਲਾ ਕੀਤਾ ਜਾਵੇਗਾ।

ਸਫ਼ਾ ਇੱਕ ਦੀਆਂ ਬਾਕੀ...

ਮਲੇਸ਼ੀਆ ਨੂੰ 5-1 ਨਾਲ.....

ਕਰਦਿਆਂ ਦੋ ਗੋਲ ਕੀਤੇ। ਉਨ੍ਹਾਂ ਨੇ ਪੈਨਲਟੀ ਕਾਰਨਰ ਨੂੰ ਗੋਲ ਵਿੱਚ ਬਦਲ ਕੇ ਭਾਰਤ ਨੂੰ ਸ਼ੁਰੂਆਤੀ ਬੜ੍ਹਤ ਦਿਵਾਈ ਅਤੇ ਬਾਅਦ ਵਿੱਚ ਇੱਕ ਹੋਰ ਪੈਨਲਟੀ ਕਾਰਨਰ ਰਾਹੀਂ ਟੀਮ ਦਾ ਪੰਜਵਾਂ ਗੋਲ ਕੀਤਾ। ਇਸ ਤੋਂ ਇਲਾਵਾ ਜੁਗਰਾਜ ਸਿੰਘ, ਹਾਰਦਿਕ ਸਿੰਘ ਅਤੇ ਸ਼ਿਲਾਨੰਦ ਲਾਕੜਾ ਨੇ ਵੀ ਇੱਕ-ਇੱਕ ਗੋਲ ਕਰਕੇ ਭਾਰਤ ਦੀ ਜਿੱਤ ਨੂੰ ਯਕੀਨੀ ਬਣਾਇਆ। ਇਸ ਜਿੱਤ ਤੋਂ ਪਹਿਲਾਂ ਭਾਰਤ ਨੇ ਸੈਮੀਫਾਈਨਲ ਵਿੱਚ ਪਾਕਿਸਤਾਨ ਨੂੰ 4-3 ਨਾਲ ਹਰਾ ਕੇ ਫਾਈਨਲ ਵਿੱਚ ਜਗ੍ਹਾ ਬਣਾਈ ਸੀ। ਉਸ ਮੁਕਾਬਲੇ ਵਿੱਚ ਵੀ ਹਰਮਨਪ੍ਰੀਤ ਸਿੰਘ ਨੇ ਦੋ ਗੋਲ ਕੀਤੇ, ਜਦਕਿ ਸੁਖਜੀਤ ਸਿੰਘ ਨੇ ਇੱਕ ਗੋਲ ਕੀਤਾ ਅਤੇ ਆਖਰੀ ਪਲਾਂ ਵਿੱਚ ਅਭਿਸ਼ੇਕ ਦੇ ਗੋਲ ਨੇ ਭਾਰਤ ਨੂੰ ਫਾਈਨਲ ਵਿੱਚ ਪਹੁੰਚਾਇਆ। ਭਾਰਤੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਦੀ ਅਗਵਾਈ ਵਿੱਚ ਭਾਰਤ ਨੇ ਲਗਾਤਾਰ ਦੂਜੀ ਵਾਰ ਏਸ਼ੀਅਨ ਗੇਮਜ਼ ਦਾ ਹਾਕੀ ਖਿਤਾਬ ਜਿੱਤਿਆ ਹੈ। ਇਸ ਇਤਿਹਾਸਕ ਉਪਲਬਧੀ ਵਿੱਚ ਤਜਰਬੇਕਾਰ ਮਿਡਫੀਲਡਰ ਮਨਪ੍ਰੀਤ ਸਿੰਘ ਦਾ ਵੀ ਅਹਿਮ ਯੋਗਦਾਨ ਰਿਹਾ। ਹਾਕੀ ਇੰਡੀਆ ਦੇ ਅਨੁਸਾਰ ਮਨਪ੍ਰੀਤ ਭਾਰਤੀ ਟੀਮ ਦੇ ਸਭ ਤੋਂ ਵੱਧ ਕੈਪ ਹਾਸਲ ਕਰਨ ਵਾਲੇ ਖਿਡਾਰੀ ਹਨ ਅਤੇ 2026 ਏਸ਼ੀਅਨ ਗੇਮਜ਼ ਵਿੱਚ ਟੀਮ ਨੂੰ ਆਪਣਾ ਤਜਰਬਾ ਦੇ ਰਹੇ ਸਨ। ਭਾਰਤੀ ਟੀਮ ਦੀ ਇਸ ਸ਼ਾਨਦਾਰ ਜਿੱਤ ਤੋਂ ਬਾਅਦ ਪੰਜਾਬ ਨਾਲ ਸਬੰਧਤ ਖਿਡਾਰੀਆਂ ਮਨਦੀਪ ਸਿੰਘ ਅਤੇ ਸੁਖਜੀਤ ਸਿੰਘ ਦੇ ਪਰਿਵਾਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਪਰਿਵਾਰਕ ਮੈਂਬਰਾਂ ਅਤੇ ਰਿਸ਼ਤੇਦਾਰਾਂ ਨੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਜਿੱਤ ਦੀਆਂ ਵਧਾਈਆਂ ਦਿੱਤੀਆਂ। ਮਨਦੀਪ ਸਿੰਘ ਦੇ ਪਿਤਾ ਨੇ ਦੱਸਿਆ ਕਿ ਪੁੱਤਰ ਏਸ਼ੀਅਨ ਗੇਮਜ਼ ਲਈ ਰਵਾਨਾ ਹੋਣ ਤੋਂ ਪਹਿਲਾਂ ਪੂਰੇ ਵਿਸ਼ਵਾਸ ਨਾਲ ਗਿਆ ਸੀ ਕਿ ਭਾਰਤੀ ਟੀਮ ਇਸ ਵਾਰ ਵੀ ਸੋਨ ਤਗਮਾ ਜਿੱਤ ਕੇ ਵਾਪਸ ਆਵੇਗੀ। ਉਨ੍ਹਾਂ ਕਿਹਾ ਕਿ ਪੁੱਤਰ ਦੀ ਇਸ ਕਾਮਯਾਬੀ ਨੇ ਪੂਰੇ ਪਰਿਵਾਰ ਦਾ ਮਾਣ ਵਧਾਇਆ ਹੈ। ਇਸੇ ਤਰ੍ਹਾਂ ਸੁਖਜੀਤ ਸਿੰਘ ਦੇ ਪਰਿਵਾਰ ਵਿੱਚ ਵੀ ਜਿੱਤ ਤੋਂ ਬਾਅਦ ਖੁਸ਼ੀ ਦਾ ਮਾਹੌਲ ਰਿਹਾ। ਪਰਿਵਾਰਕ ਮੈਂਬਰਾਂ ਨੇ ਕਿਹਾ ਕਿ ਫਾਈਨਲ ਮੈਚ ਦੌਰਾਨ ਭਾਰਤੀ ਖਿਡਾਰੀਆਂ ਦਾ ਪ੍ਰਦਰਸ਼ਨ ਦੇਖ ਕੇ ਉਨ੍ਹਾਂ ਨੂੰ ਬੇਹੱਦ ਖੁਸ਼ੀ ਹੋਈ। ਉਨ੍ਹਾਂ ਕਿਹਾ ਕਿ ਸੁਖਜੀਤ ਸਮੇਤ ਪੂਰੀ ਟੀਮ ਨੇ ਦੇਸ਼ ਅਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਪਰਿਵਾਰਕ ਮੈਂਬਰਾਂ ਮੁਤਾਬਕ ਪੰਜਾਬ ਦੇ ਖਿਡਾਰੀਆਂ ਦੀ ਵਾਪਸੀ 'ਤੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕਰਨ ਦੀਆਂ ਤਿਆਰੀਆਂ ਕੀਤੀਆਂ ਜਾਣਗੀਆਂ ਅਤੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਉਹ ਗੁਰੂ ਘਰ ਦਾ ਸ਼ੁਕਰਾਨਾ ਕਰਨਗੇ। ਭਾਰਤੀ ਹਾਕੀ ਟੀਮ ਦੀ ਇਸ ਇਤਿਹਾਸਕ ਜਿੱਤ ਨੇ ਦੇਸ਼ ਭਰ ਵਿੱਚ ਖੇਡ ਪ੍ਰੇਮੀਆਂ ਵਿੱਚ ਖੁਸ਼ੀ ਦੀ ਲਹਿਰ ਪੈਦਾ ਕਰ ਦਿੱਤੀ ਹੈ। ਲਗਾਤਾਰ ਦੂਜੀ ਵਾਰ ਏਸ਼ੀਅਨ ਗੇਮਜ਼ ਦਾ ਸੋਨ ਤਗਮਾ ਜਿੱਤਣ ਦੇ ਨਾਲ ਭਾਰਤ ਨੇ ਨਾ ਸਿਰਫ਼ ਆਪਣਾ ਖਿਤਾਬ ਬਚਾਇਆ, ਸਗੋਂ 2028 ਲਾਸ ਐਂਜਲਸ ਓਲੰਪਿਕ ਲਈ ਵੀ ਸਿੱਧੀ ਥਾਂ ਪੱਕੀ ਕਰ ਲਈ ਹੈ।

ਏਸ਼ੀਆਈ ਖੇਡਾਂ 2026: ਭਾਰਤੀ.....

ਲਿਆ। ਇਹ ਜਿੱਤ ਭਾਰਤ ਲਈ ਖਾਸ ਮਹੱਤਵ ਰੱਖਦੀ ਹੈ ਕਿਉਂਕਿ ਫਾਈਨਲ ਵਿੱਚ ਮੁਕਾਬਲਾ ਪਾਕਿਸਤਾਨ ਵਰਗੀ ਰਵਾਇਤੀ ਵਿਰੋਧੀ ਟੀਮ ਨਾਲ ਸੀ। ਭਾਰਤੀ ਕਪਤਾਨ ਸ਼੍ਰੇਅਸ ਅਈਅਰ ਨੇ ਮੈਚ ਤੋਂ ਬਾਅਦ ਟੀਮ ਦੀ ਏਕਾਗਰਤਾ ਅਤੇ ਦਬਾਅ ਨਾਲ ਨਜਿੱਠਣ ਦੀ ਸਮਰੱਥਾ ਦੀ ਸ਼ਲਾਘਾ ਕੀਤੀ। ਇਸ ਤਰ੍ਹਾਂ ਭਾਰਤ ਨੇ ਏਸ਼ਿਆਈ ਖੇਡਾਂ ਵਿੱਚ ਪੁਰਸ਼ ਕ੍ਰਿਕਟ ਦਾ ਲਗਾਤਾਰ ਦੂਜਾ ਸੋਨੇ ਦਾ ਤਮਗਾ ਜਿੱਤ ਕੇ ਆਪਣੀ ਬਾਦਸ਼ਾਹਤ ਕਾਇਮ ਰੱਖੀ। ਮਹਿਲਾ ਕ੍ਰਿਕਟ ਟੀਮ ਵੀ ਪਹਿਲਾਂ ਹੀ ਸੋਨਾ ਜਿੱਤ ਚੁੱਕੀ ਹੈ, ਜਿਸ ਨਾਲ 2026 ਏਸ਼ਿਆਈ ਖੇਡਾਂ ਵਿੱਚ ਕ੍ਰਿਕਟ ਦੇ ਦੋਵੇਂ ਸੋਨੇ ਦੇ ਤਮਗੇ ਭਾਰਤ ਦੇ ਹਿੱਸੇ ਆਏ ਹਨ।

ਫਾਈਨਲ ਮੁਕਾਬਲੇ 'ਚ ਉੱਤਰੀ.....

ਗਾਨਬਾਤਾਰ ਨੂੰ 2-1 ਨਾਲ ਹਰਾਇਆ। ਇਹ ਭਾਰਤ ਦਾ 83ਵਾਂ ਤਗਮਾ ਹੈ। ਹੁਣ ਤੱਕ, ਭਾਰਤ ਨੇ 20 ਸੋਨੇ, 26 ਚਾਂਦੀ ਅਤੇ 37 ਕਾਂਸੀ ਦੇ ਤਗਮੇ ਜਿੱਤੇ ਹਨ। ਏਸ਼ੀਆਡ (ਏਸ਼ੀਆਈ ਖੇਡਾਂ) ਵਿੱਚ ਕੁਸ਼ਤੀ ਦਾ ਇਹ ਪੰਜਵਾਂ ਤਗਮਾ ਹੈ; ਇਸ ਖੇਡ ਵਿੱਚ ਭਾਰਤ ਨੇ ਦੋ ਸੋਨੇ, ਇੱਕ ਚਾਂਦੀ ਅਤੇ ਦੋ ਕਾਂਸੀ ਦੇ ਤਗਮੇ ਹਾਸਲ ਕੀਤੇ ਹਨ। ਸਾਗਰ ਲਈ ਕੁਸ਼ਤੀ ਦਾ ਮੁਕਾਬਲਾ ਚੰਗੀ ਤਰ੍ਹਾਂ ਸ਼ੁਰੂ ਨਹੀਂ ਹੋਇਆ। ਉਸਨੇ ਸ਼ੁਰੂਆਤੀ ਪਲਾਂ ਵਿੱਚ ਹੀ ਪੰਜ ਅੰਕ ਗੁਆ ਦਿੱਤੇ। ਸਾਗਰ ਨੇ ਫੈਸਲੇ ਨੂੰ ਚੁਣੌਤੀ ਦੇਣ ਦੀ ਕੋਸ਼ਿਸ਼ ਕੀਤੀ, ਪਰ ਉਸਦੀ ਅਪੀਲ ਰੱਦ ਕਰ ਦਿੱਤੀ ਗਈ। ਨੂਰਕੋਝਾ ਨੇ ਸ਼ੁਰੂ ਤੋਂ ਹੀ ਮੈਚ 'ਤੇ ਆਪਣਾ ਦਬਦਬਾ ਬਣਾਈ ਰੱਖਿਆ ਅਤੇ ਸਾਗਰ ਨੂੰ ਵਾਪਸੀ ਦਾ ਕੋਈ ਮੌਕਾ ਨਹੀਂ ਦਿੱਤਾ। ਅੰਤ ਵਿੱਚ, ਨੂਰਕੋਝਾ ਨੇ ਪੂਰੇ ਮੁਕਾਬਲੇ ਦੌਰਾਨ ਆਪਣਾ ਪੂਰਾ ਦਬਦਬਾ ਦਿਖਾਉਂਦੇ ਹੋਏ 'ਫਾਲ' (ਵਿਰੋਧੀ ਨੂੰ ਪਿੱਠ ਭਾਰ ਚਿੱਤ ਕਰਕੇ) ਰਾਹੀਂ ਜਿੱਤ ਦਰਜ ਕੀਤੀ।

ਨਸ਼ੇ ਤੇ ਅਪਰਾਧ ਖ਼ਿਲਾਫ਼.....

ਤਰਜੀਹ ਹੈ ਅਤੇ ਚੰਗੀ ਕਾਰਗੁਜ਼ਾਰੀ ਕਰਨ ਵਾਲੇ ਅਧਿਕਾਰੀਆਂ ਨੂੰ ਉਤਸ਼ਾਹਿਤ ਕਰਨ ਨਾਲ ਹੋਰ ਪੁਲਿਸ ਮੁਲਾਜ਼ਮ ਵੀ ਆਪਣੀ ਡਿਊਟੀ ਹੋਰ ਜ਼ਿੰਮੇਵਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਹੋਣਗੇ। ਮੁੱਖ ਮੰਤਰੀ ਨੇ ਕਿਹਾ ਕਿ ਇਸ ਸਮਾਗਮ ਦੀ ਰੂਪ-ਰੇਖਾ ਤਿਆਰ ਕਰਦੇ ਸਮੇਂ ਸਿਰਫ਼ ਕਾਗਜ਼ੀ ਅੰਕੜਿਆਂ, ਕੇਸਾਂ ਜਾਂ ਬਰਾਮਦਗੀਆਂ ਦੀਆਂ ਰਿਪੋਰਟਾਂ 'ਤੇ ਨਿਰਭਰ ਰਹਿਣ ਦੀ ਬਜਾਏ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਸਿੱਧੇ ਸੰਪਰਕ ਵਿੱਚ ਰਹਿਣ ਵਾਲੇ ਪੁਲਿਸ ਅਧਿਕਾਰੀਆਂ ਨਾਲ ਗੱਲਬਾਤ ਕਰਨ ਦਾ ਫੈਸਲਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸੂਬੇ ਦੇ ਡੀਜੀਪੀ, ਮੁੱਖ ਸਕੱਤਰ ਅਤੇ ਪੁਲਿਸ ਤੇ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਵੱਲੋਂ ਥਾਣਾ ਪੱਧਰ ਅਤੇ ਡੀਐੱਸਪੀ ਪੱਧਰ ਦੇ ਅਧਿਕਾਰੀਆਂ ਨਾਲ ਸਿੱਧਾ ਸੰਵਾਦ ਕਰਨਾ ਪੁਲਿਸ ਬਲ ਦਾ ਮਨੋਬਲ ਵਧਾਉਣ ਵੱਲ ਇੱਕ ਅਹਿਮ ਕਦਮ ਹੈ। ਇਸ ਨਾਲ ਜ਼ਮੀਨੀ ਪੱਧਰ 'ਤੇ ਆ ਰਹੀਆਂ ਸਮੱਸਿਆਵਾਂ, ਚੁਣੌਤੀਆਂ ਅਤੇ ਪੁਲਿਸ ਕਾਰਵਾਈ ਨਾਲ ਸਬੰਧਤ ਮੁੱਦਿਆਂ ਨੂੰ ਸਿੱਧੇ ਤੌਰ 'ਤੇ ਸਮਝਣ ਵਿੱਚ ਵੀ ਮਦਦ ਮਿਲੇਗੀ। ਮੁੱਖ ਮੰਤਰੀ ਨੇ ਸਮਾਗਮ ਦੇ ਸਫਲ ਆਯੋਜਨ ਲਈ ਸਮੂਚੀ ਟੀਮ ਨੂੰ ਵਧਾਈ ਦਿੱਤੀ ਅਤੇ ਪੁਲਿਸ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਸੂਬੇ ਵਿੱਚ ਅਮਨ-ਕਾਨੂੰਨ ਕਾਇਮ ਰੱਖਣ, ਨਸ਼ਿਆਂ ਦੀ ਰੋਕਥਾਮ ਕਰਨ ਅਤੇ ਨਾਗਰਿਕਾਂ ਦੀ ਜਾਨ-ਮਾਲ ਦੀ ਸੁਰੱਖਿਆ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰਦੇ ਰਹਿਣ। ਸਮਾਗਮ ਦੌਰਾਨ ਪੰਜਾਬ ਦੇ ਡੀਜੀਪੀ ਗੌਰਵ ਯਾਦਵ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਸੀਨੀਅਰ ਅਧਿਕਾਰੀ ਪ੍ਰਵੀਣ ਸਿਨਹਾ, ਸਾਕਸ਼ੀ ਸਿਨਹਾ, ਜਲੰਧਰ ਰੇਂਜ ਦੇ ਪੁਲਿਸ ਅਧਿਕਾਰੀ, ਐੱਸਐੱਸਪੀ ਜਲੰਧਰ ਦਿਹਾਤੀ, ਡਿਪਟੀ ਕਮਿਸ਼ਨਰ ਜਲੰਧਰ ਹਿਮਾਂਸ਼ੂ ਅਗਰਵਾਲ ਸਮੇਤ ਪੁਲਿਸ ਅਤੇ ਪ੍ਰਸ਼ਾਸਨ ਦੇ ਕਈ ਸੀਨੀਅਰ ਅਧਿਕਾਰੀ ਹਾਜ਼ਰ ਸਨ।

ਰੂਸੀ ਫੌਜ 'ਚ ਭਾਰਤੀਆਂ.....

ਤੋਂ ਇਲਾਵਾ, ਨਿਊਯਾਰਕ ਵਿੱਚ ਰੂਸ ਅਤੇ ਯੂਕਰੇਨ ਦੇ ਵਿਦੇਸ਼ ਮੰਤਰੀਆਂ ਨਾਲ ਉਨ੍ਹਾਂ ਦੀਆਂ ਮੁਲਾਕਾਤਾਂ ਬਾਰੇ ਵੀ ਚਰਚਾ ਕੀਤੀ ਗਈ। ਇਨ੍ਹਾਂ ਗੱਲਬਾਤਾਂ ਦੌਰਾਨ, ਭਾਰਤ ਨੇ ਆਪਣੇ ਇਸ ਰੁਖ਼ ਨੂੰ ਦੁਹਰਾਇਆ ਕਿ ਉਹ ਜੰਗ ਨੂੰ ਖਤਮ ਕਰਨ ਵਿੱਚ ਹਰ ਸੰਭਵ ਮਦਦ ਕਰਨ ਲਈ ਤਿਆਰ ਹੈ। ਰੂਸ ਵਿੱਚ ਆਯੋਜਿਤ ਵਾਲਦਾਈ ਕਲੱਬ ਦੇ ਸਮਾਗਮ ਦੌਰਾਨ ਵੀ ਭਾਰਤ ਦੀ ਸ਼ਾਂਤੀ ਪਹਿਲਕਦਮੀ ਦਾ ਜ਼ਿਕਰ ਕੀਤਾ ਗਿਆ। ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਮਾਸਕੋ ਵਿੱਚ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੋਲ ਸ਼ਾਂਤੀ ਦਾ ਰਾਹ ਪੱਧਰਾ ਕਰਨ ਲਈ ਆਪਸੀ ਸਹਿਮਤੀ ਵਾਲਾ ਹੱਲ ਲੱਭਣ ਵਾਸਤੇ ਠੋਸ ਵਿਚਾਰ ਹਨ। ਮੀਟਿੰਗ ਵਿੱਚ ਯੂਕਰੇਨ ਦੇ ਵਿਦੇਸ਼ ਮੰਤਰੀ ਦੀਆਂ ਟਿੱਪਣੀਆਂ ਨੂੰ ਵੀ ਮਾਨਤਾ ਦਿੱਤੀ ਗਈ, ਜਿਨ੍ਹਾਂ ਮੀਟਿੰਗ ਦੇ ਏਜੰਡੇ ਵਿੱਚ ਭਾਰਤ ਅਤੇ ਰੂਸ ਵਿਚਕਾਰ ਸੰਪਰਕ ਅਤੇ ਵਪਾਰ ਨੂੰ ਵਧਾਉਣ ਦੇ ਉਦੇਸ਼ ਵਾਲੇ ਕਈ ਅਹਿਮ ਪ੍ਰੋਜੈਕਟ ਵੀ ਸ਼ਾਮਲ ਸਨ। ਦੋਵਾਂ ਧਿਰਾਂ ਨੇ ਚੇਨਈ-ਵਲਾਦੀਵੋਸਤੋਕ ਕੋਰੀਡੋਰ, ਅੰਤਰਰਾਸ਼ਟਰੀ ਉੱਤਰ-ਦੱਖਣ ਆਵਾਜਾਈ ਕੋਰੀਡੋਰ ਅਤੇ ਉੱਤਰੀ ਸਮੁੰਦਰੀ ਮਾਰਗ ਬਾਰੇ ਚਰਚਾ ਕੀਤੀ। ਇਨ੍ਹਾਂ ਪ੍ਰੋਜੈਕਟਾਂ ਨੂੰ ਦੋਵਾਂ ਦੇਸ਼ਾਂ ਵਿਚਕਾਰ ਵਪਾਰ ਅਤੇ ਸੰਪਰਕ ਨੂੰ ਹੁਲਾਰਾ ਦੇਣ ਲਈ ਬਹੁਤ ਮਹੱਤਵਪੂਰਨ ਮੰਨਿਆ ਜਾਂਦਾ ਹੈ। ਊਰਜਾ ਸਹਿਯੋਗ ਦੇ ਸਬੰਧ ਵਿੱਚ, ਭਾਰਤ ਨੇ ਆਪਣਾ ਪੱਖ ਸਪੱਸ਼ਟ ਕਰਦਿਆਂ ਕਿਹਾ ਕਿ ਭਾਰਤੀ ਖਪਤਕਾਰਾਂ ਦੇ ਹਿੱਤਾਂ ਦੀ ਰਾਖੀ ਕਰਨਾ ਉਸਦੀ ਮੁੱਖ ਤਰਜੀਹ ਹੈ। ਇਸ ਦਿਸ਼ਾ ਵਿੱਚ, ਭਾਰਤ ਵੱਖ-ਵੱਖ ਸਰੋਤਾਂ ਤੋਂ ਊਰਜਾ ਸਪਲਾਈ ਬਣਾਈ ਰੱਖਣ ਦੀ ਵਕਾਲਤ ਕਰਦਾ ਹੈ; ਸਿਰਫ਼ ਇੱਕ ਦੇਸ਼ ਜਾਂ ਸਰੋਤ 'ਤੇ ਨਿਰਭਰ ਰਹਿਣ ਦੀ ਬਜਾਏ ਸਪਲਾਈ ਦੇ ਕਈ ਵਿਕਲਪ ਖੁੱਲ੍ਹੇ ਰੱਖਣਾ ਭਾਰਤ ਦੀ ਨੀਤੀ ਦਾ ਹਿੱਸਾ ਹੈ। ਵਪਾਰ ਅਤੇ ਨਿਵੇਸ਼ ਦੇ ਮੁੱਦੇ 'ਤੇ, ਦੋਵੇਂ ਦੇਸ਼ ਇਸ ਗੱਲ 'ਤੇ ਸਹਿਮਤ ਹੋਏ ਕਿ ਸੰਤੁਲਿਤ ਢੰਗ ਨਾਲ ਦੁਵੱਲੇ ਵਪਾਰ ਦਾ ਵਿਸਥਾਰ ਕਰਨਾ ਇੱਕ ਸਾਂਝਾ ਉਦੇਸ਼ ਹੈ। ਨਤੀਜੇ ਵਜੋਂ, ਰੂਸ ਨੂੰ ਭਾਰਤੀ ਬਰਾਮਦ ਵਧਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਸੱਤ ਪ੍ਰਮੁੱਖ ਖੇਤਰਾਂ - ਆਟੋਮੋਬਾਈਲ, ਫਾਰਮਾਸਿਊਟੀਕਲ (ਦਵਾਈਆਂ), ਖੁਰਾਕ ਉਤਪਾਦ, ਸਮੁੰਦਰੀ ਉਤਪਾਦ, ਇੰਜੀਨੀਅਰਿੰਗ ਸਮਾਨ, ਰਸਾਇਣ ਅਤੇ ਟੈਕਸਟਾਈਲ - ਵਿੱਚ ਭਾਰਤੀ ਕੰਪਨੀਆਂ ਦੁਆਰਾ ਰੂਸ ਨੂੰ ਬਰਾਮਦ ਵਧਾਉਣ ਦੀਆਂ ਸੰਭਾਵਨਾਵਾਂ ਬਾਰੇ ਚਰਚਾ ਕੀਤੀ ਗਈ।

ਆਬਕਾਰੀ ਵਿਭਾਗ ਦੀ ਟੀਮ.....

ਮੁਹਿੰਮ ਚਲਾਈ ਜਾ ਰਹੀ ਹੈ। ਸੁਖਰਾਜ ਗਿੱਲ ਨੇ ਦੱਸਿਆ ਕਿ ਇਸੇ ਮੁਹਿੰਮ ਤਹਿਤ ਅੱਜ ਆਬਕਾਰੀ ਵਿਭਾਗ ਦੀ ਟੀਮ ਵੱਲੋਂ ਬਟਾਲਾ ਦੇ ਨੇੜਲੇ ਪਿੰਡ ਅਲੀਵਾਲ ਵਿਖੇ ਨਹਿਰ ਦੇ ਕੰਢੇ ਵਿਸ਼ੇਸ਼ ਚੈਕਿੰਗ ਮੁਹਿ

ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਪੰਜਾਬੀ ਯੂਨੀਵਰਸਿਟੀ ਦੇ ਖੇਤਰੀ ਯੁਵਕ ਤੇ ਲੋਕ ਮੇਲੇ ਦਾ ਆਗਾਜ਼

• ਐੱਸ.ਡੀ.ਐੱਮ. ਗਗਨਦੀਪ ਸ਼ਰਮਾ ਨੇ ਮੁੱਖ ਮਹਿਮਾਨ ਵੱਜੋਂ ਕੀਤੀ ਸ਼ਿਰਕਤ

ਰਾਮਪੁਰਾ ਫੂਲ, 3 ਅਕਤੂਬਰ (ਕੁਲਜੀਤ ਸਿੰਘ ਢੀਗਰਾ/ਸੁਰੇਸ਼ ਗਰਗ): ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਠਿੰਡਾ-ਫ਼ਰੀਦਕੋਟ ਜ਼ੋਨਲ ਯੁਵਕ ਤੇ ਲੋਕ ਮੇਲੇ ਦਾ ਸ਼ਾਨਦਾਰ ਆਗਾਜ਼ ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਵਿਖੇ ਪੂਰੇ ਜਾਹੋ-ਜਲਾਲ ਨਾਲ ਹੋਇਆ। ਚਾਰ ਰੋਜ਼ਾ ਇਸ ਸੱਭਿਆਚਾਰਕ ਮਹਾਂਕੁੰਭ ਦੇ ਪਹਿਲੇ ਦਿਨ ਵੱਖ-ਵੱਖ ਕਾਲਜਾਂ ਤੋਂ ਪੁੱਜੇ ਵਿਦਿਆਰਥੀਆਂ, ਟੀਮ ਇੰਚਾਰਜਾਂ, ਅਧਿਆਪਕਾਂ ਅਤੇ ਪ੍ਰਿੰਸੀਪਲ ਸਾਹਿਬਾਨ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਉਦਘਾਟਨੀ ਸਮਾਰੋਹ ਵਿੱਚ ਐੱਸ.ਡੀ.ਐੱਮ. ਨਿਹਾਲ ਸਿੰਘ ਵਾਲਾ ਗਗਨਦੀਪ ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਚੇਅਰਮੈਨ ਐੱਸ.ਐੱਸ. ਚੱਠਾ, ਪੰਜਾਬੀ ਯੂਨੀਵਰਸਿਟੀ ਦੇ ਡਾਇਰੈਕਟਰ ਯੁਵਕ ਭਲਾਈ ਵਿਭਾਗ ਡਾ. ਭੀਮ ਇੰਦਰ ਸਿੰਘ, ਡੈਨੀ ਸ਼ਰਮਾ, ਪ੍ਰੋ. ਹਰਿੰਦਰ ਹੁੰਦਲ, ਐੱਮ.ਡੀ. ਮਨਜੀਤ ਕੌਰ ਚੱਠਾ, ਸੀਨੀਅਰ ਆਗੂ ਸਰਵਨ ਸਿੰਘ ਚੱਠਾ, ਗੁਰਪ੍ਰੀਤ ਸਿੰਘ ਲਹਿਰਾ ਧੂਰਕੋਟ, ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਸਿੱਧੂ, ਪ੍ਰਿੰਸੀਪਲ ਬਘੇਲ ਸਿੰਘ ਅਤੇ ਸਹਾਇਕ ਡਾਇਰੈਕਟਰ ਹਰਪ੍ਰੀਤ ਹੈਪੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।? ਪਤਵੰਤਿਆਂ ਵੱਲੋਂ ਸ਼ਮਾ ਰੌਸ਼ਨ ਕਰਕੇ ਮੇਲੇ ਦੀ ਰਸਮੀ ਸ਼ੁਰੂਆਤ ਕੀਤੀ ਗਈ। ਇਸ ਉਪਰੰਤ ਵੱਖ-ਵੱਖ ਕਾਲਜਾਂ ਤੋਂ ਆਏ ਪ੍ਰਤਿਭਾਗੀਆਂ ਨੇ ਆਪਣੀ ਕਲਾ ਅਤੇ ਪ੍ਰਤਿਭਾ ਦੇ ਸ਼ਾਨਦਾਰ ਜੌਹਰ ਵਿਖਾਏ। ਮੁੱਖ ਮਹਿਮਾਨ ਗਗਨਦੀਪ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀ ਛੁਪੀ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਮੇਲੇ ਦੇ ਪਹਿਲੇ ਦਿਨ ਚਾਰ ਵੱਖ-ਵੱਖ ਸਟੇਜਾਂ 'ਤੇ ਕਲਾਤਮਕ, ਸੰਗੀਤਕ, ਬੌਧਿਕ ਅਤੇ ਵਿਰਾਸਤੀ ਮੁਕਾਬਲੇ ਕਰਵਾਏ ਗਏ। ਭੰਗੜੇ ਦੀ ਜੋਸ਼ੀਲੀ ਪੇਸ਼ਕਾਰੀ ਨਾਲ ਪਹਿਲੇ ਦਿਨ ਦੀਆਂ ਸਰਗਰਮੀਆਂ ਦਾ ਆਗਾਜ਼ ਹੋਇਆ। ਭੰਗੜੇ ਨੇ ਦਰਸ਼ਕਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਇਸ ਦੇ ਨਾਲ ਹੀ ਮਾਈਮ ਅਤੇ ਸਮਾਜਿਕ ਕੁਰੀਤੀਆਂ 'ਤੇ ਆਧਾਰਿਤ ਸਕਿੱਟਾਂ ਰਾਹੀਂ ਵਿਦਿਆਰਥੀਆਂ ਨੇ ਸਮਾਜ ਨੂੰ ਸਾਰਥਕ ਸੁਨੇਹੇ ਦਿੱਤੇ। ਸੁਰਾਂ ਦੀ ਸਟੇਜ 'ਤੇ ਗੂੰਜੇ ਸ਼ਬਦ, ਸ਼ਾਸਤਰੀ ਤੇ ਸੁਗਮ ਸੰਗੀਤ ਸੰਗੀਤਕ ਮੁਕਾਬਲਿਆਂ ਦੌਰਾਨ ਸਮੂਹ ਸ਼ਬਦ/ਭਜਨ ਗਾਇਨ ਨਾਲ ਰੂਹਾਨੀ ਮਾਹੌਲ ਸਿਰਜਿਆ ਗਿਆ। ਇਸ ਤੋਂ ਬਾਅਦ ਕਲਾਸੀਕਲ ਵੋਕਲ, ਸੁਗਮ ਸੰਗੀਤ, ਗ਼ਜ਼ਲ ਅਤੇ ਭਾਰਤੀ ਸਮੂਹ ਗਾਇਨ ਦੇ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਆਪਣੀ ਗਾਇਕੀ ਦੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਵਿਰਾਸਤੀ ਕਲਾਵਾਂ ਨੇ ਖਿੱਚਿਆ ਵਿਸ਼ੇਸ਼ ਧਿਆਨ ਵਿਰਾਸਤੀ ਕਲਾਵਾਂ ਦੇ ਹਾਲ ਵਿੱਚ ਪੰਜਾਬ ਦੇ ਪੁਰਾਤਨ ਪੇਂਡੂ ਜੀਵਨ ਦੀ ਝਲਕ ਦੇਖਣ ਨੂੰ ਮਿਲੀ। ਸਵੇਰ ਦੇ ਸੈਸ਼ਨ ਦੌਰਾਨ ਕਰੋਸ਼ੀਏ ਦੀ ਬੁਣਤੀ, ਨਾਲਾ ਬੁਣਨਾ, ਕਢਾਈ, ਪੱਖੀ, ਗੁੱਡੀਆਂ-ਪਟੋਲੇ ਅਤੇ ਪਰਾਂਦਾ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਦੁਪਹਿਰ ਤੋਂ ਬਾਅਦ ਰੱਸਾ ਵੱਟਣਾ, ਟੋਕਰੀ ਤੇ ਛਿੱਕੂ ਬਣਾਉਣਾ, ਪੀੜ੍ਹੀ ਬੁਣਨੀ, ਮਿੱਟੀ ਦੇ ਖਿਡੌਣੇ, ਖਿੱਦੋ ਅਤੇ ਈਨੂੰ ਬਣਾਉਣ ਦੀਆਂ ਰਵਾਇਤੀ ਕਲਾਵਾਂ ਵਿੱਚ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਪ੍ਰੋ. ਨਰਿੰਦਰਜੀਤ ਸਿੰਘ ਫ਼ਰੀਦਕੋਟ ਅਤੇ ਨੇਬਰਹੁੱਡ ਟੀ.ਪੀ.ਡੀ. ਕਾਲਜ ਦੇ ਪ੍ਰਿੰਸੀਪਲ ਬਲਜਿੰਦਰ ਸਿੰਘ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸੰਸਥਾ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ ਗਗਨਦੀਪ ਸ਼ਰਮਾ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਪਹਿਲੇ ਦਿਨ ਵੱਖ-ਵੱਖ ਕਾਲਜਾਂ ਤੋਂ ਆਏ ਵਿਦਿਆਰਥੀਆਂ, ਅਧਿਆਪਕਾਂ ਅਤੇ ਦਰਸ਼ਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਪੂਰਾ ਕੈਂਪਸ ਪੰਜਾਬੀ ਸੱਭਿਆਚਾਰ, ਲੋਕ ਕਲਾਵਾਂ, ਸੰਗੀਤ ਅਤੇ ਨੌਜਵਾਨੀ ਦੇ ਜੋਸ਼ ਨਾਲ ਰੰਗਿਆ ਨਜ਼ਰ ਆਇਆ।

ਮੰਡੀ 'ਚ ਸਵਰਗੀ ਸੰਜੀਵ ਕੁਮਾਰ ਬੱਚੀ ਦੀ ਯਾਦ 'ਚ ਫੁੱਟਬਾਲ ਟੂਰਨਾਮੈਂਟ ਜਾਰੀ

ਭੁੱਚੋ ਮੰਡੀ, 2 ਅਕਤੂਬਰ (ਚਰਨਜੀਤ ਬੁਰਮੀ) — ਗੁਰੂ ਗੋਬਿੰਦ ਸਿੰਘ ਸਪੋਰਟਸ ਕਲੱਬ ਰਜਿ. ਨੰਬਰ 178, ਭੁੱਚੋ ਮੰਡੀ ਵੱਲੋਂ ਸਵਰਗੀ ਸੰਜੀਵ ਕੁਮਾਰ ਬੱਚੀ ਦੀ ਯਾਦ ਵਿੱਚ ਕਰਵਾਇਆ ਜਾ ਰਿਹਾ ਪਹਿਲਾ ਫੁੱਟਬਾਲ ਟੂਰਨਾਮੈਂਟ ਖੇਡ ਪ੍ਰੇਮੀਆਂ ਲਈ ਖਿੱਚ ਦਾ ਕੇਂਦਰ ਬਣਿਆ ਹੋਇਆ ਹੈ। ਟੂਰਨਾਮੈਂਟ ਦੇ ਦੂਜੇ ਦਿਨ ਵੱਖ-ਵੱਖ ਟੀਮਾਂ ਦਰਮਿਆਨ 9 ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਦੂਜੇ ਦਿਨ ਦਾ ਤੀਜਾ ਮੈਚ ਸ਼ੇਖਪੁਰਾ, ਹਰਿਆਣਾ ਅਤੇ ਮੌਜ਼ ਮੰਡੀ ਦੀਆਂ ਟੀਮਾਂ ਵਿਚਕਾਰ ਖੇਡਿਆ ਗਿਆ। ਇਸ ਮੁਕਾਬਲੇ ਵਿੱਚ ਸ਼ੇਖਪੁਰਾ, ਹਰਿਆਣਾ ਦੀ ਟੀਮ ਨੇ ਜਿੱਤ ਦਰਜ ਕੀਤੀ। ਮੈਚ ਦੌਰਾਨ ਦੋਵਾਂ ਟੀਮਾਂ ਦੇ ਖਿਡਾਰੀਆਂ ਵੱਲੋਂ ਬਿਹਤਰੀਨ ਖੇਡ ਦਾ ਪ੍ਰਦਰਸ਼ਨ ਕੀਤਾ ਗਿਆ, ਜਿਸ ਦਾ ਮੈਦਾਨ ਵਿੱਚ ਮੌਜੂਦ ਦਰਸ਼ਕਾਂ ਨੇ ਖੂਬ ਆਨੰਦ ਮਾਣਿਆ। ਇਸ ਮੌਕੇ ਐੱਮ.ਸੀ. ਸੰਤੋਖ ਸਿੰਘ ਜੁਗਨੂੰ, ਆਤਮਾ ਸਿੰਘ ਐੱਮ.ਸੀ. ਅਤੇ ਸੰਦੀਪ ਸਿੰਘ ਰੋਮਾਣਾ ਐੱਮ.ਸੀ. ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਖਿਡਾਰੀਆਂ ਨਾਲ ਜਾਣ-ਪਛਾਣ ਕਰਦਿਆਂ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਖੇਡਾਂ ਨੂੰ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਮਹੱਤਵਪੂਰਨ ਦੱਸਿਆ। ਟੂਰਨਾਮੈਂਟ ਦੇਖਣ ਲਈ ਮੈਦਾਨ ਵਿੱਚ ਦਰਸ਼ਕਾਂ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ। ਦਰਸ਼ਕਾਂ ਵੱਲੋਂ ਹਰ ਮੈਚ ਦੌਰਾਨ ਖਿਡਾਰੀਆਂ ਦਾ ਉਤਸ਼ਾਹ ਵਧਾਇਆ ਗਿਆ। ਟੂਰਨਾਮੈਂਟ ਦੌਰਾਨ ਸਮੁੱਚੇ ਇਲਾਕੇ ਵਿੱਚ ਖੇਡ ਪ੍ਰੇਮ ਅਤੇ ਉਤਸ਼ਾਹ ਦਾ ਮਾਹੌਲ ਬਣਿਆ ਰਿਹਾ। ਕਲੱਬ ਵੱਲੋਂ ਬਾਹਰੋਂ ਆਈਆਂ ਟੀਮਾਂ ਦੇ ਖਿਡਾਰੀਆਂ ਅਤੇ ਉਨ੍ਹਾਂ ਦੇ ਸਹਿਯੋਗੀਆਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਕਲੱਬ ਮੈਂਬਰਾਂ ਵੱਲੋਂ ਟੂਰਨਾਮੈਂਟ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਪ੍ਰਬੰਧਾਂ ਦੀ ਦੇਖ-ਰੇਖ ਕੀਤੀ ਜਾ ਰਹੀ ਹੈ। ਟੂਰਨਾਮੈਂਟ ਨੂੰ ਲੈ ਕੇ ਨੌਜਵਾਨਾਂ ਅਤੇ ਖੇਡ ਪ੍ਰੇਮੀਆਂ ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।

'ਖੇਡਾਂ ਵਤਨ ਪੰਜਾਬ ਦੀਆਂ' ਦੇ ਜ਼ਿਲ੍ਹਾ ਪੱਧਰੀ ਐਥਲੈਟਿਕਸ ਮੁਕਾਬਲਿਆਂ ਵਿੱਚ ਐਸਬੀਐਸ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

ਬਰਨਾਲਾ 3 ਅਕਤੂਬਰ (ਅਵਤਾਰ ਸਿੰਘ ਫਰਵਾਹੀ) ਐਸਬੀਐਸ ਪਬਲਿਕ ਸਕੂਲ, ਸੁਰਜੀਤਪੁਰਾ ਲਈ ਇਹ ਬਹੁਤ ਹੀ ਮਾਣ ਅਤੇ ਖੁਸ਼ੀ ਦਾ ਮੌਕਾ ਹੈ ਕਿ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਜ਼ਿਲ੍ਹਾ ਪੱਧਰੀ ਐਥਲੈਟਿਕਸ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਸਕੂਲਾਂ ਦੇ ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਸਖ਼ਤ ਮੁਕਾਬਲੇ ਵਿੱਚ ਐਸਬੀਐਸ ਪਬਲਿਕ ਸਕੂਲ ਦੇ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਡਰ-14 ਜੈਵਲਿਨ ਥ੍ਰੋ ਮੁਕਾਬਲੇ ਵਿੱਚ ਸਕੂਲ ਦੇ ਵਿਦਿਆਰਥੀ ਸ਼ਾਨਵੀਰ, ਜਮਾਤ 8ਵੀਂ ਨੇ ਆਪਣੀ ਸ਼ਾਨਦਾਰ ਖੇਡ ਕਾਬਲੀਅਤ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਸੋਨ ਤਮਗਾ ਪ੍ਰਾਪਤ ਕੀਤਾ। ਇਸੇ ਮੁਕਾਬਲੇ ਵਿੱਚ ਸਕੂਲ ਦੀ ਹੋਣਹਾਰ ਵਿਦਿਆਰਥਣ ਗੁਰਲੀਨ ਕੌਰ, ਜਮਾਤ 8ਵੀਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤੀਜਾ ਸਥਾਨ ਹਾਸਲ ਕੀਤਾ। ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਦੇ ਆਧਾਰ 'ਤੇ ਸ਼ਾਨਵੀਰ ਅਤੇ ਗੁਰਲੀਨ ਕੌਰ ਹੁਣ 'ਖੇਡਾਂ ਵਤਨ ਪੰਜਾਬ ਦੀਆਂ' ਦੇ ਰਾਜ ਪੱਧਰੀ ਮੁਕਾਬਲਿਆਂ ਵਿੱਚ ਭਾਗ ਲੈਣਗੇ। ਇਸ ਮੌਕੇ ਸਕੂਲ ਦੇ ਡੀ.ਪੀ.ਈ. ਰਣਜੀਤ ਸਿੰਘ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਵਿੱਚ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਨਿਯਮਤ ਅਭਿਆਸ, ਸਹੀ ਮਾਰਗਦਰਸ਼ਨ ਅਤੇ ਲਗਨ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਸਕੂਲ ਦੇ ਖਿਡਾਰੀਆਂ ਵੱਲੋਂ ਜ਼ਿਲ੍ਹਾ ਪੱਧਰ 'ਤੇ ਪ੍ਰਾਪਤ ਕੀਤੀਆਂ ਇਹ ਉਪਲਬਧੀਆਂ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵੱਲ ਪ੍ਰੇਰਿਤ ਕਰਨਗੀਆਂ। ਉਨ੍ਹਾਂ ਨੇ ਦੋਵਾਂ ਖਿਡਾਰੀਆਂ ਨੂੰ ਰਾਜ ਪੱਧਰੀ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਪ੍ਰਿੰਸੀਪਲ ਸ੍ਰੀਮਤੀ ਕਮਲਜੀਤ ਕੌਰ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਸਕੂਲ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਵਿਸ਼ੇਸ਼ ਮਹੱਤਵ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਸਬਰ, ਮਿਹਨਤ ਅਤੇ ਟੀਮ ਭਾਵਨਾ ਵਰਗੇ ਗੁਣ ਪੈਦਾ ਕਰਦੀਆਂ ਹਨ। ਵਾਈਸ ਪ੍ਰਿੰਸੀਪਲ ਡਾ. ਸੰਜੇ ਕੁਮਾਰ ਨੇ ਵੀ ਸ਼ਾਨਵੀਰ ਅਤੇ ਗੁਰਲੀਨ ਕੌਰ ਨੂੰ ਇਸ ਸ਼ਾਨਦਾਰ ਸਫਲਤਾ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਪੂਰੇ ਐਸਬੀਐਸ ਪਰਿਵਾਰ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਨੇ ਖਿਡਾਰੀਆਂ ਦੇ ਮਾਪਿਆਂ, ਡੀ.ਪੀ.ਈ. ਰਣਜੀਤ ਸਿੰਘ ਅਤੇ ਸਮੂਹ ਅਧਿਆਪਕਾਂ ਨੂੰ ਵੀ ਵਧਾਈ ਦਿੱਤੀ, ਜਿਨ੍ਹਾਂ ਦੇ ਸਹਿਯੋਗ ਅਤੇ ਮਾਰਗਦਰਸ਼ਨ ਨਾਲ ਵਿਦਿਆਰਥੀਆਂ ਨੇ ਇਹ ਮੁਕਾਮ ਹਾਸਲ ਕੀਤਾ।

ਮੀਰਾ ਪਬਲਿਕ ਸਕੂਲ ਦੇ ਹਰਮਨਜੋਤ ਨੇ ਸ਼ਾਟ ਪੁਟ ਵਿੱਚ ਜਿੱਤਿਆ ਸੋਨ ਤਗਮਾ

ਸਰਦੂਲੇਵਾਲਾ, 3 ਅਕਤੂਬਰ (ਧਰਮ ਚੰਦ ਸਿੰਗਲਾ) ਸਿਰਸਾ ਮਾਨਸਾ ਰੋਡ ਸਥਿਤ ਮੀਰਾ ਪਬਲਿਕ ਸਕੂਲ ਸਰਦੂਲੇਵਾਲਾ ਦੇ ਪ੍ਰਿੰਸੀਪਲ ਅਮਿਤ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਡੇ ਸਕੂਲ ਦੇ ਅੱਠਵੀਂ ਜਮਾਤ ਦੇ ਵਿਦਿਆਰਥੀ ਹਰਮਨਜੋਤ ਸਿੰਘ ਨੇਪਿਛਲੇ ਦਿਨੀਂ ਮਾਨਸਾ ਵਿਖੇ ਹੋਈਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਅੰਡਰ-14 ਸ਼ਾਟ ਪੁਟ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਦਿਆਂ ਸੋਨ ਤਗਮਾ ਜਿੱਤਿਆ। ਇਸ ਸ਼ਾਨਦਾਰ ਪ੍ਰਦਰਸ਼ਨ ਸਦਕਾ ਉਸਦੀ ਚੋਣ ਰਾਜ ਪੱਧਰੀ ਮੁਕਾਬਲਿਆਂ ਲਈ ਵੀ ਹੋਈ ਹੈ।ਹਰਮਨਜੋਤ ਸਿੰਘ ਦੀ ਇਸ ਪ੍ਰਾਪਤੀ 'ਤੇ ਸਕੂਲ ਦੇ ਚੇਅਰਮੈਨ ਵਿਜੇ ਲਹਿਰੀ, ਅਗਰਵਾਲ ਸਭਾ ਦੇ ਪ੍ਰਧਾਨ ਸਤੀਸ਼ ਕੁਮਾਰ ਲਹਿਰੀ ਅਤੇ ਪ੍ਰਬੰਧਕੀ ਮੈਂਬਰਾਂ ਮਹੇਸ਼ ਗਰਗ ਨਰੇਸ਼ ਲਹਿਰੀ ਤੇ ਰਾਜਿੰਦਰ ਗਰਗ ਨੇ ਵਿਦਿਆਰਥੀ ਅਤੇ ਉਸਦੇ ਪਰਿਵਾਰ ਨੂੰ ਵਧਾਈ ਦਿੱਤੀ।ਸਕੂਲ ਦੇ ਪ੍ਰਿੰਸੀਪਲ ਅਮਿਤ ਕੁਮਾਰ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਤੰਦਰੁਸਤੀ, ਅਨੁਸ਼ਾਸਨ, ਇਕਾਗਰਤਾ ਅਤੇ ਆਤਮ-ਵਿਸ਼ਵਾਸ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਡੀ.ਪੀ.ਈ ਅਮਰਜੀਤ ਸਿੰਘ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਵੀ ਸ਼ਲਾਘਾ ਕੀਤੀ। ਸਕੂਲ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਨੇ ਹਰਮਨਜੋਤ ਨੂੰ ਰਾਜ ਪੱਧਰੀ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀ

ਹਰਚੋਵਾਲ ਦੀ ਧੀ ਸਹਜਲੀਨ ਕੌਰ ਨੇ ਨੈਸ਼ਨਲ ਬਾਕਸਿੰਗ ਚੈਂਪੀਅਨਸ਼ਿਪ 'ਚ ਜਿੱਤਿਆ ਸੋਨ ਤਮਗਾ



ਸ੍ਰੀ ਹਰਗੋਬਿੰਦਪੁਰ, 3 ਅਕਤੂਬਰ (ਪ੍ਰਦੀਪ ਸਿੰਘ ਬੇਦੀ): ਹਰਚੋਵਾਲ ਦੀ ਹੋਣਹਾਰ ਮੁੱਕੇਬਾਜ਼ ਸਹਜਲੀਨ ਕੌਰ ਨੇ ਮੱਧ ਪ੍ਰਦੇਸ਼ ਦੇ ਜਬਲਪੁਰ ਵਿਖੇ ਹੋਈ ਨੈਸ਼ਨਲ ਬਾਕਸਿੰਗ ਚੈਂਪੀਅਨਸ਼ਿਪ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 51-54 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਨ ਤਮਗਾ ਜਿੱਤ ਕੇ ਆਪਣੇ ਪਿੰਡ, ਪਰਿਵਾਰ ਅਤੇ ਪੂਰੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਸਹਜਲੀਨ ਕੌਰ ਨੇ ਉੱਤਰੀ ਭਾਰਤ ਦੀ ਨੁਮਾਇੰਦਗੀ ਕਰਦਿਆਂ ਮੁਕਾਬਲੇ ਵਿੱਚ ਆਪਣੀ ਖੇਡ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਸੋਨ ਤਮਗਾ ਆਪਣੇ ਨਾਮ ਕੀਤਾ। ਉਸ ਦੀ ਇਸ ਕਾਮਯਾਬੀ ਦੀ ਖ਼ਬਰ ਮਿਲਦਿਆਂ ਹੀ ਹਰਚੋਵਾਲ ਅਤੇ ਆਸ-ਪਾਸ ਦੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਪਿੰਡ ਪਰਤਣ 'ਤੇ ਫੁੱਲਾਂ ਦੇ ਹਾਰ ਪਾ ਕੇ ਕੀਤਾ

ਵਿਧਾਇਕ ਡਾ. ਅਜੈ ਗੁਪਤਾ ਅਤੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਨੇ ਪਸ਼ੂ ਹਸਪਤਾਲ ਅਤੇ ਗਊਸ਼ਾਲਾ ਦਾ ਕੀਤਾ ਉਦਘਾਟਨ

ਅੰਮ੍ਰਿਤਸਰ, 3 ਅਕਤੂਬਰ (ਰਾਜੇਸ਼ ਡੈਨੀ) ਅੰਮ੍ਰਿਤਸਰ ਸ਼ਹਿਰ ਵਿੱਚ ਅਵਾਰਾ ਪਸ਼ੂਆਂ ਦੀ ਸਮੱਸਿਆ ਦੇ ਹੱਲ ਅਤੇ ਉਨ੍ਹਾਂ ਦੇ ਇਲਾਜ ਤੇ ਸੁਚੱਜੀ ਦੇਖਭਾਲ ਲਈ ਨਗਰ ਨਿਗਮ ਵੱਲੋਂ ਝੱਬਾਲ ਰੋਡ ਵਿਖੇ ਤਿਆਰ ਕੀਤੇ ਗਏ ਪਸ਼ੂ ਹਸਪਤਾਲ ਅਤੇ ਗਊਸ਼ਾਲਾ ਦਾ ਅੱਜ ਕੇਂਦਰੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ. ਅਜੈ ਗੁਪਤਾ ਅਤੇ ਦੱਖਣੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਵੱਲੋਂ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਪਸ਼ੂ ਹਸਪਤਾਲ ਅਤੇ ਗਊਸ਼ਾਲਾ ਦੀਆਂ ਵੱਖ-ਵੱਖ ਸਹੂਲਤਾਂ ਦਾ ਜਾਇਜ਼ਾ ਵੀ ਲਿਆ। ਇਸ ਮੌਕੇ ਵਿਧਾਇਕ ਡਾ. ਅਜੈ ਗੁਪਤਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਵਿੱਚ ਅਵਾਰਾ ਪਸ਼ੂਆਂ ਦੀ ਸਮੱਸਿਆ ਦੇ ਹੱਲ ਦੇ ਨਾਲ-ਨਾਲ ਪਸ਼ੂਆਂ ਦੀ ਸਿਹਤ, ਇਲਾਜ ਅਤੇ ਦੇਖਭਾਲ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਵਾਰਾ ਪਸ਼ੂਆਂ ਕਾਰਨ ਆਮ ਲੋਕਾਂ ਨੂੰ ਆਉਣ ਵਾਲੀਆਂ ਮੁਸ਼ਕਲਾਂ ਨੂੰ ਘਟਾਉਣ ਦੇ ਨਾਲ-ਨਾਲ ਪਸ਼ੂਆਂ ਨੂੰ ਸੁਰੱਖਿਅਤ ਥਾਂ ਅਤੇ ਬਿਹਤਰ ਦੇਖਭਾਲ ਮੁਹੱਈਆ ਕਰਵਾਉਣਾ ਵੀ ਨਗਰ ਨਿਗਮ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਝੱਬਾਲ ਰੋਡ ਵਿਖੇ ਲਗਭਗ 2 ਏਕੜ ਜ਼ਮੀਨ ਵਿੱਚ ਪਸ਼ੂ ਹਸਪਤਾਲ ਅਤੇ ਗਊਸ਼ਾਲਾ ਤਿਆਰ ਕੀਤੀ ਗਈ ਹੈ। ਇਸ ਸਹੂਲਤ ਵਿੱਚ ਪਸ਼ੂਆਂ ਦੇ ਇਲਾਜ ਲਈ ਇੱਕ ਪਸ਼ੂ ਡਾਕਟਰ ਅਤੇ ਰੋਜ਼ਾਨਾ ਦੇਖਭਾਲ ਲਈ ਸਟਾਫ਼ ਵੀ ਤਾਇਨਾਤ ਕੀਤਾ ਗਿਆ ਹੈ। ਨਗਰ ਨਿਗਮ ਵੱਲੋਂ ਹੁਣ ਤੱਕ ਲਗਭਗ 60 ਅਵਾਰਾ ਪਸ਼ੂਆਂ ਨੂੰ ਫੜ ਕੇ ਇਸ ਗਊਸ਼ਾਲਾ ਵਿੱਚ ਤਬਦੀਲ ਕੀਤਾ ਜਾ ਚੁੱਕਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਮੁਹਿੰਮ ਜਾਰੀ ਰਹੇਗੀ। ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਨੇ ਕਿਹਾ ਕਿ ਇਸ ਗਊਸ਼ਾਲਾ ਵਿੱਚ ਪੜਾਅਵਾਰ ਤਰੀਕੇ ਨਾਲ ਲਗਭਗ 400 ਅਵਾਰਾ ਪਸ਼ੂਆਂ ਦੀ ਦੇਖਭਾਲ ਕਰਨ ਦੀ ਸਮਰੱਥਾ ਹੋਵੇਗੀ। ਇਸ ਨਾਲ ਸੜਕਾਂ ਤੇ ਘੁੰਮਦੇ ਪਸ਼ੂਆਂ ਕਾਰਨ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਨੂੰ ਘਟਾਉਣ ਵਿੱਚ ਮਦਦ ਮਿਲੇਗੀ ਅਤੇ ਪਸ਼ੂਆਂ ਨੂੰ ਸੁਰੱਖਿਅਤ ਥਾਂ ਤੇ ਰੱਖ ਕੇ ਉਨ੍ਹਾਂ ਦੀ ਦੇਖਭਾਲ ਕੀਤੀ ਜਾ ਸਕੇਗੀ। ਇੱਥੇ ਬੁਨਿਆਦੀ ਸਹੂਲਤਾਂ ਦੇ ਨਾਲ-ਨਾਲ ਆਲੇ-ਦੁਆਲੇ ਸੜਕਾਂ ਅਤੇ ਗਲੀਆਂ ਦੇ ਨਿਰਮਾਣ ਦਾ ਕੰਮ ਵੀ ਕਰਵਾਇਆ ਜਾਵੇਗਾ। ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗਊਸ਼ਾਲਾ ਵਿੱਚ ਰੱਖੇ ਜਾਣ ਵਾਲੇ ਪਸ਼ੂਆਂ ਦੀ ਸਿਹਤ, ਸਫ਼ਾਈ, ਖੁਰਾਕ ਅਤੇ ਹੋਰ ਜ਼ਰੂਰੀ ਲੋੜਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਵਿਧਾਇਕਾਂ ਨੇ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਸੁਰੱਖਿਅਤ ਬਣਾਉਣ ਲਈ ਨਗਰ ਨਿਗਮ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਅਵਾਰਾ ਪਸ਼ੂਆਂ ਦੀ ਸਮੱਸਿਆ ਦਾ ਸਥਾਈ ਹੱਲ ਕੱਢਣ ਲਈ ਪ੍ਰਸ਼ਾਸਨ, ਨਗਰ ਨਿਗਮ ਅਤੇ ਸਬੰਧਤ ਵਿਭਾਗਾਂ ਵੱਲੋਂ ਆਪਸੀ ਤਾਲਮੇਲ ਨਾਲ ਕੰਮ ਕੀਤਾ ਜਾਵੇਗਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਅਧਿਕਾਰੀ, ਨਗਰ ਨਿਗਮ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

ਕਿਸਾਨਾਂ ਦੀ ਫ਼ਸਲ ਦਾ ਦਾਣਾ-ਦਾਣਾ ਖਰੀਦੇਗੀ ਪੰਜਾਬ ਸਰਕਾਰ, ਲਾਲ ਚੰਦ ਕਟਾਰੂਚੱਕ

ਖ਼ੁਰਾਕ ਮੰਤਰੀ ਨੇ ਤਰਨ ਤਾਰਨ ਦਾਣਾ ਮੰਡੀ ਵਿਖੇ ਝੋਨੇ ਦੇ ਖ਼ਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

ਤਰਨ ਤਾਰਨ 3 ਅਕਤੂਬਰ (ਤਰਸੇਮ ਸਿੰਘ ਭੁਪਾਲ, ਸਾਹਿਬ ਸਿੰਘ) ਪੰਜਾਬ ਦੇ ਖ਼ੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਤਰਨ ਤਾਰਨ ਦਾਣਾ ਮੰਡੀ ਵਿਖੇ ਝੋਨੇ ਦੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਦੀ ਮਿਹਨਤ ਨਾਲ ਪੈਦਾ ਕੀਤੀ ਫ਼ਸਲ ਦਾ ਦਾਣਾ-ਦਾਣਾ ਖਰੀਦੇਗੀ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਝੋਨੇ ਦੀ ਸਰਕਾਰੀ ਖ਼ਰੀਦ 1 ਅਕਤੂਬਰ ਤੋਂ ਸ਼ੁਰੂ ਹੋ ਚੁੱਕੀ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਉਨ੍ਹਾਂ ਨੇ ਪਿੰਡ ਕਰਮੂਵਾਲਾ ਦੇ ਕਿਸਾਨ ਸੁਲੱਖਣ ਸਿੰਘ ਅਤੇ ਪਿੰਡ ਸਖੀਰਾ ਦੇ ਕਿਸਾਨ ਸ਼ਮਸ਼ੇਰ ਸਿੰਘ ਦੀ ਫ਼ਸਲ ਦੀ ਖ਼ਰੀਦ ਵੀ ਕਰਵਾਈ। ਉਨ੍ਹਾਂ ਮੰਡੀ ਵਿੱਚ ਖ਼ਰੀਦ, ਲਿਫਟਿੰਗ, ਭੁਗਤਾਨ, ਬਾਰਦਾਨੇ ਸਮੇਤ ਹੋਰ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਇਸ ਮੌਕੇ ਉਨ੍ਹਾਂ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਵੀ ਗੱਲਬਾਤ ਕੀਤੀ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਸਾਲ ਮੰਡੀਆਂ ਵਿੱਚ ਝੋਨੇ ਦੀ ਭਰਵੀਂ ਫ਼ਸਲ ਪਹੁੰਚ ਰਹੀ ਹੈ ਅਤੇ ਫ਼ਸਲ ਦੀ ਗੁਣਵੱਤਾ ਵੀ ਬਿਹਤਰ ਹੈ। ਉਨ੍ਹਾਂ ਦੱਸਿਆ ਕਿ ਖ਼ਰੀਦ ਸੀਜ਼ਨ ਦੌਰਾਨ ਕੇਂਦਰੀ ਪੂਲ ਲਈ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਟੀਚੇ ਨੂੰ ਪੂਰਾ ਕਰਨ ਲਈ ਸੂਬਾ ਸਰਕਾਰ ਵੱਲੋਂ ਮੰਡੀਆਂ ਵਿੱਚ ਸਾਰੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦਾ ਭੁਗਤਾਨ ਪਾਰਦਰਸ਼ੀ ਢੰਗ ਨਾਲ ਸਿੱਧੇ ਬੈਂਕ ਖਾਤਿਆਂ ਵਿੱਚ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 42,786 ਕਰੋੜ ਰੁਪਏ ਦੀ ਨਕਦ ਕਰਜ਼ਾ ਹੱਦ (ਸੀ.ਸੀ.ਐੱਲ) ਦੀ ਮਨਜ਼ੂਰੀ ਮਿਲ ਚੁੱਕੀ ਹੈ, ਜਿਸ ਨਾਲ ਝੋਨੇ ਦੀ ਖ਼ਰੀਦ ਲਈ ਲੋੜੀਂਦੇ ਵਿੱਤੀ ਪ੍ਰਬੰਧ ਯਕੀਨੀ ਬਣਾਏ ਗਏ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਸਲ ਦੇ ਪੂਰੀ ਤਰ੍ਹਾਂ ਪੱਕਣ ਅਤੇ ਸੁੱਕਣ ਉਪਰੰਤ ਹੀ ਕਟਾਈ ਕਰਨ ਅਤੇ ਮੰਡੀਆਂ ਵਿੱਚ ਨਿਰਧਾਰਤ ਮਾਪਦੰਡਾਂ ਵਾਲਾ ਸੁੱਕਾ ਝੋਨਾ ਹੀ ਲੈ ਕੇ ਆਉਣ। ਇਸ ਨਾਲ ਉਨ੍ਹਾਂ ਨੂੰ ਆਪਣੀ ਫ਼ਸਲ ਦਾ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) 2,461 ਰੁਪਏ ਪ੍ਰਤੀ ਕੁਇੰਟਲ ਮਿਲੇਗਾ ਅਤੇ ਉਨ੍ਹਾਂ ਨੂੰ ਮੰਡੀਆਂ ਵਿੱਚ ਬੇਲੋੜੀ ਉਡੀਕ ਵੀ ਨਹੀਂ ਕਰਨੀ ਪਵੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਖ਼ਰੀਦ ਸੀਜ਼ਨ ਨੂੰ ਸੁਚਾਰੂ, ਪਾਰਦਰਸ਼ੀ ਅਤੇ ਨਿਰਵਿਘਨ ਢੰਗ ਨਾਲ ਚਲਾਉਣ ਲਈ ਸੂਬੇ ਦੀਆਂ ਸਾਰੀਆਂ ਮੰਡੀਆਂ ਵਿੱਚ ਵਿਆਪਕ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਪਹੁੰਚ ਰਹੀ ਫ਼ਸਲ ਦੀ ਖ਼ਰੀਦ, ਲਿਫਟਿੰਗ ਅਤੇ ਭੁਗਤਾਨ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਯਕੀਨੀ ਬਣਾਇਆ ਜਾਵੇ। ਪੱਤਰਕਾਰਾਂ ਵੱਲੋਂ ਪਰਾਲੀ ਸਾੜਨ ਦੇ ਮੁੱਦੇ 'ਤੇ ਕੀਤੇ ਸਵਾਲ ਦਾ ਜਵਾਬ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ ਅਤੇ ਵਾਤਾਵਰਣ ਦੀ ਸੰਭਾਲ ਕਰਨਾ ਸਾਡੀ ਸਾਰਿਆਂ ਦੀ ਸਾਂਝੀ ਨੈਤਿਕ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨਾ ਸਾੜਨ ਅਤੇ ਵਾਤਾਵਰਣ ਦੀ ਸੰਭਾਲ ਵਿੱਚ ਸਰਕਾਰ ਦਾ ਸਾਥ ਦੇਣ। ਉਨ੍ਹਾਂ ਕਿਹਾ ਕਿ ਖਰੀਦ ਸੀਜ਼ਨ ਨੂੰ ਸਫਲ ਬਣਾਉਣ ਲਈ ਕਿਸਾਨਾਂ, ਆੜ੍ਹਤੀਆਂ, ਮਿਲਰਾਂ, ਮਜ਼ਦੂਰਾਂ, ਖਰੀਦ ਏਜੰਸੀਆਂ ਅਤੇ ਸਬੰਧਤ ਵਿਭਾਗਾਂ ਦਰਮਿਆਨ ਬਿਹਤਰ ਤਾਲਮੇਲ ਬੇਹੱਦ ਜ਼ਰੂਰੀ ਹੈ। ਇਸ ਮੌਕੇ ਡਿਪਟੀ ਡਾਇਰੈਕਟਰ ਖੁਰਾਕ ਤੇ ਸਪਲਾਈ ਵਿਭਾਗ ਰਜਨੀਸ਼ ਕੁਮਾਰੀ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਹਰਵੀਨ ਕੌਰ, ਜ਼ਿਲ੍ਹਾ ਮੰਡੀ ਅਫ਼ਸਰ ਹਰਜੋਤ ਸਿੰਘ, ਡੀ.ਐੱਸ.ਪੀ ਜਸਪਾਲ ਸਿੰਘ, ਟ੍ਰੇਡਰਜ਼ ਕਮਿਸ਼ਨ ਦੇ ਜ਼ਿਲ੍ਹਾ ਚੇਅਰਮੈਨ ਹਰਮਨਦੀਪ ਸਿੰਘ ਮੋਣੀ, ਟ੍ਰੇਡਰਜ਼ ਕਮਿਸ਼ਨ ਦੇ ਹਲਕਾ ਇੰਚਾਰਜ ਅਤੇ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਦਿਲਬਾਗ ਸਿੰਘ ਬਾਠ, ਜਨਰਲ ਸਕੱਤਰ ਪਵੇਲ ਸਿੰਘ ਪੰਨੂ, ਸਰਪ੍ਰਸਤ ਸਰਜੀਤ ਸਿੰਘ ਚੋਹਲਾ, ਗੁਰਿੰਦਰ ਸਿੰਘ ਲਾਲੀ ਚਾਚਾ, ਸੁਰਿੰਦਰ ਸਿੰਘ ਭੁੱਚਰ, ਬਹਾਲ ਸਿੰਘ ਗਿੱਲ ਅਤੇ ਪਰਮਜੀਤ ਜੋਸ਼ੀ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਨਵੇਂ ਵਾਸ਼ਰੂਮ ਤੇ ਸਿਲੰਡਰ ਸਟੋਰ ਦਾ ਉਦਘਾਟਨ

ਅੰਮ੍ਰਿਤਸਰ, ਝਬਾਲ 3 ਅਕਤੂਬਰ (ਮੋਹਕਮ ਸਿੰਘ) ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਠੱਠਾ ਵਿਖੇ ਸੰਗਤ ਦੀ ਵਧਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਿਆਰ ਕਰਵਾਏ ਨਵੇਂ ਵਾਸ਼ਰੂਮ ਅਤੇ ਲੰਗਰ ਤੇ ਕੜਾਹ ਪ੍ਰਸ਼ਾਦ ਲਈ ਵਰਤੇ ਜਾਣ ਵਾਲੇ ਸਿਲੰਡਰਾਂ ਦੇ ਸੁਰੱਖਿਅਤ ਰੱਖ-ਰਖਾਅ ਲਈ ਬਣਾਏ ਸਟੋਰ ਦਾ ਅੱਜ ਅਰਦਾਸ ਉਪਰੰਤ ਉਦਘਾਟਨ ਕੀਤਾ ਗਿਆ। ਇਹ ਉਦਘਾਟਨ ਬਾਬਾ ਸੋਹਨ ਸਿੰਘ ਜੀ , ਬਾਬਾ ਅਵਤਾਰ ਸਿੰਘ ਜੀ ਧੱਤਲ, ਐਕਸੀਅਨ ਸੁਖਜਿੰਦਰ ਸਿੰਘ, ਮੈਨੇਜਰ ਸ. ਧਰਵਿੰਦਰ ਸਿੰਘ ਮਾਨੋਚਾਹਲ, ਬਾਬਾ ਅਵਤਾਰ ਸਿੰਘ ਜੀ ਭੂਰੀ ਵਾਲੇ ਅਤੇ ਹੋਂਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਜੀ ਨੇ ਸਾਂਝੇ ਤੌਰ 'ਤੇ ਕੀਤਾ। ਗੁਰਦੁਆਰਾ ਸਾਹਿਬ ਦੇ ਪ੍ਰਬੰਧ ਨੂੰ ਹੋਰ ਸੁਚਾਰੂ ਬਣਾਉਣ ਲਈ ਇਹ ਸੇਵਾ ਕਾਰਜ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ ਅਤੇ ਬਾਬਾ ਸੁਖਵਿੰਦਰ ਸਿੰਘ ਜੀ ਨੂੰ ਸੌਂਪੇ ਗਏ ਸਨ, ਜਿਨ੍ਹਾਂ ਨੂੰ ਅਤੀ ਆਧੁਨਿਕ ਤਕਨੀਕ ਨਾਲ ਪੜਾਅਵਾਰ ਮੁਕੰਮਲ ਕੀਤਾ ਜਾ ਰਿਹਾ ਹੈ। ਇਸ ਮੌਕੇ ਬਾਬਾ ਸੋਹਨ ਸਿੰਘ ਤੇ ਬਾਬਾ ਅਵਤਾਰ ਸਿੰਘ ਭੂਰੀ ਵਾਲਿਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮਹਾਨ ਪਵਿੱਤਰ ਅਸਥਾਨ ਪ੍ਰਤੀ ਸੰਗਤ ਦੀ ਡੂੰਘੀ ਆਸਥਾ ਹੈ। ਸੰਗਤ ਦੀ ਨਿਰੰਤਰ ਵਧ ਰਹੀ ਆਮਦ ਨੂੰ ਮੁੱਖ ਰੱਖਦਿਆਂ ਇੱਥੇ ਆਧੁਨਿਕ ਅਤੇ ਲੋੜੀਂਦੀਆਂ ਸਹੂਲਤਾਂ ਉਪਲਬਧ ਕਰਵਾਉਣਾ ਸਮੇਂ ਦੀ ਲੋੜ ਹੈ। ਸੋ ਸਲਾਨਾ ਜੋੜ ਮੇਲੇ ਨੂੰ ਸਮਰਪਿਤ ਦਿਨ ਰਾਤ ਇੱਕ ਕਰਕੇ ਇਸ ਸੇਵਾ ਨੂੰ ਮੁਕੰਮਲ ਕੀਤਾ ਗਿਆ ਹੈ। ਉਹਨਾਂ ਨੂੰ ਦੱਸਿਆ ਕਿ ਦਰਬਾਰ ਸਾਹਿਬ ਦੇ ਸਾਹਮਣੇ ਸ਼ੈਡ ਅਤੇ ਲੰਗਰ ਦੀ ਇਮਾਰਤ ਦੀ ਸੇਵਾ ਵੀ ਤੇਜ਼ੀ ਨਾਲ ਕੀਤੀ ਜਾ ਰਹੀ ਹੈ।ਉਨ੍ਹਾਂ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਚੱਲ ਰਹੇ ਸੇਵਾ ਕਾਰਜਾਂ ਵਿੱਚ ਵੱਧ-ਚੜ੍ਹ ਕੇ ਸਹਿਯੋਗ ਕਰਨ ਦੀ ਅਪੀਲ ਕੀਤੀ। ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਧਰਵਿੰਦਰ ਸਿੰਘ ਮਾਨੋਚਾਹਲ ਨੇ ਕਿਹਾ ਕਿ ਮਹਾਂਪੁਰਸ਼ਾਂ ਨੂੰ ਸਿਰੋਪਾਓ ਨਾਲ ਸਨਮਾਨਿਤ ਕਰਦਿਆਂ ਕਿਹਾ ਕਿ ਸੰਗਤਾਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦਿਆਂ ਪ੍ਰਬੰਧ ਨੂੰ ਹੋਰ ਸੁਚਾਰੂ ਬਣਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾਂ ਵਚਨਬੱਧ ਹੈ ਅਤੇ ਸੇਵਾ ਦੇ ਕਾਰਜ ਮੁਕੰਮਲ ਹੋ ਜਾਣ 'ਤੇ ਸੰਗਤਾਂ ਨੂੰ ਹੋਰ ਵੀ ਸੁਵਿਧਾ ਮਿਲ ਸਕੇਗੀ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਮਹਾਂਪੁਰਸ਼ਾਂ ਵੱਲੋਂ ਸਰੋਵਰ ਦੀ ਕਾਰ ਸੇਵਾ, ਦਰਬਾਰ ਸਾਹਿਬ ਦੇ ਚੁਫੇਰੇ ਪੱਥਰ ਲਗਾਉਣ ਦੀ ਸੇਵਾ, ਖੰਡਪਾਠਾਂ ਦੀ ਬੁਕਿੰਗ ਲਈ ਕਮਰਾ, ਸੰਗਤਾਂ ਦੇ ਜਲ ਛਕਣ ਲਈ ਛਬੀਲ, ਲੰਗਰ ਦੀ ਇਮਾਰਤ ਦਾ ਨਵੀਨੀਕਰਨ ਅਤੇ ਮੀਰੀ-ਪੀਰੀ ਅੰਮ੍ਰਿਤ-ਸੰਚਾਰ ਹਾਲ ਦੀ ਸੇਵਾ ਦੇ ਕਾਰਜ ਮੁਕੰਮਲ ਕੀਤੇ ਗਏ ਹਨ। ਇਸ ਮੌਕੇ ਬਾਬਾ ਜੱਸਾ ਸਿੰਘ, ਮੀਤ ਮੈਨੇਜਰ ਦਿਲਬਾਗ ਸਿੰਘ ਅਤੇ ਗੁਰਜੀਤ ਸਿੰਘ, ਅਕਾਊਂਟੈਂਟ ਸ. ਅਮਰਬੀਰ ਸਿੰਘ, ਅਰਵਨਪ੍ਰੀਤ ਸਿੰਘ ਆਰ.ਕੇ., ਜਤਿੰਦਰ ਸਿੰਘ ਐੱਸ.ਕੇ., ਬਾਬਾ ਅਵਤਾਰ ਸਿੰਘ, ਬਾਬਾ ਕਰਨ ਸਿੰਘ, ਬਾਬਾ ਕੁੰਵਰ ਪ੍ਰਤਾਪ ਸਿੰਘ, ਬਾਬਾ ਪ੍ਰਦੀਪ ਸਿੰਘ ਪਲਾਹ ਸਾਹਿਬ, ਬਾਬਾ ਜਸਬੀਰ ਸਿੰਘ ਪਟਵਾਰੀ, ਬਾਬਾ ਫਤਿਹ ਸਿੰਘ, ਬਾਬਾ ਜਗਜੀਤ ਸਿੰਘ, ਬਾਬਾ ਨਿਰਮਲ ਸਿੰਘ, ਮਹਿਲ ਸਿੰਘ ਤੇ ਅਰਵੇਲ ਸਿੰਘ ਵੀ ਮੌਜੂਦ ਸਨ.

ਆਪ ਦੇ ਵਿਧਾਇਕ ਨੇ ਹੀ ਖੋਲ੍ਹੀ ਮਾਨ ਸਰਕਾਰ ਦੇ ਸਿੱਖਿਆ ਮਾਡਲ ਦੀ ਪੋਲ : ਰਵਨੀਤ ਬਿੱਟੂ

ਲੁਧਿਆਣਾ, 3 ਅਕਤੂਬਰ (ਵਰਿੰਦਰ) : ਸੀਨੀਅਰ ਭਾਜਪਾ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਪੰਜਾਬ ਦੀ ਭਗਵੰਤ ਮਾਨ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਇੱਕ ਵਿਧਾਇਕ ਵੱਲੋਂ ਜਾਰੀ ਕੀਤੀ ਭਾਵੁਕ ਵੀਡੀਓ ਨੇ ਸੂਬੇ ਦੀ ਸਿੱਖਿਆ ਪ੍ਰਣਾਲੀ ਨੂੰ ਲੈ ਕੇ ਸਰਕਾ

ਦਲਬੀਰ ਯੂਕੇ ਨੇ 'ਮਾਨ ਦੇ ਮੁਨਾਫ਼ੇ' ਘਨੌਰ ਹਲਕੇ ਦੇ ਪਿੰਡਾਂ ਚ ਘਰ-ਘਰ ਜਾ ਕੇ ਵੰਡੇ

ਪਟਿਆਲਾ 3ਅਕਤੂਬ (ਰਾਜਿੰਦਰ ਸਿੰਘ ਥਿੰਦ)-ਆਮ ਆਦਮੀ ਪਾਰਟੀ ਦੇ ਆਗੂ ਤੇ ਸਮਾਜ ਸੇਵੀ ਦਲਬੀਰ ਗਿੱਲ ਯੂਕੇ ਨੇ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਘਨੌਰ ਹਲਕੇ ਵਿੱਚ ਡੋਰ-ਟੂ-ਡੋਰ ਜਾ ਕੇ ਲੋਕਾਂ ਨਾਲ ਸੰਪਰਕ ਕੀਤਾ ਜਾ ਰਿਹਾ ਹੈ। ਹਲਕਾ ਘਨੌਰ ਦੇ ਪਿੰਡ ਜਖੜਾ ਵਿਖੇ ਡੋਰ ਟੂ ਡੋਰ ਪ੍ਰਚਾਰ ਸ਼ੁਰੂ ਕਰਦਿਆਂ ਦਲਬੀਰ ਯੂਕੇ ਵੱਲੋਂ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਕੀਤੇ ਗਏ ਕੰਮਾਂ ਅਤੇ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਦਲਬੀਰ ਯੂਕੇ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੰਜਾਬ ਦੇ ਵੱਖ-ਵੱਖ ਵਰਗਾਂ ਨਾਲ ਸਬੰਧਤ ਲੋਕਾਂ ਲਈ ਕੀਤੇ ਗਏ ਕੰਮਾਂ ਨੂੰ 'ਮਾਨ ਦੇ ਮੁਨਾਫ਼ੇ' ਤਹਿਤ ਘਰ-ਘਰ ਪਹੁੰਚਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਮਕਸਦ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਅਤੇ ਵਿਕਾਸ ਕਾਰਜਾਂ ਬਾਰੇ ਲੋਕਾਂ ਨੂੰ ਜਾਣਕਾਰੀ ਦੇਣਾ ਹੈ। ਉਨ੍ਹਾਂ ਦੱਸਿਆ ਕਿ ਪ੍ਰਚਾਰ ਦਰਮਿਆਨ ਉਨ੍ਹਾਂ ਨੇ ਇੱਕ ਇੱਕ ਘਰ ਜਾ ਕੇ ਕੁੰਢਾ ਖੜਕਾਇਆ ਤੇ ਸਭ ਨੂੰ "ਮਾਨ ਦੇ ਮੁਨਾਫ਼ੇ " ਦਰਮਿਆਨ ਹੋਏ ਲਾਭ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਭਗਵੰਤ ਮਾਨ ਸਰਕਾਰ ਪ੍ਰਤੀ ਹਾਂ ਪੱਖੀ ਹੁੰਗਾਰਾ ਹੈ ਅਤੇ ਲੋਕ ਸਰਕਾਰ ਦੇ ਕੰਮਾਂ ਤੋਂ ਬਹੁਤ ਖੁਸ਼ ਹਨ, ਜਿਸ ਕਰਕੇ ਉਹ ਦੁਬਾਰਾ 2027 ਵਿੱਚ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਕਾਹਲ? ਹਨ।ਇਸ ਮੌਕੇ ਦਲਬੀਰ ਯੂਕੇ ਨੇ ਕਿਹਾ ਕਿ ਹਲਕਾ ਵਾਸੀਆਂ ਦੇ ਵਿਚਾਰ ਤੇ ਮਸਲੇ ਜਾਣਨ ਦਾ ਮੌਕਾ ਮਿਲਿਆ। ਇਸ ਦੌਰਾਨ ਇਲਾਕੇ ਦੇ ਲੋਕਾਂ ਨਾਲ ਪਿਆਰ, ਭਰੋਸੇ ਅਤੇ ਆਪਣੇਪਣ ਦਾ ਰਿਸ਼ਤਾ ਹੋਰ ਮਜ਼ਬੂਤ ਹੋਇਆ। ਇਸ ਜਨ-ਸੰਪਰਕ ਮੁਹਿੰਮ ਵਿੱਚ ਸਰਪੰਚ ਲਖਵਿੰਦਰ ਸਿੰਘ, ਸੁਰਿੰਦਰ ਸਿੰਘ, ਦਲਬੀਰ ਸਿੰਘ, ਲਾਡੀ ਸਰਪੰਚ, ਕਿਰਤ ਸਰਪੰਚ ਸੇਹਰਾ, ਪ੍ਰਦੀਪ ਗੰਡਾ ਖੇੜੀ ਪੰਚ, ਲੱਕੀ ਗੋਪਾਲਪੁਰ, ਪਰਵਿੰਦਰ ਸਰਪੰਚ ਬਡੌਲੀ, ਗੁਰਨਾਮ ਸਿੰਘ ਬਡੌਲੀ, ਗੁਰਮੀਤ ਸਿੰਘ ਅਤੇ ਲਖਵਿੰਦਰ ਸਿੰਘ ਸਮੇਤ ਸਾਥੀ ਭਰਾਵਾਂ ਦਾ ਵਿਸ਼ੇਸ਼ ਸਹਿਯੋਗ ਰਿਹਾ। ਲੋਕਾਂ ਦਾ ਮਿਲ ਰਿਹਾ ਪਿਆਰ ਅਤੇ ਸਾਥ ਸਾਡੀ ਸਭ ਤੋਂ ਵੱਡੀ ਤਾਕਤ ਹੈ।

ਡੈਮੋਕਰੇਟਿਕ ਪੈਨਸ਼ਨਰਜ ਫਰੰਟ ਜ਼ਿਲ੍ਹਾ ਫਰੀਦਕੋਟ ਦੀ ਮਹੀਨਾਵਾਰ ਮੀਟਿੰਗ ਹੋਈ

ਕੋਟਕਪੂਰਾ 3 ਅਕਤੂਬਰ ਗੁਰਪ੍ਰੀਤ ਸਿੰਘ ਔਲਖ) ਡੈਮੋਕ੍ਰੇਟਿਕ ਪੈਨਸ਼ਨਰਜ਼ ਫਰੰਟ ਦੀ ਮਹੀਨਾਵਾਰ ਮੀਟਿੰਗ ਹੋਈ । ਸਥਾਨਕ ਮਿਉਸਪਲ ਪਾਰਕ ਵਿਖੇ ਕਨਵੀਨਰ ਸੁਖਮੰਦਰ ਸਿੰਘ ਸੰਧਵਾਂ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੰਜਾਬੀ ਅਖ਼ਬਾਰ ਸਮੂਹ ਦੇ ਸਾਬਕਾ ਪ੍ਰਤੀਨਿਧ ਸ੍ਰੀ ਮੇਘ ਰਾਜ ਸ਼ਰਮਾ ਦੀਆਂ ਅਧਿਆਪਨ , ਜਥੇਬੰਦਕ ਅਤੇ ਪੱਤਰਕਾਰੀ ਦੇ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ ਨਿਭਾਉਣ ਲਈ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਰਬਸੰਮਤੀ ਨਾਲ ਜਥੇਬੰਦੀ ਦਾ ਸਰਪ੍ਰਸਤ ਚੁਣਿਆ ਗਿਆ । ਇਸ ਤੋਂ ਇਲਾਵਾ ਮੀਟਿੰਗ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਪੰਜਾਬ ਸਰਕਾਰ ਵਿਰੁੱਧ ਚੱਲ ਰਹੇ ਅੰਦੋਲਨ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਦਾ ਫ਼ੈਸਲਾ ਕੀਤਾ ਗਿਆ ।10 ਅਕਤੂਬਰ ਦੀ ਸੰਗਰੂਰ ਮਹਾਂ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ । ਮੀਟਿੰਗ ਵਿੱਚ ਪੰਜਾਬ ਵਿੱਚ ਪੁਲਿਸ ਜਬਰ ਦੀ ਨਿਖੇਧੀ ਦੀ ਨਿਖੇਧੀ ਕੀਤੀ ਗਈ ਕਿ ਕਿਵੇਂ ਥਾਂ-ਥਾਂ ਤੇ ਇਨਸਾਫ਼ ਦੀ ਮੰਗ ਕਰ ਰਹੇ ਸ਼ਾਂਤਮਈ ਅੰਦੋਲਨਕਾਰੀ ਕਿਸਾਨਾਂ , ਮਜ਼ਦੂਰਾਂ ਮੁਲਾਜ਼ਮਾਂ ਅਤੇ ਹੋਰਨਾਂ ਵਰਗਾਂ ਉੱਪਰ ਲਾਠੀਚਾਰਜ , ਪਾਣੀ ਦੀਆਂ ਬੁਛਾੜਾਂ , ਕੁੱਟਮਾਰ ਕੀਤੀ ਜਾ ਰਹੀ ਹੈ ਅਤੇ ਔਰਤਾਂ ਨੂੰ ਵੀ ਨਹੀਂ ਬਖਸ਼ਿਆ ਜਾ ਰਿਹਾ ਹੈ । ਮੰਗ ਕੀਤੀ ਗਈ ਕਿ ਕੇਂਦਰ ਅਨੁਸਾਰ ਤੇਰਾਂ ਪ੍ਰਤੀਸ਼ਤ ਡੀ. ਏ. ਜਾਰੀ ਕੀਤਾ ਜਾਵੇ । ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ । ਜਨਵਰੀ 16 ਤੋਂ ਪਹਿਲਾਂ ਸੇਵਾਮੁਕਤ ਹੋਏ ਮੁਲਾਜ਼ਮਾਂ ਲਈ 2.59 ਦਾ ਫੈਕਟਰ ਲਾਗੂ ਕੀਤਾ ਜਾਵੇ । ਸਾਰੇ ਕੱਚੇ ਮੁਲਾਜ਼ਮ ਵਿਭਾਗਾਂ ਚ ਲਿਆ ਕੇ ਪੱਕੇ ਕੀਤੇ ਜਾਣ । ਡਾਕਟਰ ਮੁਕੇਸ਼ ਭੰਡਾਰੀ ਅਤੇ ਜੋਗਿੰਦਰ ਸਿੰਘ ਸੁਰਗਾਪੁਰੀ ਨੇ ਮੇਘ ਰਾਜ ਜੀ ਬਾਰੇ ਗੀਤ ਅਤੇ ਕਵਿਤਾਵਾਂ ਗਾਇਬ ਕੀਤੀਆਂ । ਕੁਲਵਿੰਦਰ ਸਿੰਘ ਮੰਡ , ਪੂਰਨ ਸਿੰਘ ਸਰਾਵਾਂ, ਸੁਰਜੀਤ ਸਿੰਘ ਭੁੱਟੀ, ਸੁਖਮੰਦਰ ਸਿੰਘ ਸੰਧਵਾਂ, ਗੁਰਮੇਲ ਸਿੰਘ ਟਹਿਣਾ, ਜੰਗੀਰ ਸਿੰਘ , ਲਛਮਣ ਦਾਸ, ਨੇ ਮੇਘ ਰਾਜ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ । ਇਸ ਮੌਕੇ ਜਗਸੀਰ ਸਿੰਘ ਸੇਖੋਂ, ਗੋਜ ਰਾਮ ਭੋਰਾ, ਮਹਿੰਦਰ ਸਿੰਘ, ਸਰਵਣ ਸਿੰਘ , ਗੁਰਜੰਟ ਸਿੰਘ ਮੰਡ, ਰੇਸ਼ਮ ਸਿੰਘ ਮੰਡ , ਗੁਰਮੀਤ ਸਿੰਘ ਮੰਡ, ਪ੍ਰਿੰਸੀਪਲ ਦਿਗਵਿਜੇ ਸਿੰਘ, ਜਗਵੰਤ ਸਿੰਘ ਹੈਡਮਾਸਟਰ , ਵਿਨੋਦ ਕੁਮਾਰ , ਸਤਨਾਮ ਸਿੰਘ, ਸਿੰਘ, ਸਵਰਨ ਸਿੰਘ(ਸਿਹਤ ਵਿਭਾਗ), ਸੁਨੀਲ ਕੁਮਾਰ ਮਿੱਤਲ, ਬਚਨ ਸਿੰਘ, ਰਾਜਿੰਦਰ ਸਿੰਘ ਬਾਵਾ ਗੁਰਚਰਨ ਸਿੰਘ ਸਿੱਖ ਵਾਲਾ ਆਦਿ ਹਾਜ਼ਰ ਸਨ ।

ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ 'ਚ ਪੰਜਾਬੀ ਸੱਭਿਆਚਾਰ ਦੇ ਰੰਗਾਂ ਨਾਲ ਸਜਿਆ ਯੁਵਕ ਤੇ ਲੋਕ ਮੇਲਾ

ਬਠਿੰਡਾ 3 ਅਕਤੂਬਰ (ਰਾਣਾ ਸ਼ਰਮਾਂ) — ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਠਿੰਡਾ-ਫ਼ਰੀਦਕੋਟ ਜ਼ੋਨਲ ਯੁਵਕ ਤੇ ਲੋਕ ਮੇਲੇ ਦਾ ਸ਼ਾਨਦਾਰ ਆਗਾਜ਼ ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਰਾਮਪੁਰਾ ਫੂਲ ਵਿਖੇ ਹੋਇਆ। ਚਾਰ ਰੋਜ਼ਾ ਮੇਲੇ ਦੇ ਪਹਿਲੇ ਦਿਨ ਵੱਖ-ਵੱਖ ਕਾਲਜਾਂ ਤੋਂ ਪਹੁੰਚੇ ਵਿਦਿਆਰਥੀਆਂ ਨੇ ਭੰਗੜੇ, ਲੋਕ ਕਲਾਵਾਂ, ਸ਼ਾਸਤਰੀ ਤੇ ਸੁਗਮ ਸੰਗੀਤ ਸਮੇਤ ਵੱਖ-ਵੱਖ ਵੰਨਗੀਆਂ ਵਿੱਚ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਉਦਘਾਟਨੀ ਸਮਾਰੋਹ ਵਿੱਚ ਐਸ.ਡੀ.ਐਮ. ਨਿਹਾਲ ਸਿੰਘ ਵਾਲਾ ਗਗਨਦੀਪ ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਚੇਅਰਮੈਨ ਐੱਸ.ਐੱਸ. ਚੱਠਾ, ਪੰਜਾਬੀ ਯੂਨੀਵਰਸਿਟੀ ਦੇ ਡਾਇਰੈਕਟਰ ਯੁਵਕ ਭਲਾਈ ਵਿਭਾਗ ਡਾ. ਭੀਮ ਇੰਦਰ ਸਿੰਘ, ਡੈਨੀ ਸ਼ਰਮਾ, ਪ੍ਰੋ. ਹਰਿੰਦਰ ਹੁੰਦਲ, ਐੱਮ.ਡੀ. ਮਨਜੀਤ ਕੌਰ ਚੱਠਾ, ਸੀਨੀਅਰ ਆਗੂ ਸਰਵਨ ਸਿੰਘ ਚੱਠਾ, ਗੁਰਪ੍ਰੀਤ ਸਿੰਘ ਲਹਿਰਾ ਧੂਰਕੋਟ, ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਸਿੱਧੂ, ਪ੍ਰਿੰਸੀਪਲ ਬਘੇਲ ਸਿੰਘ ਅਤੇ ਸਹਾਇਕ ਡਾਇਰੈਕਟਰ ਹਰਪ੍ਰੀਤ ਹੈਪੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ। ਸ਼ਮਾ ਰੌਸ਼ਨ ਕਰਕੇ ਮੇਲੇ ਦੀ ਰਸਮੀ ਸ਼ੁਰੂਆਤ ਕੀਤੀ ਗਈ।

ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸ੍ਰੀ ਗਗਨਦੀਪ ਸ਼ਰਮਾ ਨੇ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੌਜਵਾਨਾਂ ਨੂੰ ਮਿਹਨਤ ਅਤੇ ਲਗਨ ਨਾਲ ਆਪਣੇ ਟੀਚੇ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

ਮੇਲੇ ਦੌਰਾਨ ਵੱਖ-ਵੱਖ ਸਟੇਜਾਂ 'ਤੇ ਭੰਗੜਾ, ਮਾਈਮ, ਸਮਾਜਿਕ ਕੁਰੀਤੀਆਂ 'ਤੇ ਆਧਾਰਿਤ ਸਕਿੱਟਾਂ, ਸਮੂਹ ਸ਼ਬਦ/ਭਜਨ ਗਾਇਨ, ਕਲਾਸੀਕਲ ਵੋਕਲ, ਸੁਗਮ ਸੰਗੀਤ, ਗ਼ਜ਼ਲ ਅਤੇ ਭਾਰਤੀ ਸਮੂਹ ਗਾਇਨ ਦੇ ਮੁਕਾਬਲੇ ਕਰਵਾਏ ਗਏ। ਭੰਗੜੇ ਦੀ ਜੋਸ਼ੀਲੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ।

ਬੌਧਿਕ ਮੁਕਾਬਲਿਆਂ ਵਿੱਚ ਜਨਰਲ ਕੁਇਜ਼ ਅਤੇ ਪੰਜਾਬੀ ਲੋਕਧਾਰਾ ਤੇ ਸੱਭਿਆਚਾਰ ਸਬੰਧੀ ਕੁਇਜ਼ ਰਾਹੀਂ ਵਿਦਿਆਰਥੀਆਂ ਦੇ ਗਿਆਨ ਦੀ ਪਰਖ ਕੀਤੀ ਗਈ। ਇਸੇ ਦੌਰਾਨ ਵਿਰਾਸਤੀ ਕਲਾਵਾਂ ਦੇ ਮੁਕਾਬਲਿਆਂ ਵਿੱਚ ਕਰੋਸ਼ੀਏ ਦੀ ਬੁਣਤੀ, ਨਾਲਾ ਬੁਣਨਾ, ਕਢਾਈ, ਪੱਖੀ, ਗੁੱਡੀਆਂ-ਪਟੋਲੇ, ਪਰਾਂਦਾ, ਰੱਸਾ ਵੱਟਣਾ, ਟੋਕਰੀ ਤੇ ਛਿੱਕੂ ਬਣਾਉਣਾ, ਪੀੜ੍ਹੀ ਬੁਣਨਾ, ਮਿੱਟੀ ਦੇ ਖਿਡੌਣੇ, ਖਿੱਦੋ ਅਤੇ ਈਨੂੰ ਬਣਾਉਣ ਵਰਗੀਆਂ ਰਵਾਇਤੀ ਕਲਾਵਾਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ।

ਇਸ ਮੌਕੇ ਪ੍ਰੋ. ਨਰਿੰਦਰਜੀਤ ਸਿੰਘ ਫ਼ਰੀਦਕੋਟ ਅਤੇ ਨੇਬਰਹੁੱਡ ਟੀ.ਪੀ.ਡੀ. ਕਾਲਜ ਦੇ ਪ੍ਰਿੰਸੀਪਲ ਬਲਜਿੰਦਰ ਸਿੰਘ ਨੇ ਵੀ ਸ਼ਿਰਕਤ ਕੀਤੀ। ਸੰਸਥਾ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ ਗਗਨਦੀਪ ਸ਼ਰਮਾ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਮੇਲੇ ਦੇ ਪਹਿਲੇ ਦਿਨ ਵਿਦਿਆਰਥੀਆਂ ਅਤੇ ਦਰਸ਼ਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਪੂਰਾ ਕੈਂਪਸ ਪੰਜਾਬੀ ਸੱਭਿਆਚਾਰ ਦੇ ਰੰਗਾਂ ਵਿੱਚ ਰੰਗਿਆ ਨਜ਼ਰ ਆਇਆ।

ਸੂਬਾ ਸਰਕਾਰ ਨਸ਼ਿਆਂ ਦੇ ਖਾਤਮੇ ਲਈ ਯਤਨਸ਼ੀਲ ਤੇ ਵਚਨਬੱਧ : ਵਿਧਾਇਕ ਬਲਕਾਰ ਸਿੱਧੂ

ਬਠਿੰਡਾ (ਦਿਹਾਤੀ): 3 ਅਕਤੂਬਰ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ): ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸ਼ੁਰੂ ਕੀਤੀ ਗਈ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਤਹਿਤ ਸੂਬੇ ਵਿੱਚ ਨਸ਼ਿਆਂ ਦਾ ਮੁਕੰਮਲ ਤੌਰ 'ਤੇ ਖਾਤਮਾ ਕਰਨ ਲਈ ਪਿੰਡਾਂ ਅਤੇ ਵਾਰਡਾਂ ਵਿੱਚ ਜ਼ਮੀਨੀ ਪੱਧਰ 'ਤੇ ਠੋਸ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਇਨਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਰਾਮਪੁਰਾ ਫੂਲ ਬਲਕਾਰ ਸਿੰਘ ਸਿੱਧੂ ਨੇ ਪਿੰਡ ਆਦਮਪੁਰਾ ਵਿਖੇ ਨਸ਼ਿਆਂ ਖ਼ ਿਲਾਫ਼ ਜਾਗਰੂਕਤਾ ਪ੍ਰੋਗਰਾਮ ਦੌਰਾਨ ਕੀਤਾ। ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਦ੍ਰਿੜ ਹੈ ਅਤੇ ਜਿੱਥੇ ਨਸ਼ਿਆਂ ਦੇ ਸੁਦਾਗਰਾਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਤੇ ਉਹਨਾਂ ਦੀਆਂ ਜਾਇਦਾਦਾਂ ਵੀ ਜਬਤ ਕੀਤੀਆਂ ਜਾ ਰਹੀਆਂ ਹਨ, ਉੱਥੇ ਹੀ ਇਸ ਦੇ ਮਾੜੇ ਪ੍ਰਭਾਵਾਂ ਪ੍ਰਤੀ ਲੋਕਾਂ ਨੂੰ ਵੱਡੀ ਪੱਧਰ 'ਤੇ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਸਿੱਧੂ ਨੇ ਦੱਸਿਆ ਕਿ ਬਲਾਕ ਕੋਆਰਡੀਨੇਟਰਾਂ, ਵਲੰਟੀਅਰਾਂ, ਪੰਚਾਇਤੀ ਨੁਮਾਇੰਦਿਆਂ ਅਤੇ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰਾਂ ਨਾਲ ਸਮੇਂ-ਸਮੇਂ ਤੇ ਵਿਖੇ ਮੀਟਿੰਗਾਂ ਕਰਦਿਆਂ ÷ਯੁੱਧ ਨਸ਼ਿਆਂ ਵਿਰੁੱਧ÷ ਮੁਹਿੰਮ 'ਤੇ ਪੂਰੇ ਜ਼ੋਰਾਂ ਨਾਲ ਕੰਮ ਕਰਦੇ ਆਂ ਲੋਕਾਂ ਨੂੰ ਵੱਧ ਤੋਂ ਵੱਧ ਨਸ਼ਿਆਂ ਖਿਲਾਫ ਜਾਗਰੂਕ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਜੇਕਰ ਤੁਹਾਡੇ ਆਸ-ਪਾਸ ਕੋਈ ਨਸ਼ਾ ਵੇਚਦਾ ਹੈ ਤਾਂ ਉਸ ਦੀ ਜਾਣਕਾਰੀ ਪੁਲਿਸ ਪ੍ਰਸ਼ਾਸਨ ਨੂੰ ਦਿੱਤੀ ਜਾਵੇ ਉਸ 'ਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ ਅਤੇ ਸੂਚਨਾਂ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਇਸ ਮੌਕੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ, ਹੋਰ ਮੋਹਤਬਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਆਦਿ ਹਾਜ਼ਰ ਸਨ।

ਹੈਰੀਟੇਜ ਵਿੱਚ ਮਿਲਾਵਟ ਮੁਕਤ ਭੋਜਨ ਸਬੰਧੀ ਜਾਗਰੂਕਤਾ ਸੈਮੀਨਾਰ

ਭਵਾਨੀਗੜ੍ਹ, 3 ਅਕਤੂਬਰ (ਹੈਪੀ ਸ਼ਰਮਾ) : ਹੈਰੀਟੇਜ ਪਬਲਿਕ ਸਕੂਲ ਭਵਾਨੀਗੜ੍ਹ ਵਿਖੇ ਵਿਦਿਆਰਥੀਆਂ ਨੂੰ ਮਿਲਾਵਟ ਮੁਕਤ, ਸੁਰੱਖਿਅਤ ਅਤੇ ਪੌਸ਼ਟਿਕ ਭੋਜਨ ਦੀ ਮਹੱਤਤਾ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਭੋਜਨ ਵਿੱਚ ਮਿਲਾਵਟ ਦੇ ਨੁਕਸਾਨਾਂ, ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਅਤੇ ਭੋਜਨ ਸੁਰੱਖਿਆ ਸਬੰਧੀ ਜਾਣਕਾਰੀ ਪ੍ਰਦਾਨ ਕਰਨਾ ਸੀ।

ਇਸ ਮੌਕੇ ਪਬਲਿਕ ਅਰਗੇਂਸਟ ਅਡਲਟਰੇਸ਼ਨ ਵੈਲਫੇਅਰ ਐਸੋਸੀਏਸ਼ਨ , ਜ਼ਿਲ੍ਹਾ ਪਟਿਆਲਾ ਦੇ ਨੁਮਾਇੰਦਿਆਂ ਨੇ ਵਿਦਿਆਰਥੀਆਂ ਨੂੰ "ਮਿਲਾਵਟ ਮੁਕਤ ਸੁਰੱਖਿਅਤ ਭੋਜਨ, ਸਿਹਤਮੰਦ ਜੀਵਨਦਾ ਸੰਦੇਸ਼ ਦਿੰਦਿਆਂ ਕਿਹਾ ਕਿ ਸੁਰੱਖਿਅਤ ਭੋਜਨ ਹਰ ਵਿਅਕਤੀ ਦਾ ਹੱਕ ਹੈ ਅਤੇ ਅਲਟਰਾ-ਪ੍ਰੋਸੈਸਡ ਭੋਜਨ ਦੀ ਵਰਤੋਂ ਘਟਾਉਣ ਅਤੇ ਸਿਹਤਮੰਦ ਤੇ ਸੰਤੁਲਿਤ ਖੁਰਾਕ ਅਪਣਾਉਣ ਲਈ ਪ੍ਰੇਰਿਤ ਕੀਤਾ ।ਸੈਮੀਨਾਰ ਦੌਰਾਨ ਵਿਦਿਆਰਥੀਆਂ ਨੇ ਵੀ ਬੜੀ ਉਤਸੁਕਤਾ ਨਾਲ ਭਾਗ ਲਿਆ। ਅਧਿਆਪਕਾ ਸ਼ਵੇਤਾ ਬਿੰਦਰਾ ਦੀ ਦੇਖ-ਰੇਖ ਹੇਠ ਵਿਦਿਆਰਥੀਆਂ ਨੇ ਮਹਿਮਾਨਾਂ ਨਾਲ ਭੋਜਨ ਵਿੱਚ ਮਿਲਾਵਟ, ਮਿਲਾਵਟੀ ਵਸਤੂਆਂ ਦੀ ਪਛਾਣ, ਸੁਰੱਖਿਅਤ ਭੋਜਨ ਦੀ ਚੋਣ ਅਤੇ ਸਿਹਤਮੰਦ ਖੁਰਾਕ ਨਾਲ ਸਬੰਧਤ ਕਈ ਮਹੱਤਵਪੂਰਨ ਸਵਾਲ-ਜਵਾਬ ਕੀਤੇ। ਸਕੂਲ ਦੀ ਪ੍ਰਿੰਸੀਪਲ ਡਾ. ਗੁਰਪ੍ਰੀਤ ਕੌਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਵਿਦਿਆਰਥੀਆਂ ਵਿ

ਭਾਸ਼ਾ ਵਿਭਾਗ ਪੰਜਾਬ ਨੇ 'ਪੰਜਾਬੋਂ ਬਾਹਰ ਸਮਾਗਮਾਂ' ਦੀ ਲੜੀ ਤਹਿਤ ਦੇਹਰਾਦੂਨ ਵਿਖੇ ਕਰਵਾਇਆ ਸਮਾਗਮ

• ਵੱਖ ਵੱਖ ਸੂਬਿਆਂ ਦੇ ਕਵੀਆਂ ਨੇ ਕੀਤੀ ਸ਼ਮੂਲੀਅਤ

ਪਟਿਆਲਾ 3 ਅਕਤੂਬਰ(ਰਾਜਿੰਦਰ ਸਿੰਘ ਥਿੰਦ) ਭਾਸ਼ਾ ਵਿਭਾਗ ਪੰਜਾਬ ਵੱਲੋਂ 'ਪੰਜਾਬੋਂ ਬਾਹਰ' ਸਮਾਗਮਾਂ ਦੀ ਲੜੀ ਤਹਿਤ ਡਾ. ਬਲਵੀਰ ਸਿੰਘ ਸਾਹਿਤ ਸਦਨ (ਪੰਜਾਬੀ ਯੂਨੀਵਰਸਿਟੀ ਕੈਂਪਸ) ਦੇਹਰਾਦੂਨ ਵਿਖੇ ਭਾਈ ਵੀਰ ਸਿੰਘ ਨੂੰ ਸਮਰਪਿਤ ਕਵੀ ਦਰਬਾਰ ਕਰਵਾਇਆ ਗਿਆ। ਜਿਸ ਦੀ ਪ੍ਰਧਾਨਗੀ ਸ਼੍ਰੋਮਣੀ ਕਵੀ ਦਰਸ਼ਨ ਬੁੱਟਰ, ਸਾਹਿਤ ਗੌਰਵ ਪ੍ਰੇਮ ਸਾਹਿਲ ਦੇਹਰਾਦੂਨ ਤੇ ਪ੍ਰੋ. ਸੁਦਰਸ਼ਨ ਗਾਸੋ ਅੰਬਾਲਾ ਨੇ ਕੀਤੀ। ਵੱਖ-ਵੱਖ ਸੂਬਿਆਂ ਤੋਂ ਪੁੱਜੇ ਕਵੀਆਂ ਨੇ ਆਪਣੀਆਂ ਰਚਨਾਵਾਂ ਰਾਹੀਂ ਕਵੀ ਦਰਬਾਰ ਨੂੰ ਬਹੁਪਰਤੀ ਬਣਾ ਦਿੱਤਾ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਜਗਦੀਪ ਸਿੰਘ, ਸ੍ਰੀ ਸਾਹਿਬ ਦੇ ਚੇਅਰਮੈਨ ਸ. ਨਰਿੰਦਰਜੀਤ ਸਿੰਘ ਬਿੰਦਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਕਵੀ ਦਰਬਾਰ ਦੀ ਸ਼ੁਰੂਆਤ ਸ਼ਾਇਰ ਡਾ. ਸੰਦੀਪ ਸ਼ਰਮਾ ਲੁਧਿਆਣਾ ਨੇ ਭਾਵਪੂਰਤ ਕਵਿਤਾ 'ਪਿਤਾ' ਨਾਲ ਕੀਤੀ। ਫਿਰ ਅਵਤਾਰਜੀਤ ਸਿੰਘ ਪਟਿਆਲਾ ਨੇ 'ਅਸੀਂ ਜੋ ਵੀ ਲਿਖਦੇ ਹਾਂ ਫ਼ਰਜ਼ ਜ਼ਰੂਰੀ ਲਈ..' ਗੀਤ ਤੁਰੰਨਮ 'ਚ ਗਾ ਕੇ ਲਿਖਾਰੀਆਂ ਨੂੰ ਆਪਣੇ ਫ਼ਰਜ਼ ਪਹਿਚਾਨਣ ਦਾ ਹਲੂਣਾ ਦਿੱਤਾ। ਬਲਵਿੰਦਰ ਸੰਧੂ ਪਟਿਆਲਾ ਨੇ 'ਦਸਵੰਧ', 'ਦਿਲਗੀਰੀ' ਤੇ 'ਅਗਨ ਜਾਂ ਜਲ' ਕਵਿਤਾ ਰਾਹੀਂ ਵੱਖ-ਵੱਖ ਵਿਸ਼ਿਆਂ ਨੂੰ ਛੂਹਿਆ। ਮਨਜੀਤ ਪੁਰੀ ਫ਼ਰੀਦਕੋਟ ਨੇ 'ਸਾਡੇ ਸਮਿਆਂ ਵਿੱਚ..' ਗਜ਼ਲ ਰਾਹੀਂ ਅਜੋਕੇ ਦੌਰ ਦੇ ਸਮਾਜਿਕ-ਰਾਜਨੀਤਿਕ ਹਾਲਾਤ 'ਤੇ ਵਿਅੰਗ ਕੀਤੇ। ਤਰਸੇਮ ਬਰਨਾਲਾ ਨੇ 'ਦੁੱਖ ਦੇ ਦਾਸ' ਰਾਹੀਂ ਤਕਨੀਕੀ ਖੋਜਾਂ ਸਦਕਾ ਬਦਲ ਰਹੇ ਸਮਾਜ ਦੀ ਤਰਾਸਦੀ ਬਿਆਨ ਕੀਤੀ। ਗੁਰਚਰਨ ਸਿੰਘ ਜੋਗੀ ਅੰਬਾਲਾ ਨੇ 'ਕੋਈ ਤਾਂ ਗੱਲ ਕਰੇ..' ਕਵਿਤਾ ਰਾਹੀਂ ਸਾਂਝੇ ਪੰਜਾਬ ਦੀ ਬਾਤ ਪਾਈ। ਸ. ਜਸਵੰਤ ਸਿੰਘ ਜ਼ਫ਼ਰ ਨੇ ਚਾਲੀ ਮੁਕਤਿਆਂ ਬਾਰੇ ਕਵਿਤਾ 'ਆਤਮਾ' ਤੇ 'ਭਾਈ ਕਨਈਆ' ਕਵਿਤਾਵਾਂ ਰਾਹੀਂ ਕੁਰਬਾਨੀ, ਸਾਂਝੀਵਾਲਤਾ ਤੇ ਭਾਈਚਾਰਕ ਸਾਂਝ ਦਾ ਸੁਨੇਹਾ ਦਿੱਤਾ। ਡਾ. ਅਜੀਤਪਾਲ ਜਟਾਣਾ ਮੋਗਾ ਨੇ ਗਜ਼ਲ 'ਗੀਤ ਫੁੱਟ ਪੈਣਗੇ' ਤੁਰੰਨਮ ਗਾ ਕੇ ਮਾਹੌਲ ਨੂੰ ਨਵੀਂ ਰੰਗਤ ਦਿੱਤੀ। ਪ੍ਰੋ. ਰਾਜੇਸ਼ ਮੋਹਨ ਫ਼ਰੀਦਕੋਟ ਨੇ 'ਅੱਖਾਂ 'ਚ ਵੇਖਿਆ ਮੈਂ..' ਗਜ਼ਲ ਤੇ ਟੱਪੇ ਤੁਰੰਨਮ 'ਚ ਗਾ ਕੇ ਮਾਹੌਲ ਨੂੰ ਸੰਗੀਤਮਈ ਬਣਾ ਦਿੱਤਾ। ਗੁਰਪ੍ਰੀਤ ਮਾਨਸਾ ਨੇ ਆਪਣੀ ਕਵਿਤਾ 'ਮਾਂ ਦਾ ਜਾਣਾ' ਰਾਹੀਂ ਮਾਹੌਲ ਨੂੰ ਕਰੁਣਾਮਈ ਬਣਾ ਦਿੱਤਾ। ਰਾਜੇਸ਼ ਅਨੰਦ ਆਸੀਰ ਦੇਹਰਾਦੂਨ ਨੇ 'ਕਰਾਰ' ਤੇ 'ਇਸ਼ਕ ਦੀ ਰਹਿਬਰੀ' ਗਜ਼ਲਾਂ ਨਾਲ ਕਵੀ ਦਰਬਾਰ ਨੂੰ ਮੁਹੱਬਤੀ ਰੰਗ ਦਿੱਤਾ। ਪ੍ਰੋ. ਗੁਰਪ੍ਰੀਤ ਕੌਰ ਅੰਬਾਲਾ ਨੇ 'ਬੋਲਣ ਦਾ ਫਾਇਦਾ ਕੀ ਹੈ..' ਤੇ 'ਮਹਾਂਨਗਰ' ਕਵਿਤਾਵਾਂ ਰਾਹੀਂ ਸ਼ਹਿਰੀਕਰਨ 'ਤੇ ਵਿਅੰਗ ਕੀਤਾ। ਅੰਬਰ ਖਰਬੰਦਾ ਨੇ 'ਜਿਸ ਵੇਲੇ ਖੁੱਲ੍ਹ ਜਾਂਦੀ ਏ ਅੱਖ..' ਗਜ਼ਲ ਨਾਲ ਹਾਜ਼ਰੀ ਲਵਾਈ। ਸੰਤੋਖ ਸੁੱਖੀ ਨੇ 'ਸੋਹਣੀ' ਕਵਿਤਾ ਰਾਹੀਂ ਹੁਸਨ ਦੇ ਵੱਖ-ਵੱਖ ਰੂਪਾਂ ਦਾ ਬਿਆਨ ਕੀਤਾ। ਦੀਪਕ ਅਰੋੜਾ ਨੇ 'ਬਾਪੂ' ਕਵਿਤਾ ਰਾਹੀਂ ਪਿਤਾ ਦੀ ਅਹਿਮੀਅਤ ਦਰਸਾਈ। ਕੁਮਾਰ ਜਗਦੇਵ ਬਰਾੜ ਨੇ 'ਬੁੱਲਿਆ' ਰਾਹੀਂ ਭਰਵੀਂ ਹਾਜ਼ਰੀ ਲਵਾਈ। ਪ੍ਰੇਮ ਸਾਹਿਲ ਦੇਹਰਾਦੂਨ ਨੇ 'ਉੱਠ ਖੋਲ੍ਹ ਬੂਹਾ ਮੁਹੱਬਤ ਆਈ ਦਰ 'ਤੇ..' ਗਜ਼ਲ ਰਾਹੀਂ ਪਿਆਰ ਦਾ ਪੈਗਾਮ ਦਿੱਤਾ। ਪ੍ਰੋ. ਸੁਦਰਸ਼ਨ ਗਾਸੋ ਨੇ 'ਰਾਜਾ ਓਹ ਹੁੰਦਾ ਹੈ..' ਨਜ਼ਮ ਰਾਹੀਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਕੁਰਬਾਨੀ ਨੂੰ ਅਕੀਦਤ ਪੇਸ਼ ਕੀਤੀ। ਦਰਸ਼ਨ ਬੁੱਟਰ ਨਾਭਾ ਨੇ ਆਪਣੀਆਂ ਕਵਿਤਾਵਾਂ 'ਪੰਜਾਬ, ਪੰਜਾਬੀ ਤੇ ਮਾਂ' ਤੇ 'ਸੰਵਾਦ' ਰਾਹੀਂ ਸਮਾਗਮ ਨੂੰ ਸਿਖ਼ਰ 'ਤੇ ਪਹੁੰਚਾ ਦਿੱਤਾ। ਮੰਚ ਸੰਚਾਲਨ ਡਾ. ਮਨਜਿੰਦਰ ਸਿੰਘ ਨੇ ਬਾਖ਼ੂਬੀ ਕੀਤਾ। ਡਾ. ਬਲਵੀਰ ਸਿੰਘ ਸਾਹਿਤ ਸਦਨ ਦੇਹਰਾਦੂਨ ਦੇ ਸਹਿਯੋਗ ਨਾਲ ਕਰਵਾਏ ਇਸ ਕਵੀ ਦਰਬਾਰ ਦੇ ਅਖ਼ੀਰ ਵਿੱਚ ਭਾਸ਼ਾ ਵਿਭਾਗ ਵੱਲੋਂ ਸਾਰੇ ਕਵੀਆਂ ਨੂੰ ਵਿਭਾਗੀ ਸ਼ਾਲਾਂ ਨਾਲ ਸਨਮਾਨਿਤ ਕੀਤਾ। ਇਸ ਮੌਕੇ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਖੋਜ ਅਫ਼ਸਰ ਹਰਪ੍ਰੀਤ ਸਿੰਘ, ਸਾਹਿਤ ਕੇਂਦਰ ਦੇ ਇੰਚਾਰਜ਼ ਡਾ. ਕੁਲਵਿੰਦਰ ਸਿੰਘ ਸਮੇਤ ਵੱਡੀ ਗਿਣਤੀ 'ਚ ਸਰੋਤੇ ਹਾਜ਼ਰ ਸਨ

ਸਨੌਰ ਮੰਡੀ ਵਿੱਚ ਰਾਕੇਸ਼ ਬੱਗਾ ਨੇ ਝੋਨੇ ਦੀ ਖਰੀਦ ਦਾ ਲਿਆ ਜਾਇਜਾ

ਸਨੌਰ, 3 ਅਕਤੂਬਰ :- (ਰਾਜਿੰਦਰ ਸਿੰਘ ਥਿੰਦ)ਹਲਕਾ ਸਨੌਰ ਤੋਂ ਅਜ਼ਾਦ ਉਮੀਦਵਾਰ ਰਾਕੇਸ਼ ਬੱਗਾ ਨੇ ਸਨੌਰ ਦੀ ਦਾਣਾ ਮੰਡੀ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਮੰਡੀ ਵਿੱਚ ਮੌਜੂਦ ਕਿਸਾਨ ਯੂਨੀਅਨ ਆਗੂ,ਜਸਵਿੰਦਰ ਸਿੰਘ ਮੋਹਣੀ ਭਾਂਖਰ,ਨਾਲ ਮੁਲਾਕਾਤ ਕਰਕੇ ਕਿਸਾਨਾਂ ਦਾ ਹਾਲ-ਚਾਲ ਜਾਣਿਆ ਅਤੇ ਕਿਸਾਨਾਂ ਨਾਲ ਫਸਲ ਦੀ ਆਮਦ, ਖਰੀਦ, ਭੁਗਤਾਨ ਅਤੇ ਹੋਰ ਮੰਡੀ ਨਾਲ ਜੁੜੇ ਮੁੱਦਿਆਂ ਬਾਰੇ ਖਾਸ ਗੱਲਬਾਤ ਕੀਤੀ।ਮੰਡੀ ਦੌਰੇ ਦੌਰਾਨ ਰਾਕੇਸ਼ ਬੱਗਾ ਤੇ ਸਤਪਾਲ ਸਿੰਘ ਖ਼ਾਨਪੁਰ ਨੇ ਕਿਸਾਨਾਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਤੋਂ ਮੰਡੀ ਵਿੱਚ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਲਈ। ਕਿਸਾਨਾਂ ਨੇ ਆਪਣੀਆਂ ਸਮੱਸਿਆਵਾਂ ਅਤੇ ਲੋੜਾਂ ਸਬੰਧੀ ਗੱਲਬਾਤ ਕਰਦਿਆਂ ਮੰਡੀ ਪ੍ਰਬੰਧਾਂ ਨਾਲ ਜੁੜੇ ਵੱਖ-ਵੱਖ ਮੁੱਦੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ।ਰਾਕੇਸ਼ ਬੱਗਾ ਨੇ ਕਿਹਾ ਕਿ ਕਿਸਾਨ ਦੇਸ਼ ਦੀ ਅਰਥਵਿਵਸਥਾ ਅਤੇ ਖੇਤੀਬਾੜੀ ਪ੍ਰਣਾਲੀ ਦੀ ਅਹਿਮ ਕੜੀ ਹਨ। ਇਸ ਲਈ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਨਾ ਅਤੇ ਉਨ੍ਹਾਂ ਨਾਲ ਸਿੱਧਾ ਸੰਵਾਦ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮੰਡੀ ਵਿੱਚ ਕਿਸਾਨਾਂ ਨੂੰ ਆਪਣੀ ਫਸਲ ਲੈ ਕੇ ਆਉਣ ਸਮੇਂ ਕਿਸੇ ਕਿਸਮ ਦੀ ਬੇਲੋੜੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਚੱਲੇ, ਇਸ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਹੈ।ਉਨ੍ਹਾਂ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਵੱਲੋਂ ਦੱਸੀਆਂ ਗਈਆਂ ਸਮੱਸਿਆਵਾਂ ਅਤੇ ਲੋੜਾਂ ਸਬੰਧੀ ਪੱਧਰ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾਣਗੇ। ਮੌਕੇ ਤੇ ਹਾਜ਼ਰ ਕਿਸਾਨ ਗੁਰਤੇਜ ਸਿੰਘ, ਪ੍ਰੀਤ ਸੱਬੀ, ਸੁਨੀਲ, ਸੁਖਜਿੰਦਰ ਸਿੰਘ, ਜਸਪਾਲ ਸਿੰਘ, ਸੋਨੂੰ ਜਗਜੀਤ ਸਿੰਘ, ਕਰਨੈਲ ਸਿੰਘ, ਮੇਜ਼ਰ ਸਿੰਘ, ਕਰਨਵੀਰ ਸਿੰਘ, ਬਲਵਿੰਦਰ ਸਿੰਘ ਹੋਣਾ ਨੇ ਰਾਕੇਸ਼ ਬੱਗਾ ਤੇ ਭਰੋਸਾ ਜਤਾਇਆ ਅਤੇ ਸਾਥ ਦੇਣਾ ਦਾ ਵਾਧਾ ਵੀ ਕੀਤਾ

ਪੈਂਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਸਰਦੂਲਗੜ੍ਹ ਵਿਖੇ ਮੀਟਿੰਗ, 10 ਅਕਤੂਬਰ ਨੂੰ ਵੱਡੇ ਸੰਘਰਸ਼ ਦਾ ਐਲਾਨ

ਸਰਦੂਲਗੜ੍ਹ, 3 ਅਕਤੂਬਰ (ਧਰਮ ਚੰਦ ਸਿੰਗਲਾ) ਸਰਕਾਰੀ ਪੈਂਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਬਲਾਕ ਸਰਦੂਲਗੜ੍ਹ ਦੀ ਅਹਿਮ ਮੀਟਿੰਗ ਪ੍ਰਧਾਨ ਬਾਬੂ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਕਰੀਬ 25 ਪੈਂਸ਼ਨਰਾਂ ਨੇ ਸ਼ਮੂਲੀਅਤ ਕਰਦਿਆਂ ਆਪਣੀਆਂ ਲਟਕਦੀਆਂ ਮੰਗਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ।ਇਸ ਮੌਕੇ ਬੁਲਾਰਿਆਂ ਨੇ ਪੰਜਾਬ ਸਰਕਾਰ ਵੱਲੋਂ ਪੈਂਸ਼ਨਰਾਂ ਦੀਆਂ ਮੰਗਾਂ ਪ੍ਰਤੀ ਅਣਗਹਿਲੀ 'ਤੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਨੂੰ ਹੱਕੀ ਮੰਗਾਂ ਦਾ ਬਿਨਾਂ ਦੇਰੀ ਨਿਪਟਾਰਾ ਕਰਨਾ ਚਾਹੀਦਾ ਹੈ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 10 ਅਕਤੂਬਰ ਨੂੰ ਸੰਗਰੂਰ ਵਿਖੇ ਮਹਾਂਰੈਲੀ @ਚ ਆਪਣੇ ਸਾਥੀਆਂ ਨੂੰ ਲੇਕੇ, ਵੱਡੇ ਇਕੱਠ ਦੇ ਰੂਪ ਵਿਚ ਸਮੂਲੀਅਤ ਕਰਨਗੇ ਅਤੇ ਅਗਲੇ ਸੰਘਰਸ਼ ਦੀ ਰੂਪ-ਰੇਖਾ ਤੈਅ ਕੀਤੀ ਜਾਵੇਗੀ। ਪੈਂਸ਼ਨਰਾਂ ਨੇ ਕਿਹਾ ਕਿ ਮੰਗਾਂ ਦੀ ਪੂਰਤੀ ਲਈ ਸਰਕਾਰ ਤੱਕ ਆਪਣੀ ਆਵਾਜ਼ ਪਹੁੰਚਾਉਣ ਲਈ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਸੱਤਪਾਲ ਤਾਇਲ, ਮਾਸਟਰ ਦੇਵੀ ਲਾਲ, ਚਮਨ ਲਾਲ, ਦਾਨਾ ਸਿੰਘ, ਸੁਰਿੰਦਰ ਸਿੰਘ ਪਟਵਾਰੀ, ਰਾਮ ਗੋਪਾਲ, ਓਮ ਪ੍ਰਕਾਸ ਸਮੇਤ ਹੋਰ ਪੈਂਸ਼ਨਰ ਹਾਜ਼ਰ ਸਨ।

ਕਾਂਗਰਸੀ ਆਗੂ ਨਿਰਮਲ ਭੱਟੀਆਂ ਵੱਲੋਂ ਝੋਨੇ ਦੀ ਖਰੀਦ ਦਾ ਲਿਆ ਜਾਇਜ਼ਾ

ਸਨੌਰ, 3 ਅਕਤੂਬਰ (ਰਾਜਿੰਦਰ ਸਿੰਘ ਥਿੰਦ) ਅਨਾਜ ਮੰਡੀ ਸਨੌਰ ਵਿੱਚ ਝੋਨੇ ਦੀ ਚੱਲ ਰਹੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਣ ਲਈ ਟਕਸਾਲੀ ਕਾਂਗਰਸੀ ਆਗੂ ਅਤੇ ਸਾਬਕਾ ਚੇਅਰਮੈਨ ਨਿਰਮਲ ਸਿੰਘ ਭੱਟੀਆ ਵੱਲੋਂ ਆਪਣੇ ਸਾਥੀਆਂ ਸਮੇਤ ਮੰਡੀ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਮੰਡੀ ਵਿੱਚ ਝੋਨੇ ਦੀ ਆਮਦ, ਖਰੀਦ ਪ੍ਰਬੰਧਾਂ ਅਤੇ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਸਬੰਧੀ ਜਾਣਕਾਰੀ ਹਾਸਲ ਕੀਤੀ।ਮੰਡੀ ਦੌਰੇ ਦੌਰਾਨ ਨਿਰਮਲ ਸਿੰਘ ਭੱਟੀਆ ਨੇ ਕਿਸਾਨਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ। ਕਿਸਾਨਾਂ ਨੇ ਝੋਨੇ ਦੀ ਖਰੀਦ, ਫ਼ਸਲ ਦੀ ਤੋਲ, ਲਿਫਟਿੰਗ ਅਤੇ ਮੰਡੀ ਨਾਲ ਸਬੰਧਤ ਹੋਰ ਮਾਮਲਿਆਂ ਬਾਰੇ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਉਨ੍ਹਾਂ ਨਾਲ ਸਾਂਝੇ ਕੀਤੇ। ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਮੁਸ਼ਕਿਲਾਂ ਨੂੰ ਸਬੰਧਤ ਪੱਧਰ 'ਤੇ ਉਠਾਇਆ ਜਾਵੇਗਾ। ਇਸ ਮੌਕੇ ਉਨ੍ਹਾਂ ਨੇ ਮੰਡੀ ਵਿੱਚ ਆੜ੍ਹਤੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਝੋਨੇ ਦੀ ਖਰੀਦ ਸਬੰਧੀ ਚੱਲ ਰਹੀ ਪ੍ਰਕਿਰਿਆ ਬਾਰੇ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਝੋਨੇ ਦੀ ਫ਼ਸਲ ਪੰਜਾਬ ਦੇ ਕਿਸਾਨਾਂ ਲਈ ਬਹੁਤ ਮਹੱਤਵਪੂਰਨ ਹੈ ਅਤੇ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਮੰਡੀ ਵਿੱਚ ਫ਼ਸਲ ਦੀ ਸਮੇਂ ਸਿਰ ਖਰੀਦ ਅਤੇ ਲਿਫਟਿੰਗ ਨੂੰ ਯਕੀਨੀ ਬਣਾਉਣਾ ਜ਼ਰੂਰੀ ਹੈ ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਲੰਮਾ ਇੰਤਜ਼ਾਰ ਨਾ ਕਰਨਾ ਪਵੇ। ਇਸ ਦੌਰਾਨ ਨਿਰਮਲ ਸਿੰਘ ਭੱਟੀਆ ਨੇ ਪੰਜਾਬ ਦੀ ਆਰਥਿਕ ਸਥਿਤੀ ਨੂੰ ਲੈ ਕੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਸਿਆਸੀ ਨਿਸ਼ਾਨਾ ਸਾਧਿਆ। ਉਨ੍ਹਾਂ ਦੋਸ਼ ਲਗਾਇਆ ਕਿ ਮੌਜੂਦਾ ਸਰਕਾਰ ਦੀਆਂ ਨੀਤੀਆਂ ਕਾਰਨ ਪੰਜਾਬ ਸਿਰ ਕਰਜ਼ੇ ਦਾ ਬੋਝ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਕਿਸਾਨਾਂ, ਵਪਾਰੀਆਂ ਅਤੇ ਆਮ ਲੋਕਾਂ ਦੇ ਹਿੱਤਾਂ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਨੀਤੀਆਂ ਪੰਜਾਬ ਦੇ ਵਿਕਾਸ ਅਤੇ ਖੁਸ਼ਹਾਲੀ ਨਾਲ ਜੁੜੀਆਂ ਰਹੀਆਂ ਹਨ ਅਤੇ ਪੰਜਾਬ ਨੂੰ ਮੁੜ 'ਸੋਨੇ ਦੀ ਚਿੜੀ' ਬਣਾਉਣ ਲਈ ਕਾਂਗਰਸ ਹੀ ਸਮਰੱਥ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਾਰਟੀ ਵੱਲੋਂ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਆਪਣੀ ਆਵਾਜ਼ ਹੋਰ ਮਜ਼ਬੂਤੀ ਨਾਲ ਬੁਲੰਦ ਕੀਤੀ ਜਾਵੇਗੀ। ਇਸ ਮੌਕੇ ਰਘਬੀਰ ਚੰਦ ਵਾਲੀਆ, ਸਚਿਨ ਤਾਇਲ , ਓਮ ਪ੍ਰਕਾਸ਼, ਨਰਿੰਦਰ ਸਿੰਘ ਸਾਬਕਾ ਪ੍ਰਧਾਨ, ਪਾਰਸ, ਅਜੈ ਗੁਪਤਾ, ਰਜਤ ਕਪੂਰ ਪ੍ਰਧਾਨ, ਰਾਜ ਕਪੂਰ ਚੇਅਰਮੈਨ, ਕੁਲਦੀਪ ਕਾਲਾ ਸਾਬਕਾ ਐੱਮ.ਸੀ. ਸਨੌਰ, ਤੁਸ਼ਾਰ, ਗੁਰਨਾਮ ਸਿੰਘ ਸਨੌਰ ਜਨਰਲ ਸਕੱਤਰ, ਰਾਮ ਸਿੰਘ ਵਾਲੀਆ, ਟੋਨੀ ਲਲੀਨਾ, ਗੁਰਜੰਟ ਸਿੰਘ ਸਾਬਕਾ ਸਰਪੰਚ ਅਸਰਪੁਰ, ਈਸ਼ਰ ਸਿੰਘ, ਰਾਜਵਿੰਦਰ ਸਿੰਘ ਸਨੌਰ ਅਤੇ ਸੁਭਾਸ਼ ਗੋਇਲ ਤੇ ਹੋਰ

ਮਾਨ ਦੇ ਮੁਨਾਫ਼ੇ ਮੁਹਿੰਮ ਤਹਿਤ ਵਿਧਾਇਕ ਕੋਹਲੀ ਨੇ ਵਾਰਡ ਨੰਬਰ 52 ਵਿਖੇ ਕੀਤੀ ਡੋਰ-ਟੂ-ਡੋਰ ਮੁਲਾਕਾਤ

ਮਾਨ ਸਰਕਾਰ ਦੀਆਂ ਲੋਕ-ਭਲਾਈ ਨੀਤੀਆਂ 'ਤੇ ਪਿੰਡ ਅਤੇ ਸ਼ਹਿਰ ਵਾਸੀਆਂ ਨੇ ਜਤਾਇਆ ਅਟੁੱਟ ਵਿਸ਼ਵਾਸ

ਪਟਿਆਲਾ 3ਅਕਤੂਬਰ(:ਰਾਜਿੰਦਰ ਸਿੰਘ ਥਿੰਦ) ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਪਰਿਵਾਰਾਂ ਦੀ ਆਰਥਿਕ ਮਜ਼ਬੂਤੀ ਲਈ ਚਲਾਈ ਗਈ ਇਤਿਹਾਸਕ @ਮਾਨ ਦੇ ਮੁਨਾਫ਼ੇ@ ਮੁਹਿੰਮ ਤਹਿਤ ਅੱਜ ਵਾਰਡ ਨੰਬਰ 52 ਵਿਖੇ ਪਟਿਆਲਾ ਸ਼ਹਿਰੀ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਜ਼ੋਰਦਾਰ ਡੋਰ-ਟੂ-ਡੋਰ ਰਾਬਤਾ ਮੁਹਿੰਮ ਚਲਾਈ ਗਈ। ਓਹਨਾ ਨੇ ਖ਼ੁਦ ਸ਼ਹਿਰ ਦੀਆਂ ਗਲੀਆਂ ਅਤੇ ਘਰਾਂ ਵਿੱਚ ਜਾ ਕੇ ਪਰਿਵਾਰਾਂ ਨਾਲ ਸਿੱਧੀ ਗੱਲਬਾਤ ਕੀਤੀ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਮੁਲਾਕਾਤ ਦੌਰਾਨ ਕੋਹਲੀ ਨੇ ਸ਼ਹਿਰ ਵਾਸੀਆਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮਾਨ ਸਰਕਾਰ ਵੱਲੋਂ ਜ਼ੀਰੋ ਬਿਜਲੀ ਬਿੱਲ, ਮਹਿਲਾਵਾਂ ਲਈ ਮੁਫ਼ਤ ਬੱਸ ਸਫ਼ਰ, ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਦਵਾਈਆਂ ਤੇ ਟੈਸਟ, ਸਰਕਾਰੀ ਸਕੂਲਾਂ @ਚ ਮੁਫ਼ਤ ਪੜ੍ਹਾਈ ਅਤੇ ਮੁਫ਼ਤ ਤੀਰਥ ਯਾਤਰਾ